ਵੀਰਵਾਰ, 12 ਜੂਨ, 2025
30 ਜੇਠ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 11

ਰੋਜ਼ਾਨਾ
ਨਵਾਂ ਜ਼ਮਾਨਾ

DAILY NAWAN ZAMANA • THURSDAY, 12 JUNE, 2025
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ | Regd. No : L-4/Pb-JL-0023/2024-26, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

ਇਮੀਗ੍ਰੇਸ਼ਨ ਛਾਪਿਆਂ ਖਿਲਾਫ਼

12 ਸੂਬਿਆਂ ਦੇ 25 ਸ਼ਹਿਰਾਂ 'ਚ ਵਿਰੋਧ ਪ੍ਰਦਰਸ਼ਨ

ਕੈਲੀਫੋਰਨੀਆ : ਅਮਰੀਕਾ ਦੇ ਲਾਸ ਏਂਜਲਸ 'ਚ 5 ਦਿਨਾਂ ਤੋਂ ਜਾਰੀ ਪ੍ਰਦਰਸ਼ਨ ਕਾਰਨ ਸ਼ਾਮ 6 ਵਜੇ ਤੋਂ ਬਾਅਦ ਕਰਫਿਊ ਲਾ ਦਿੱਤਾ ਗਿਆ। ਲਾਸ ਏਂਜਲਸ ਦੀ ਮੇਅਰ ਕੈਰਨ ਬੈਸ ਨੇ ਐਮਰਜੈਂਸੀ ਦਾ ਐਲਾਨ ਕੀਤਾ ਹੈ। ਨਿਊ ਯਾਰਕ ਟਾਇਮਜ਼ ਮੁਤਾਬਿਕ ਗੈਰ-ਕਾਨੂੰਨੀ ਪ੍ਰਵਾਸੀਆਂ ਨੂੰ ਬਾਹਰ ਕੱਢਣ ਦੇ ਫੈਸਲੇ ਖਿਲਾਫ਼ ਹੋ ਰਹੇ ਪ੍ਰਦਰਸ਼ਨ ਅਮਰੀਕਾ ਦੇ 12 ਸੂਬਿਆਂ ਦੇ 25 ਸ਼ਹਿਰਾਂ ਤੱਕ ਫੈਲ ਚੁੱਕੇ ਹਨ। ਸਾਨ ਫਰਾਂਸਿਸਕੋ, ਡਲਾਸ, ਆਸਟਿਨ, ਟੈਕਸਾਸ ਅਤੇ ਨਿਊ ਯਾਰਕ ਵਰਗੇ ਸ਼ਹਿਰਾਂ 'ਚ ਵੀ ਪ੍ਰਦਰਸ਼ਨ ਹੋ ਰਹੇ ਹਨ। ਹਾਲਾਤ 'ਤੇ ਕਾਬੂ ਪਾਉਣ ਲਈ ਟਰੰਪ ਨੇ ਲਾਸ ਏਂਜਲਸ 'ਚ 4 ਹਜ਼ਾਰ ਨੈਸ਼ਨਲ ਗਾਰਡ ਤੋਂ ਇਲਾਵਾ 700 ਮਰੀਨ ਕਮਾਂਡੋ ਨੂੰ ਵੀ ਤਾਇਨਾਤ ਕਰ ਦਿੱਤਾ ਹੈ। ਉਨ੍ਹਾ ਕਿਹਾ ਕਿ ਹਾਲਾਤ ਖਰਾਬ ਹੋ ਰਹੇ ਹਨ। ਜ਼ਰੂਰਤ ਪੈਣ 'ਤੇ ਉਹ ਪੂਰੀ ਤਾਕਤ ਨਾਲ ਨਜਿੱਠਣਗੇ। ਮੰਗਲਵਾਰ ਲਾਸ ਏਂਜਲਸ ਪੁਲਸ ਨੇ ਕਰੀਬ 1100 ਤੋਂ ਜ਼ਿਆਦਾ ਪ੍ਰਦਰਸ਼ਨਕਾਰੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਟਰੰਪ ਨੇ ਚੇਤਾਵਨੀ ਦਿੱਤੀ ਹੈ ਕਿ ਜੇਕਰ ਹਿੰਸਾ ਜਾਰੀ ਰਹਿੰਦੀ ਹੈ ਤਾਂ ਉਹ ਪੂਰੇ ਸ਼ਹਿਰ 'ਚ

ਵਿਦਰੋਹ ਕਾਨੂੰਨ ਲਾਗੂ ਕਰ ਸਕਦੇ ਹਨ। ਇਹ ਕਾਨੂੰਨ ਸਰਕਾਰ ਨੂੰ ਹਿੰਸਾ ਰੋਕਣ ਲਈ ਫੌਜੀ ਬਲ ਦਾ ਇਸਤੇਮਾਲ ਕਰਨ ਦੀ ਇਜਾਜ਼ਤ ਦਿੰਦਾ ਹੈ।

ਅਮਰੀਕੀ ਰਾਸ਼ਟਰਪਤੀ ਨੇ 14 ਜੂਨ ਨੂੰ ਵਾਸ਼ਿੰਗਟਨ ਡੀ ਸੀ 'ਚ ਹੋਣ ਵਾਲੀ ਆਰਮੀ ਪਰੇਡ ਦੌਰਾਨ ਪ੍ਰਦਰਸ਼ਨ ਨੂੰ ਲੈ ਕੇ ਵੀ ਚੇਤਾਵਨੀ ਦਿੱਤੀ ਹੈ। ਉਨ੍ਹਾ ਕਿਹਾ ਕਿ ਜੇਕਰ ਕੋਈ ਪ੍ਰਦਰਸ਼ਨ ਕਰਦਾ ਹੈ ਤਾਂ ਉਸ ਨੂੰ ਫੌਜ ਦੇ ਵਿਰੋਧ ਦਾ ਸਾਹਮਣਾ ਕਰਨਾ ਪੈ ਸਕਦਾ ਹੈ। 14 ਜੂਨ ਨੂੰ ਅਮਰੀਕੀ ਫੌਜ ਦੀ 250ਵੀਂ ਵਰ੍ਹੇਗੰਢ ਹੈ ਅਤੇ ਟਰੰਪ ਦਾ 79ਵਾਂ ਜਨਮ ਦਿਨ ਵੀ ਹੈ। ਇਸ ਹਿੰਸਾ 'ਚ ਹੁਣ ਤੱਕ 2 ਲੋਕਾਂ ਦੀ ਮੌਤ ਹੋ ਚੁੱਕੀ ਹੈ। ਇਹ ਹਿੰਸਕ ਪ੍ਰਦਰਸ਼ਨ ਗੈਰ-ਕਾਨੂੰਨੀ ਪ੍ਰਵਾਸੀਆਂ ਨੂੰ ਬਾਹਰ ਕੱਢਣ ਦੇ ਫੈਸਲੇ ਖਿਲਾਫ਼ ਹੋ ਰਹੇ ਹਨ।

ਅਸਲ 'ਚ ਲਾਸ ਏਂਜਲਸ ਸ਼ਹਿਰ 'ਚ ਇਮੀਗ੍ਰੇਸ਼ਨ ਅਤੇ ਸੀਮਾ ਟੈਕਸ ਖਿਲਾਫ਼ ਹਿੰਸਕ ਵਿਰੋਧ ਪ੍ਰਦਰਸ਼ਨ ਜਾਰੀ ਹੈ। ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਅਧਿਕਾਰੀ ਦਾਅਵਾ ਕਰ ਰਹੇ ਹਨ ਕਿ ਇਸ ਸ਼ਹਿਰ 'ਚ ਦੂਜੇ ਦੇਸ਼ਾਂ (ਖਾਸ ਕਰਕੇ ਲਤੀਨੀ ਅਮਰੀਕਾ) ਤੋਂ ਆਏ ਕਈ ਗੈਰ-ਕਾਨੂੰਨੀ ਪ੍ਰਵਾਸੀ ਰਹਿ ਰਹੇ ਹਨ ਅਤੇ ਹੁਣ ਉਨ੍ਹਾਂ ਨੂੰ ਕੱਢਣ ਦੀ ਤਿਆਰੀ ਹੈ।

ਰਿਪੋਰਟ ਅਨੁਸਾਰ ਟੈਕਸਾਸ, ਨਿਊ ਯਾਰਕ, ਸਾਨ ਫਰਾਂਸਿਸਕੋ, ਸੈਂਟਾ ਏਨਾ, ਫਿਲਾਡੇਲਫੀਆ, ਐਟਲਾਂਟਾ, ਸ਼ਿਕਾਗੋ, ਵਾਸ਼ਿੰਗਟਨ ਡੀ ਸੀ, ਬੋਸਟਨ ਅਤੇ ਸਿਆਟਲ 'ਚ ਪ੍ਰਦਰਸ਼ਨ ਹੋਏ ਅਤੇ ਦਰਜਨਾਂ ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਇਨ੍ਹਾਂ ਸਾਰੇ ਸਥਾਨਾਂ 'ਤੇ ਇਮੀਗ੍ਰੇਸ਼ਨ ਦਫ਼ਤਰਾਂ ਦੇ ਬਾਹਰ ਪ੍ਰਦਰਸ਼ਨ ਹੋਏ। ਸਿਆਟਲ 'ਚ ਕਰੀਬ 50 ਲੋਕਾਂ ਨੇ ਇਮੀਗ੍ਰੇਸ਼ਨ ਨੂੰ ਮੋਟਰਸਾਈਕਲਾਂ ਅਤੇ ਈ-ਸਕੂਟਰਾਂ ਨਾਲ ਬਲਾਕ ਕਰ ਦਿੱਤਾ। ਵਾਸ਼ਿੰਗਟਨ ਡੀ ਸੀ 'ਚ ਟਰੇਡ ਯੂਨੀਅਨਾਂ ਦੇ ਮੈਂਬਰਾਂ ਨੇ ਨਿਆਂ ਵਿਭਾਗ ਦੀ ਇਮਾਰਤ ਦੇ ਸਾਹਮਣੇ ਰੋਸ ਮਾਰਚ ਕੱਢਿਆ। ਸ਼ਿਕਾਗੋ 'ਚ ਹਜ਼ਾਰਾਂ ਲੋਕਾਂ ਨੇ ਡਾਊਨ ਟਾਊਨ 'ਚ ਪ੍ਰਦਰਸ਼ਨ ਕੀਤਾ। ਇਹ ਵਿਰੋਧ ਪ੍ਰਦਰਸ਼ਨ ਉਦੋਂ ਭੜਕਿਆ, ਜਦ ਲਾਤੀਨੀ ਆਬਾਦੀ ਵਾਲੇ ਇੱਕ ਇਲਾਕੇ 'ਚ ਵੱਡੀ ਪੱਧਰ 'ਤੇ ਗੈਰ-ਕਾਨੂੰਨੀ ਪ੍ਰਵਾਸੀਆਂ ਨੂੰ ਇਮੀਗ੍ਰੇਸ਼ਨ ਅਧਿਕਾਰੀਆਂ ਨੇ ਛਾਪਾ ਮਾਰ ਕੇ ਗ੍ਰਿਫ਼ਤਾਰ ਕਰ ਲਿਆ। ਇਸ ਤੋਂ ਬਾਅਦ ਵਿਰੋਧ ਪ੍ਰਦਰਸ਼ਨ ਹਿੰਸਕ ਹੋ ਗਿਆ ਅਤੇ ਲਾਸ ਏਂਜਲਸ ਤੋਂ ਇਲਾਵਾ ਕਈ ਸ਼ਹਿਰਾਂ 'ਚ ਵਿਰੋਧ ਪ੍ਰਦਰਸ਼ਨ ਤੇ ਰੈਲੀਆਂ ਸ਼ੁਰੂ ਹੋ ਗਈਆਂ।

ਸੀ ਪੀ ਆਈ ਹਰਿਆਣਾ ਦੀ ਸੂਬਾ ਕਾਨਫਰੰਸ ਸਫਲਤਾਪੂਰਵਕ ਸਮਾਪਤ

ਸਮਰਾਮ ਨੂੰ ਸੰਬੋਧਨ ਕਰਦੇ ਹੋਏ ਬੰਤ ਸਿੰਘ ਬਰਾੜ।

ਸ਼ਾਹਕੋਟ (ਗਿਆਨ ਸੈਦਪੁਰੀ)

ਹਰਿਆਣਾ ਦੇ ਯਮੁਨਾਨਗਰ ਸ਼ਹਿਰ ਵਿੱਚ ਸਥਿਤ ਮਾਡਲ ਟਾਊਨ ਦੇ ਕਮਿਊਨਿਟੀ ਸੈਂਟਰ ਵਿੱਚ ਭਾਰਤੀ ਕਮਿਊਨਿਸਟ ਪਾਰਟੀ ਦੀ ਸੂਬਾ ਇਕਾਈ ਦਾ 18ਵਾਂ ਸੂਬਾਈ ਸਮਾਗਮ ਸਫਲਤਾਪੂਰਵਕ ਸਮਾਪਤ ਹੋਇਆ। ਇਸ ਤਿੰਨ ਦਿਨਾ ਸਮਾਗਮ ਵਿੱਚ ਪ੍ਰਦੇਸ਼ ਵਿੱਚੋਂ ਲਗਭਗ ਇਕ ਸੌ ਨੁਮਾਇੰਦੇ ਸ਼ਾਮਲ ਹੋਏ।

ਸਮਾਗਮ ਦਾ ਆਰੰਭ ਸੀ ਪੀ ਆਈ ਦੇ ਪ੍ਰਦੇਸ਼ ਕੰਟਰੋਲ ਕਮਿਸ਼ਨ ਦੇ ਚੇਅਰਮੈਨ ਸੁਵਰਨ ਸਿੰਘ ਵਿਰਕ ਅਤੇ ਉੱਘੇ ਮੁਲਾਜ਼ਮ ਆਗੂ ਕੁਲਵੰਤ ਸਿੰਘ ਨੇ ਝੰਡਾ ਲਹਿਰਾ ਕੇ ਕੀਤਾ। ਸਮਾਗਮ ਦੀ ਪ੍ਰਧਾਨਗੀ ਧਰਮਪਾਲ ਸਿੰਘ ਚੌਹਾਨ, ਆਰ ਐੱਨ ਸਿੰਘ, ਜਸਵਿੰਦਰ ਬਖਸ਼ੀ, ਡਾ. ਸੁਖਦੇਵ ਸਿੰਘ ਜੰਮੂ ਅਤੇ ਪਵਨ ਕੁਮਾਰ ਸ਼ੈਟੀ ਨੇ ਸਾਂਝੇ ਤੌਰ 'ਤੇ ਕੀਤੀ। ਸਮਾਗਮ ਦੇ ਸ਼ੁਰੂ ਵਿੱਚ ਉੱਘੇ ਕਿਸਾਨ ਆਗੂ ਅਤੁਲ ਕੁਮਾਰ ਅਨਜਾਨ, ਕੇਰਲ ਪਾਰਟੀ ਦੇ ਸੂਬਾ ਸਕੱਤਰ ਕਾਨਮ ਰਜੇਂਦਰਨ, ਸੀ ਪੀ ਆਈ (ਐੱਮ) ਦੇ ਜਨਰਲ ਸਕੱਤਰ ਸੀਤਾ ਰਾਮ ਯੇਚੁਰੀ ਆਦਿ ਨੂੰ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ ਗਈ।

ਸੀ ਪੀ ਆਈ ਦੇ ਕੌਮੀ ਸਕੱਤਰ ਅਮਰਜੀਤ ਕੌਰ ਨੇ ਉਦਘਾਟਨੀ ਤਕਰੀਰ ਵਿੱਚ ਦੇਸ਼ ਦੇ ਸਮੁੱਚੇ ਹਾਲਾਤ ਦਾ ਵਿਸਥਾਰ ਨਾਲ ਵਰਣਨ ਕੀਤਾ। ਉਹਨਾ ਕਿਹਾ ਕਿ ਇਹਨਾਂ ਬਦਤਰ ਹਾਲਾਤ ਵਿੱਚ ਇੱਕ ਵਿਆਪਕ ਅੰਦੋਲਨ ਖੜਾ ਕਰਨਾ ਹੋਵੇਗਾ ਅਤੇ ਦੇਸ਼ ਦੀਆਂ ਖੱਬੀਆਂ ਧਿਰਾਂ ਨੂੰ ਇੱਕ ਮੰਚ 'ਤੇ ਇਕੱਠਾ ਕਰਨ • ਬਾਕੀ ਸਫਾ 2 'ਤੇ

ਦਿਗਵਿਜੇ ਦਾ ਭਰਾ ਕਾਂਗਰਸ 'ਚੋਂ 6 ਸਾਲ ਲਈ ਮੁਅੱਤਲ

ਨਵੀਂ ਦਿੱਲੀ : ਕਾਂਗਰਸ ਨੇ ਬੁੱਧਵਾਰ ਮੱਧ ਪ੍ਰਦੇਸ਼ ਦੇ ਸਾਬਕਾ ਵਿਧਾਇਕ ਲਕਸ਼ਮਣ ਸਿੰਘ ਨੂੰ ਪਾਰਟੀ ਵਿਰੋਧੀ ਗਤੀਵਿਧੀਆਂ ਲਈ ਛੇ ਸਾਲਾਂ ਲਈ ਪਾਰਟੀ ਦੀ ਮੁੱਢਲੀ ਮੈਂਬਰਸ਼ਿਪ ਤੋਂ ਮੁਅੱਤਲ ਕਰ ਦਿੱਤਾ ਹੈ। ਲਕਸ਼ਮਣ ਸਿੰਘ ਸੀਨੀਅਰ ਕਾਂਗਰਸ ਨੇਤਾ ਅਤੇ ਮੱਧ ਪ੍ਰਦੇਸ਼ ਦੇ ਸਾਬਕਾ ਮੁੱਖ ਮੰਤਰੀ ਦਿਗਵਿਜੇ ਸਿੰਘ ਦੇ ਭਰਾ ਹਨ। ਕਾਂਗਰਸ ਦੀ ਅਨੁਸ਼ਾਸਨੀ ਕਾਰਵਾਈ ਕਮੇਟੀ ਦੇ ਮੈਂਬਰ ਸਕੱਤਰ ਤਾਰਿਕ ਅਨਵਰ ਨੇ ਇੱਕ ਬਿਆਨ ਵਿੱਚ ਕਿਹਾ—ਕਾਂਗਰਸ ਪ੍ਰਧਾਨ ਨੇ ਮੱਧ ਪ੍ਰਦੇਸ਼ ਦੇ ਸਾਬਕਾ ਵਿਧਾਇਕ ਲਕਸ਼ਮਣ ਸਿੰਘ ਨੂੰ ਉਨ੍ਹਾ ਦੀਆਂ ਪਾਰਟੀ ਵਿਰੋਧੀ ਗਤੀਵਿਧੀਆਂ ਦੇ ਕਾਰਨ ਤੁਰੰਤ ਛੇ ਸਾਲਾਂ ਲਈ ਇੰਡੀਅਨ ਨੈਸ਼ਨਲ ਕਾਂਗਰਸ ਦੀ ਮੁੱਢਲੀ ਮੈਂਬਰਸ਼ਿਪ ਤੋਂ ਮੁਅੱਤਲ ਕਰ ਦਿੱਤਾ ਹੈ। ਬਿਆਨ 'ਚ ਇਹ ਨਹੀਂ ਦੱਸਿਆ ਗਿਆ ਕਿ ਸਿੰਘ ਵਿਰੁੱਧ ਕਿਹੜੀਆਂ

ਪਾਰਟੀ ਵਿਰੋਧੀ ਗਤੀਵਿਧੀਆਂ ਲਈ ਕਾਰਵਾਈ ਕੀਤੀ ਗਈ ਹੈ। ਸੂਬਾ ਪ੍ਰਦੇਸ਼ ਕਾਂਗਰਸ ਕਮੇਟੀ ਨੇ ਕਾਂਗਰਸ ਲੀਡਰਸ਼ਿਪ ਨੂੰ ਉਨ੍ਹਾ ਦੀਆਂ ਕਥਿਤ ਪਾਰਟੀ ਵਿਰੋਧੀ ਗਤੀਵਿਧੀਆਂ ਲਈ ਉਨ੍ਹਾ ਵਿਰੁੱਧ ਕਾਰਵਾਈ ਸ਼ੁਰੂ ਕਰਨ ਦੀ ਸਿਫਾਰਸ਼ ਕੀਤੀ ਸੀ ਅਤੇ ਇਹ ਮਾਮਲਾ ਏ ਆਈ ਸੀ ਸੀ ਦੀ ਅਨੁਸ਼ਾਸਨੀ ਕਮੇਟੀ ਨੂੰ ਭੇਜਿਆ ਗਿਆ ਸੀ।

ਲਕਸ਼ਮਣ ਸਿੰਘ ਮੱਧ ਪ੍ਰਦੇਸ਼ ਤੋਂ ਪੰਜ ਵਾਰ ਸੰਸਦ ਮੈਂਬਰ ਅਤੇ ਤਿੰਨ ਵਾਰ ਵਿਧਾਇਕ ਰਹਿ ਚੁੱਕੇ ਹਨ। ਉਹ ਪਹਿਲੀ ਵਾਰ 1990 ਵਿੱਚ ਰਾਜ ਵਿਧਾਨ ਸਭਾ ਲਈ ਚੁਣੇ ਗਏ ਸਨ। ਉਹ 1994 ਵਿੱਚ ਰਾਜਗੜ੍ਹ ਤੋਂ ਪਹਿਲੀ ਵਾਰ ਸੰਸਦ ਮੈਂਬਰ ਬਣੇ। 2004 ਵਿੱਚ ਉਹ ਭਾਜਪਾ ਵਿੱਚ ਸ਼ਾਮਲ ਹੋ ਗਏ, ਜਦੋਂ ਉਹ ਦੁਬਾਰਾ ਲੋਕ ਸਭਾ ਲਈ ਚੁਣੇ ਗਏ। ਉਹ 2013 ਵਿੱਚ ਕਾਂਗਰਸ ਵਿੱਚ ਵਾਪਸ ਆਏ।

ਵੋਟਿੰਗ ਟਿਕਟ ਕਨਫਰਮ ਜਾਂ ਨਹੀਂ, 24 ਘੰਟੇ ਪਹਿਲਾਂ ਪਤਾ ਚੱਲੇਗਾ

ਨਵੀਂ ਦਿੱਲੀ : ਰੇਲਵੇ ਨੇ ਯਾਤਰੀਆਂ ਦੀ ਸਹੂਲਤ ਲਈ ਇੱਕ ਨਵਾਂ ਕਦਮ ਚੁੱਕਿਆ ਹੈ। ਹੁਣ ਉਡੀਕ ਸੂਚੀ 'ਚ ਸ਼ਾਮਲ ਯਾਤਰੀਆਂ ਨੂੰ ਰੇਲ ਗੱਡੀ ਦੇ ਰਵਾਨਗੀ ਤੋਂ 24 ਘੰਟੇ ਪਹਿਲਾਂ ਉਨ੍ਹਾਂ ਦੀ ਟਿਕਟ ਦੀ ਪੁਸ਼ਟੀ ਬਾਰੇ ਸੂਚਿਤ ਕੀਤਾ ਜਾਵੇਗਾ। ਹੁਣ ਤੱਕ ਇਹ ਜਾਣਕਾਰੀ ਸਿਰਫ਼ 4 ਘੰਟੇ ਪਹਿਲਾਂ ਦਿੱਤੀ ਜਾਂਦੀ ਸੀ। ਰੇਲ ਮੰਤਰਾਲੇ ਨੇ ਕਿਹਾ ਕਿ ਇਹ ਯਾਤਰੀਆਂ ਨੂੰ ਆਪਣੀ ਯਾਤਰਾ ਦੀ ਬਿਹਤਰ ਯੋਜਨਾ ਬਣਾਉਣ 'ਚ ਮਦਦ ਕਰਨ ਲਈ ਇੱਕ ਪ੍ਰਯੋਗ ਵਜੋਂ ਸ਼ੁਰੂ ਕੀਤਾ ਗਿਆ ਹੈ। ਇਹ ਨਵਾਂ ਪ੍ਰਯੋਗ ਉਨ੍ਹਾਂ ਯਾਤਰੀਆਂ ਨੂੰ ਰਾਹਤ ਪ੍ਰਦਾਨ ਕਰੇਗਾ, ਜੋ ਉਡੀਕ ਟਿਕਟਾਂ ਕਾਰਨ • ਬਾਕੀ ਸਫਾ 2 'ਤੇ

ਪੰਜਾਬ ਦੇ 18 ਜ਼ਿਲ੍ਹਿਆਂ 'ਚ ਹੀਟ ਵੇਵ ਦਾ ਅਲਰਟ

ਚੰਡੀਗੜ੍ਹ : ਪੰਜਾਬ 'ਚ ਭਿਆਨਕ ਗਰਮੀ ਦਾ ਦੌਰ ਜਾਰੀ ਹੈ। ਪਿਛਲੇ 24 ਘੰਟਿਆਂ 'ਚ ਸੂਬੇ ਦੇ ਤਾਪਮਾਨ 'ਚ 0.3 ਡਿਗਰੀ ਦਾ ਵਾਧਾ ਹੋਇਆ ਹੈ, ਜੋ ਕਿ ਆਮ ਨਾਲੋਂ 5.4 ਡਿਗਰੀ ਵੱਧ ਹੈ। ਬਠਿੰਡਾ ਦੇਸ਼ ਵਿੱਚ ਸਭ ਤੋਂ ਗਰਮ ਰਿਹਾ। ਇੱਥੇ 47.6 ਡਿਗਰੀ ਤਾਪਮਾਨ ਦਰਜ ਕੀਤਾ ਗਿਆ ਹੈ। ਸੂਬੇ ਦੇ ਜ਼ਿਆਦਾਤਰ ਸ਼ਹਿਰਾਂ ਦਾ ਤਾਪਮਾਨ 43 ਡਿਗਰੀ ਤੋਂ ਉੱਪਰ ਬਣਿਆ ਹੋਇਆ ਹੈ। ਬੁੱਧਵਾਰ ਨੂੰ 18 ਜ਼ਿਲ੍ਹਿਆਂ 'ਚ ਹੀਟ ਵੇਵ (ਲੂ) ਦਾ ਅਲਰਟ ਜਾਰੀ ਕੀਤਾ ਗਿਆ ਹੈ। ਇਹ ਸਥਿਤੀ 12 ਜੂਨ ਤੱਕ ਬਣੀ ਰਹਿ ਸਕਦੀ ਹੈ, ਜਿਸ ਤੋਂ ਬਾਅਦ ਮੀਂਹ ਪੈਣ ਦੀ ਉਮੀਦ ਹੈ। ਜ਼ਿਕਰਯੋਗ ਹੈ ਕਿ 13 ਸਾਲਾਂ ਬਾਅਦ ਏਨੀ ਤੇਜ਼ ਗਰਮੀ ਮਹਿਸੂਸ ਕੀਤੀ ਜਾ ਰਹੀ ਹੈ। ਇਸ ਤੋਂ ਪਹਿਲਾਂ 1 ਜੂਨ 2012 ਨੂੰ ਅੰਮ੍ਰਿਤਸਰ 'ਚ 47.6 ਡਿਗਰੀ ਤਾਪਮਾਨ ਦਰਜ ਕੀਤਾ ਗਿਆ ਸੀ। ਇਸ ਦੇ ਨਾਲ ਹੀ ਚੰਡੀਗੜ੍ਹ ਦਾ ਤਾਪਮਾਨ ਵੀ 44 ਡਿਗਰੀ ਤੱਕ ਪਹੁੰਚ ਗਿਆ ਹੈ। ਚੰਡੀਗੜ੍ਹ ਮੌਸਮ ਵਿਭਾਗ ਅਨੁਸਾਰ ਬੁੱਧਵਾਰ ਅੰਮ੍ਰਿਤਸਰ, ਤਰਨ ਤਾਰਨ, ਫਿਰੋਜ਼ਪੁਰ,

ਫਰੀਦਕੋਟ, ਬਠਿੰਡਾ, ਫਾਜ਼ਿਲਕਾ, ਮੁਕਤਸਰ ਅਤੇ ਮਾਨਸਾ ਵਿੱਚ ਗਰਮੀ ਦੀ ਲਹਿਰ ਰਹੇਗੀ। ਇਸ ਦੇ ਨਾਲ ਹੀ ਰਾਤਾਂ ਵੀ ਗਰਮ ਰਹਿਣਗੀਆਂ।

ਇਸ ਤੋਂ ਇਲਾਵਾ • ਬਾਕੀ ਸਫਾ 2 'ਤੇ

ਦਿੱਲੀ 'ਚ 'ਰੈੱਡ ਅਲਰਟ'

ਨਵੀਂ ਦਿੱਲੀ : ਭਾਰਤ ਮੌਸਮ ਵਿਭਾਗ ਨੇ ਦਿੱਲੀ ਲਈ ਰੈੱਡ ਅਲਰਟ ਜਾਰੀ ਕੀਤਾ ਹੈ, ਕਿਉਂਕਿ ਸ਼ਹਿਰ ਤੇਜ਼ ਗਰਮੀ ਦੀ ਲਹਿਰ ਹੇਠ ਹੈ। ਦਿੱਲੀ ਦੇ ਕਈ ਖੇਤਰਾਂ 'ਚ ਵੱਧ ਤੋਂ ਵੱਧ ਤਾਪਮਾਨ 45.5 ਡਿਗਰੀ ਸੈਲਸੀਅਸ ਤੱਕ ਵਧ ਗਿਆ ਹੈ। ਅਗਲੇ ਦੋ ਦਿਨਾਂ 'ਚ ਭਿਆਨਕ ਗਰਮੀ ਹੋਣ ਬਾਰੇ ਰਿਪੋਰਟ ਜਾਰੀ ਕੀਤੀ ਗਈ ਹੈ। ਹਾਲਾਂਕਿ 13 ਜੂਨ ਦੀ ਰਾਤ ਅਤੇ 14 ਜੂਨ ਨੂੰ ਕੁਝ ਰਾਹਤ ਮਿਲ ਸਕਦੀ ਹੈ, ਕਿਉਂਕਿ ਪੱਛਮੀ ਬਦਲਾਅ ਕਾਰਨ ਹਲਕਾ ਮੀਂਹ ਪੈਣ ਦੀ ਸੰਭਾਵਨਾ ਹੈ। ਦੁਪਹਿਰ 2 ਵਜੇ ਜਾਰੀ ਕੀਤੇ ਗਏ ਰੋਜ਼ਾਨਾ ਮੌਸਮ ਬੁਲੇਟਿਨ ਦੇ ਅਨੁਸਾਰ, ਦਿੱਲੀ ਐੱਨ ਸੀ ਆਰ ਵਿੱਚ ਕਈ ਥਾਵਾਂ 'ਤੇ ਤਪਸ ਦੀ ਸਥਿਤੀ ਬਣੀ ਹੋ ਈ। • ਬਾਕੀ ਸਫਾ 2 'ਤੇ

ਸੜਕ ਹਾਦਸੇ 'ਚ ਦੁਲਹਨ ਸਮੇਤ ਪੰਜ ਦੀ ਮੌਤ

ਜੈਪੁਰ : ਜੈਪੁਰ ਦੇ ਕੋਲ ਬੁੱਧਵਾਰ ਸਵੇਰੇ ਹੋਏ ਸੜਕ ਹਾਦਸੇ 'ਚ ਇੱਕ ਮਹਿਲਾ ਸਮੇਤ ਪੰਜ ਲੋਕਾਂ ਦੀ ਮੌਤ ਹੋ ਗਈ ਅਤੇ ਅੱਠ ਹੋਰ ਜ਼ਖ਼ਮੀ ਹੋ ਗਏ। ਪੁਲਸ ਨੇ ਇਹ ਜਾਣਕਾਰੀ ਦਿੱਤੀ। ਮ੍ਰਿਤਕਾਂ 'ਚ ਨਵਵਿਆਹੁਤਾ ਵੀ ਸ਼ਾਮਲ ਹੈ। ਇਹ ਹਾਦਸਾ ਬੁੱਧਵਾਰ ਸਵੇਰੇ ਲਗਭਗ 6 ਵਜੇ ਰਾਇਸਰ ਇਲਾਕੇ 'ਚ ਭਟਕਾਬਾਸ ਪਿੰਡ ਦੇ ਕੋਲ ਦੌਸਾ-ਮਨੋਹਰਪੁਰ ਰਾਜ ਮਾਰਗ 'ਤੇ ਹੋਇਆ, ਜਦ ਇੱਕ ਟਰੱਕ ਅਤੇ ਜੀਪ ਦੀ ਆਹਮੋ-ਸਾਹਮਣੇ ਟੱਕਰ ਹੋ ਗਈ। ਪੁਲਸ ਅਨੁਸਾਰ ਜੀਪ 'ਚ ਬਰਾਤੀ ਸਵਾਰ ਸਨ, ਜੋ ਮੱਧ ਪ੍ਰਦੇਸ਼ ਤੋਂ ਵਾਪਸ ਆ ਰਹੇ ਸਨ। ਹਾਦਸੇ 'ਚ ਦੁਲਹਨ ਸਮੇਤ ਪੰਜ ਲੋਕਾਂ ਦੀ ਮੌਤ ਹੋ ਗਈ ਅਤੇ ਅੱਠ ਹੋਰ ਜ਼ਖ਼ਮੀ ਹੋ ਗਏ। ਜ਼ਖ਼ਮੀਆ ਨੂੰ ਨੇੜੇ ਦੇ ਹਸਪਤਾਲ 'ਚ ਭਰਤੀ ਕਰਵਾਇਆ ਗਿਆ।

ਜੰਗਲ ਦੀ ਅੱਗ 'ਚ ਸੜਨ ਨਾਲ ਇੱਕ ਦੀ ਮੌਤ

ਰਾਜੌਰੀ : ਜੰਮੂ-ਕਸ਼ਮੀਰ ਦੇ ਰਾਜੌਰੀ ਜ਼ਿਲ੍ਹੇ 'ਚ ਜੰਗਲ ਦੀ ਅੱਗ 'ਤੇ ਕਾਬੂ ਪਾਉਣ ਦੀ ਕੋਸ਼ਿਸ਼ ਕਰਦੇ ਸਮੇਂ ਇੱਕ 68 ਸਾਲਾ ਵਿਅਕਤੀ ਦੀ ਸੜਨ ਕਾਰਨ ਮੌਤ ਹੋ ਗਈ। ਅਧਿਕਾਰੀਆਂ ਨੇ ਬੁੱਧਵਾਰ ਦੱਸਿਆ ਕਿ ਪਾਂਡਾ ਖੇਤਾਰ ਪਿੰਡ ਦੇ ਰਹਿਣ ਵਾਲੇ ਇੱਕ ਸੇਵਾਮੁਕਤ ਅਧਿਆਪਕ ਅਬਦੁਲ ਅਜ਼ੀਜ਼ ਮੰਗਲਵਾਰ ਨੂੰ ਕਾਲਾਕੋਟ ਸਬ-ਡਵੀਜ਼ਨ ਦੇ ਗਰਨ ਜੰਗਲ 'ਚ ਅੱਗ ਬੁਝਾਉਣ ਲਈ ਸਵੈ-ਇੱਛਾ ਨਾਲ ਜੰਗਲਾਤ ਅਧਿਕਾਰੀਆਂ ਦੀ ਇੱਕ ਟੀਮ ਵਿੱਚ ਸ਼ਾਮਲ ਹੋਏ। ਉਨ੍ਹਾ ਕਿਹਾ ਕਿ ਦੇਰ ਸ਼ਾਮ ਤੱਕ ਜੰਗਲ ਦੀ ਅੱਗ 'ਤੇ ਕਾਫ਼ੀ ਹੱਦ

12-JUNE-PAGE-1.qxd 6/11/2025 10:44 PM Page 2

ਸਹਿਜੜਾ ਵਿਖੇ ਗੁਰਮਤਿ ਸੰਗੀਤ ਵਿਦਿਆਲਾ ਲਈ ਸਾਜ਼ ਭੇਟ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਕਮੇਟੀ ਦੀ ਗਤੀਸੀਲ ਅਗਵਾਈ ਹੇਠ ਜਥੇਦਾਰ ਪਰਮਜੀਤ ਸਿੰਘ ਖਾਲਸਾ ਮੈਂਬਰ ਅੰਤ੍ਰਿੰਗ ਕਮੇਟੀ ਦੇ ਉਪਰਾਲੇ ਸਦਕਾ ਨੌਜਵਾਨਾਂ ਨੂੰ ਗੁਰਬਾਣੀ ਨਾਲ ਜੋੜਨ ਲਈ ਸਿੱਖ ਧਰਮ ਦੀ ਸੰਖਿਆ ਦੇਣ ਲਈ, ਗੁਰਦੁਆਰਾ ਸਾਹਿਬ ਬਾਬਾ ਜੀਵਨ ਸਿੰਘ ਪਿੰਡ ਸਹਿਜੜਾ ਵਿਖੇ ਬਾਬਾ ਸੁਖਵਿੰਦਰ ਸਿੰਘ ਕੱਟੂ ਦੀ ਅਗਵਾਈ ਹੇਠ ਚਲਾਏ ਜਾ ਰਹੇ ਗੁਰਮਤਿ ਸੰਗੀਤ ਵਿਦਿਆਲਾ ਵਿੱਚ ਹਾਰਮੋਨੀਅਮ, ਤਪਲਾ ਜੋੜੀ ਆਦਿ ਸਾਜ ਭੇਂਟ ਕੀਤੇ ਗਏ। ਇਸ ਮੌਕੇ ਭਾਈ ਪਰਮਜੀਤ ਸਿੰਘ ਖਾਲਸਾ ਨੇ ਬਾਬਾ ਸੁਖਵਿੰਦਰ ਸਿੰਘ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਇਸ ਉੱਦਮ ਨਾਲ ਨਵੀਂ ਉਮਰ ਦੇ ਬੱਚੇ, ਬੱਚੀਆਂ ਨਸ਼ਿਆਂ ਤੇ ਸਮਾਜਿਕ ਅਲਾਮਤਾਂ ਤੋਂ ਦੂਰ ਰਹਿ ਕੇ ਗੁਰਸਿੱਖੀ ਵਿੱਚ ਪ੍ਰਪੱਕ ਹੋਣਗੇ। ਅੱਜ ਦੇ ਦੌਰ ਵਿੱਚ ਅਜਿਹੇ ਕਾਰਜ ਕਰਨੇ ਸਮੇਂ ਦੀ ਮੁੱਖ ਲੋੜ ਹੈ। ਇਸ ਮੌਕੇ ਬੇਅੰਤ ਸਿੰਘ ਧਾਲੀਵਾਲ, ਗੁਰਜੰਟ ਸਿੰਘ, ਬਿੱਟੂ ਸਿੰਘ ਮਾਂਗੇਵਾਲ ਆਦਿ ਹਾਜ਼ਰ ਸਨ।

ਦਰਗਾਹ ਨੌਗੱਜਾ ਪੀਰ ਦੇ ਸਾਲਾਨਾ ਉਰਸ 'ਚ ਬਰਸਟ ਵੱਲੋਂ ਸ਼ਿਰਕਤ

ਸਮਾਣਾ (ਗੁਰਪਿਆਰ ਸਿੰਘ ਬੱਲ)-ਪਿੰਡ ਤਰੈਂ ਵਿਖੇ ਬਾਬਾ ਨੌਗੱਜਾ ਪੀਰ ਜੀ ਪ੍ਰਬੰਧਕ ਕਮੇਟੀ ਤੇ ਸਮੂਹ ਸੰਗਤ ਵੱਲੋਂ ਦਰਗਾਰ ਨੌਗੱਜਾ ਪੀਰ ਜੀ 11ਵਾਂ ਸਾਲਾਨਾ ਉਰਸ ਬਹੁਤ ਹੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ, ਜਿੱਥੇ ਵੱਡੀ ਗਿਣਤੀ ਵਿੱਚ ਸੰਗਤ ਨੇ ਮੱਥਾ ਟੇਕਿਆ।ਇਸ ਮੌਕੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ ਦੇ ਸੂਬਾ ਜਨਰਲ ਸਕੱਤਰ ਹਰਚੰਦ ਸਿੰਘ ਬਰਸਟ ਵੱਲੋਂ ਬਤੌਰ ਮੁੱਖ ਮਹਿਮਾਨ ਵਜੋਂ ਪਹੁੰਚ ਕੇ ਹਾਜ਼ਰੀ ਲਵਾਈ ਗਈ ਅਤੇ ਸਰੱਬਤ ਦੇ ਭਲੇ ਅਤੇ ਚੜ੍ਹਦੀ ਕਲਾ ਦੀ ਅਰਦਾਸ ਕੀਤੀ ਗਈ।ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਇਲਾਕੇ ਦੀ ਸੰਗਤ ਵੱਲੋਂ ਬਹੁਤ ਹੀ ਸ਼ਰਧਾ ਭਾਵਨਾ ਨਾਲ ਸਾਲਾਨਾ ਉਰਸ ਕਰਾਇਆ ਗਿਆ ਹੈ।ਉਨ੍ਹਾਂ ਸਾਰਿਆਂ ਨੂੰ ਸਮਾਜ ਵਿੱਚ ਪਿਆਰ, ਏਕਤਾ ਅਤੇ ਸਾਂਝੀਵਾਲਤਾ ਨਾਲ ਰਹਿਣ ਦਾ ਸੰਦੇਸ਼ ਦਿੱਤਾ ਤੇ ਕਿਹਾ ਕਿ ਇਸ ਤਰ੍ਹਾਂ ਦੇ ਸਮਾਗਮ ਹਮੇਸ਼ਾ ਸਮਾਜ ਨੂੰ ਜੋੜਦੇ ਹਨ, ਆਪਸੀ ਭਾਈਚਾਰਾ ਵਧਾਉਂਦੇ ਹਨ ਅਤੇ ਇੱਕ-ਦੂਜੇ ਦੇ ਦੁੱਖ-ਸੁੱਖ ਵਿੱਚ ਸਾਥ ਦੇਣ ਲਈ ਪ੍ਰੇਰਿਤ ਕਰਦੇ ਹਨ।

ਪਦਉੱਨਤ ਅਧਿਕਾਰੀਆਂ ਦੀ ਹੌਸਲਾ-ਅਫ਼ਜ਼ਾਈ ਕੀਤੀ

ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)-ਸ਼੍ਰੀ ਅਸ਼ਵਨੀ ਕਪੂਰ ਡੀ.ਆਈ.ਜੀ ਫਰੀਦਕੋਟ ਰੇਂਜ ਅਤੇ ਡਾ. ਪ੍ਰਿਗਿਆ ਜੈਨ ਐਸ.ਐਸ.ਪੀ. ਵੱਲੋਂ ਪਦਉੱਨਤ ਹੋਏ ਡਿਪਟੀ ਸੁਪਰਡੈਂਟ ਆਫ਼ ਪੁਲਸ (ਡੀ.ਐਸ.ਪੀ.) ਸ੍ਰੀ ਜਗਤਾਰ ਸਿੰਘ, ਸ੍ਰੀ ਸੰਜੀਵ ਕੁਮਾਰ ਅਤੇ ਸ੍ਰੀ ਮਨੋਜ ਕੁਮਾਰ ਦੀ ਪਿੱਪਿੰਗ ਦੀ ਰਸਮ ਅਦਾ ਕੀਤੀ ਗਈ। ਉਨ੍ਹਾਂ ਪੁਲਸ ਅਧਿਕਾਰੀਆਂ ਨਾਲ ਗੱਲਬਾਤ ਦੌਰਾਨ ਉਨ੍ਹਾਂ ਦੀਆਂ ਮਹਿਕਮਾ ਪੁਲਸ ਵਿੱਚ ਵਧੀਆ ਸੇਵਾਵਾਂ ਦਾ ਜ਼ਿਕਰ ਕੀਤਾ, ਜਿਸ ਦੌਰਾਨ ਉਨ੍ਹਾਂ ਵੱਲੋਂ ਪਦਉੱਨਤ ਹੋਏ ਅਧਿਕਾਰੀਆਂ ਨੂੰ ਨਵੀਂ ਜ਼ਿੰਮੇਵਾਰੀ ਲਈ ਹੌਸਲਾ ਅਫ਼ਜ਼ਾਈ ਦਿੱਤੀ ਗਈ ਤੇ ਉਨ੍ਹਾਂ ਦੇ ਉਜਵਲ ਭਵਿੱਖ ਲਈ ਸ਼ੁਭ ਕਾਮਨਾਵਾਂ ਦਿੱਤੀਆਂ ਗਈਆਂ। ਸ਼੍ਰੀ ਅਸ਼ਵਨੀ ਕਪੂਰ ਡੀ.ਆਈ.ਜੀ ਨੇ ਕਿਹਾ ਕਿ ਇਹ ਤਰੱਕੀ ਇਨ੍ਹਾਂ ਅਧਿਕਾਰੀਆਂ ਦੀ ਕਠਿਨ ਮਿਹਨਤ, ਨਿਸਠਾ ਅਤੇ ਜ਼ਿੰਮੇਵਾਰ ਨਾਲ ਡਿਊਟੀ ਨਿਭਾਉਣ ਦਾ ਨਤੀਜਾ ਹੈ।

65 ਜ਼ਰੂਰਤਮੰਦ ਪਰਵਾਰਾਂ ਨੂੰ ਵੰਡਿਆ ਰਾਸ਼ਨ

ਜਗਰਾਓਂ (ਅਮਿਤ ਖੰਨਾ)-ਕਰ ਭਲਾ ਹੋ ਭਲਾ ਸੁਸਾਇਟੀ ਵੱਲੋਂ 60ਵੇਂ ਰਾਸਨ ਵੰਡ ਸਮਾਗਮ ਵਿੱਚ 65 ਜ਼ਰੂਰਤਮੰਦ ਪਰਵਾਰਾ ਨੂੰ ਸੁੱਕਾ ਰਾਸ਼ਨ ਤਕਸੀਮ ਕੀਤਾ ਗਿਆ। ਅਰੋੜਾ ਪ੍ਰਾਪਰਟੀ ਐਡਵਾਈਜਰ ਵਿਖੇ ਕਰਾਏ ਸਮਾਗਮ ਮੌਕੇ ਸੁਸਾਇਟੀ ਦੇ ਚੇਅਰਮੈਨ ਅਮਿਤ ਅਰੋੜਾ, ਵਾਈਸ ਚੇਅਰਮੈਨ ਰਜਿੰਦਰ ਜੈਨ ਕਾਕਾ ਤੇ ਪ੍ਰਧਾਨ ਮਦਨ ਲਾਲ ਅਰੋੜਾ ਨੇ ਦੱਸਿਆ ਕਿ ਕਰ ਹੋ ਭਲਾ ਸੁਸਾਇਟੀ ਦਾ ਗਠਨ ਮਨੁੱਖਤਾ ਦੀ ਸੇਵਾ ਲਈ ਕੀਤਾ ਗਿਆ ਤੇ ਇਸ ਮੰਤਵ ਨੂੰ ਪੂਰਾ ਕਰਨ ਲਈ ਸੁਸਾਇਟੀ ਦੇ ਸਾਰੇ ਮੈਂਬਰ ਪੂਰੀ ਤਨਦੇਹੀ ਨਾਲ ਕੰਮ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਸੁਸਾਇਟੀ ਵੱਲੋਂ 60 ਮਹੀਨੇ ਪਹਿਲਾਂ ਜ਼ਰੂਰਤਮੰਦ ਪਰਵਾਰਾਂ ਨੂੰ ਜਿਹੜਾ ਸੁੱਕਾ ਰਾਸ਼ਨ ਵੰਡਣ ਦਾ ਕੰਮ ਸ਼ੁਰੂ ਕੀਤਾ ਗਿਆ ਸੀ, ਉਹ ਨਿਰਵਿਘਨ ਜਾਰੀ ਹੈ। ਉਨ੍ਹਾਂ ਦੱਸਿਆ ਕਿ ਸੁਸਾਇਟੀ ਵੱਲੋਂ ਕਈ ਸਮਾਜ ਸੇਵੀ ਪ੍ਰਾਜੈਕਟ ਦਾਨੀ ਸੱਜਣਾਂ ਦੇ ਸਹਿਯੋਗ ਨਾਲ ਚਲਾਉਣ ਦੇ ਨਾਲ ਵਿੱਦਿਅਕ ਸੰਸਥਾਵਾਂ ਤੇ ਹੋਰ ਸੰਸਥਾਵਾਂ ਨੂੰ ਵੀ ਉਨ੍ਹਾਂ ਦੀ ਜ਼ਰੂਰਤ ਮੁਤਾਬਕ ਲੋੜੀਂਦਾ ਸਾਮਾਨ ਦਿੱਤਾ ਜਾ ਰਿਹਾ ਹੈ।

ਡਾ. ਮਲਕੀਤ ਸਿੰਘ ਥਿੰਦ ਨੇ ਪਛੜੀਆਂ ਸ਼੍ਰੇਣੀਆਂ ਦੇ ਚੇਅਰਮੈਨ ਵਜੋਂ ਅਹੁਦਾ ਸੰਭਾਲਿਆ

ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)-ਡਾ. ਮਲਕੀਤ ਸਿੰਘ ਥਿੰਦ ਵੱਲੋਂ ਚੇਅਰਮੈਨ ਪੱਛੜੀਆਂ ਸ਼੍ਰੇਣੀਆਂ ਵਜੋਂ ਆਪਣਾ ਅਹੁਦਾ ਸਾਂਭ ਲਿਆ ਹੈ। ਇਸ ਮੌਕੇ ਆਮ ਆਦਮੀ ਪਾਰਟੀ ਦੇ ਪ੍ਰਧਾਨ ਅਮਨ ਅਰੋੜਾ, ਜਲਾਲਾਬਾਦ ਦੇ ਵਿਧਾਇਕ ਜਗਦੀਪ ਗੋਲਡੀ ਕੰਬੋਜ, ਸ਼ਹੀਦ ਊਧਮ ਸਿੰਘ ਕੰਬੋਜ ਯਾਦਗਾਰ ਕਮੇਟੀ ਮੇਨ ਦੇ ਸਰਪ੍ਰਸਤ ਮਾਸਟਰ ਕੇਹਰ ਸਿੰਘ ਜੋਸਨ, ਪ੍ਰਧਾਨ ਮਨਦੀਪ ਸਿੰਘ ਜੋਸਨ ਤੇ ਉਨ੍ਹਾਂ ਦੀ ਸਮੁੱਚੀ ਟੀਮ ਨੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਅਹੁਦਾ ਜੋ ਪਿਛਲੇ ਤਿੰਨ ਸਾਲ ਤੋਂ ਖਾਲੀ ਪਿਆ ਸੀ, ਜਿਸ 'ਤੇ ਡਾਕਟਰ ਮਲਕੀਤ ਵਰਗੇ ਸੂਝਵਾਨ ਇਨਸਾਨ ਨੂੰ ਬਿਠਾਇਆ ਗਿਆ ਹੈ। ਉਨ੍ਹਾਂ ਉਮੀਦ ਜ਼ਾਹਰ ਕੀਤੀ ਕਿ ਉਹ ਘੱਟ ਗਿਣਤੀਆਂ ਨੂੰ ਆ ਰਹੀਆਂ ਮੁਸ਼ਕਲਾਂ ਨੂੰ ਜ਼ਰੂਰ ਹੱਲ ਕਰਨਗੇ।

ਭਾਜਪਾ ਦੇ ਗਿਆਰਾਂ ਸਾਲ ਪੂਰੇ ਹੋਣ 'ਤੇ ਦੱਸੀਆਂ ਪ੍ਰਾਪਤੀਆਂ

ਬੁਢਲਾਡਾ (ਅਸ਼ੋਕ ਲਾਕੜਾ)-ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਬੀਜੇਪੀ ਸਰਕਾਰ ਦੇ 11 ਸਾਲ ਪੂਰੇ ਹੋਣ ਦੀ ਖੁਸ਼ੀ 'ਤੇ ਪ੍ਰੈਸ ਕਾਨਫਰੰਸ ਕੀਤੀ ਗਈ। ਜ਼ਿਲ੍ਹਾ ਪ੍ਰਧਾਨ ਰਕੇਸ ਜੈਨ ਨੇ ਕਿਹਾ ਕਿ 2014 ਵਿੱਚ ਬੀਜੇਪੀ ਸਰਕਾਰ ਸੱਤਾ ਵਿੱਚ ਆਈ ਸੀ ਤੇ ਸ੍ਰੀ ਨਰਿੰਦਰ ਮੋਦੀ ਨੇ ਜੋ ਸੁਪਨਾ ਲਿਆ ਸੀ, ਉਸਨੂੰ ਸਾਕਾਰ ਕੀਤਾ ਹੈ। ਉਨ੍ਹਾਂ ਆਖਿਆ ਕਿ ਪੂਰਾ ਭਾਰਤ ਇੱਕ ਵਿਕਸਿਤ ਦੇਸ ਦੇ ਤੌਰ 'ਤੇ ਉਭਰ ਕੇ ਆਇਆ ਹੈ। ਭਾਰਤ ਦੇ ਆਮ ਨਾਗਰਿਕਾਂ ਲਈ ਨਵੀਂ ਸਕੀਮਾਂ ਚਾਲੂ ਕੀਤੀਆਂ ਜਾ ਰਹੀਆਂ ਹਨ, ਜਿਸ ਨਾਲ ਉਨ੍ਹਾਂ ਦੇ ਜੀਵਨ ਪੱਧਰ ਵਿੱਚ ਸੁਧਾਰ ਆਇਆ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਸਕੀਮਾਂ ਨਾਲ ਗਰੀਬ ਤੇ ਪਿਛੜੇ ਵਰਗ ਦੇ ਲੋਕਾਂ ਜਿਵੇਂ ਕਿ ਐਸਸੀ, ਐਸਟੀ, ਓਬੀਸੀ ਤੇ ਮਹਿਲਾਵਾਂ ਨੂੰ ਲਾਭ ਪੁਚਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਦੇਸ ਦੇ ਵੱਖ-ਵੱਖ ਸੂਬਿਆਂ ਵਿੱਚ ਰੇਲਵੇ ਦਾ ਨਵੀਨੀਕਰਨ ਕੀਤਾ ਗਿਆ ਹੈ ਤੇ ਨਵੀਂਆਂ ਆਧੁਨਿਕ ਤਕਨੀਕਾਂ ਦਾ ਵਿਕਾਸ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਔਰਤਾਂ ਲਈ ਮਾਤਰੀ ਮੰਡਲ ਯੋਜਨਾ, ਜਿਸ ਵਿੱਚ ਉਨ੍ਹਾਂ ਨੂੰ ਬੱਚਾ ਪੈਦਾ ਹੋਣ 'ਤੇ ਸਹਾਇਤਾ ਦਿੱਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਗ਼ਰੀਬ ਕਲਿਆਣ ਯੋਜਨਾ, ਪ੍ਰਧਾਨ ਮੰਤਰੀ ਅਵਾਸ ਯੋਜਨਾ ਤਹਿਤ ਪੂਰੇ ਭਾਰਤ ਵਿੱਚ ਚਾਰ ਕਰੋੜ ਲੋਕਾਂ ਨੂੰ ਮਕਾਨ ਬਣਾ ਕੇ ਦਿੱਤੇ ਗਏ। ਉਨ੍ਹਾਂ ਕਿਹਾ ਕਿ ਪੂਰੇ ਦੇਸ ਵਿੱਚ ਅਨੇਕਾਂ ਹਾਈਵੇਅ ਦਾ ਨਿਰਮਾਣ ਕੀਤਾ ਗਿਆ, ਜਿਸ ਨਾਲ ਆਮ ਲੋਕਾਂ ਨੂੰ ਆਉਣ ਜਾਣ ਵਿੱਚ ਆਸਾਨੀ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਲਈ ਕਿਸਾਨ ਸਨਮਾਨ ਵਿਧੀ ਤਹਿਤ 2000 ਰੁਪਏ ਦੀ ਵਿੱਤੀ ਸਹਾਇਤਾ ਤੇ ਸਾਲ ਵਿੱਚ ਲਗਭਗ 8000 ਰੁਪਏ ਦਿੱਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਫ਼ਸਲ ਬੀਮਾ ਯੋਜਨਾ ਤਹਿਤ ਕਿਸਾਨਾਂ ਦੇ ਫਸਲਾਂ ਦੀ ਰੱਖਿਆ ਕੀਤੀ ਜਾ ਰਹੀ ਹੈ।

ਸੰਤ ਕਬੀਰ ਜੈਅੰਤੀ ਸਮਾਗਮ 'ਚ ਮੁੱਖ ਮੰਤਰੀ ਦਾ ਜ਼ੋਰਦਾਰ ਸਵਾਗਤ

ਸਿਰਸਾ (ਸੁਰਿੰਦਰ ਪਾਲ ਸਿੰਘ)-ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦਾ ਜਨਤਾ ਭਵਨ ਰੋਡ ਸਥਿਤ ਸਿਰਸਾ ਦੀ ਅਨਾਜ ਮੰਡੀ ਵਿਖੇ ਆਯੋਜਿਤ ਰਾਜ ਪੱਧਰੀ ਸੰਤ ਕਬੀਰ ਜੈਅੰਤੀ ਸਮਾਗਮ ਵਿੱਚ ਜ਼ੋਰਦਾਰ ਸਵਾਗਤ ਕੀਤਾ ਗਿਆ। ਮੁੱਖ ਮੰਤਰੀ ਨੇ ਆਪਣੇ ਭਾਸ਼ਨ ਦੌਰਾਨ ਸਫਾਈ ਕਰਮਚਾਰੀਆਂ ਦੀ ਤਨਖਾਹ ਵਿੱਚ 2100 ਰੁਪਏ ਦੇ ਵਾਧੇ ਦੇ ਨਾਲ ਨਾਲ ਡੱਬਵਾਲੀ ਅਤੇ ਐਲਨਾਬਾਦ ਵਿੱਚ ਨਸ਼ਾ ਛੁਡਾਊ ਕੇਂਦਰ ਖੋਲ੍ਹਣ ਦਾ ਵੀ ਐਲਾਨ ਕੀਤਾ। ਲੋਕਾਂ ਨੂੰ ਸੰਬੋਧਨ ਕਰਦੇ ਮੁੱਖ ਮੰਤਰੀ ਨੇ ਕਿਹਾ ਕਿ ਸਿਰਸਾ ਵਿੱਚ ਬਣ ਰਹੇ ਸਰਸਾਈ ਨਾਥ ਮੈਡੀਕਲ ਕਾਲਜ ਵਿੱਚ 100 ਬਿਸਤਰਿਆਂ ਵਾਲਾ ਨਸ਼ਾ ਛੁਡਾਊ ਕੇਂਦਰ ਬਣਾਇਆ ਜਾਵੇਗਾ। ਡੱਬਵਾਲੀ ਦੇ ਨਸ਼ਾ ਛੁਡਾਊ ਕੇਂਦਰ ਵਿੱਚ 10 ਬਿਸਤਰਿਆਂ ਨੂੰ ਵਧਾ ਕੇ 30 ਕੀਤਾ ਜਾਵੇਗਾ ਅਤੇ ਐਲਨਾਬਾਦ ਸਰਕਾਰੀ ਹਸਪਤਾਲ ਦੇ ਨੇੜੇ ਇੱਕ ਨਵਾਂ ਨਸ਼ਾ ਛੁਡਾਊ ਕੇਂਦਰ ਬਣਾਇਆ ਜਾਵੇਗਾ। ਮੁੱਖ ਮੰਤਰੀ ਨੇ ਸਫਾਈ ਕਰਮਚਾਰੀਆਂ ਦੀ ਤਨਖਾਹ ਵਿੱਚ 2100 ਰੁਪਏ ਵਾਧੇ ਦਾ ਐਲਾਨ ਵੀ ਕੀਤਾ। ਨਾਇਬ ਸੈਣੀ ਨੇ ਕਿਹਾ ਕਿ ਅਸੀਂ ਸੰਕਲਪ ਪੱਤਰ ਵਿੱਚ ਜੋ ਕਿਹਾ ਹੈ ਉਸ ਨੂੰ ਪੂਰਾ ਕਰਾਂਗੇ। ਉਨ੍ਹਾਂ ਸਮਾਜ ਨੂੰ 31 ਲੱਖ ਰੁਪਏ ਦੇਣ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਅੱਜ ਅਸੀਂ ਸਿਰਸਾ ਵਿੱਚ ਸੰਤ ਕਬੀਰ ਦਾਸ ਜੈਅੰਤੀ ਮਨਾ ਰਹੇ ਹਾਂ। ਸਿਰਸਾ ਦੀ ਇਹ ਧਰਤੀ ਸਾਧੂ ਸੰਤਾਂ ਦੀ ਧਰਤੀ ਰਹੀ ਹੈ। ਸੰਤ ਕਬੀਰ ਵਰਗੇ ਸੰਤਾਂ ਨੇ ਲੋਕਾਂ ਨੂੰ ਜਗਾਉਣ ਦਾ ਕੰਮ ਕੀਤਾ ਹੈ। ਭਾਜਪਾ ਦੇ ਸੂਬਾ ਪ੍ਰਧਾਨ ਮੋਹਨ ਲਾਲ ਬਰੋਲੀ ਨੇ ਕਿਹਾ ਕਿ ਹਰਿਆਣਾ ਵਿੱਚ ਤੀਜੀ ਵਾਰ ਭਾਜਪਾ ਦੀ ਸਰਕਾਰ ਬਣਨ ਵਿੱਚ ਜਨਤਾ ਨੇ ਮਹੱਤਵਪੂਰਨ ਯੋਗਦਾਨ ਪਾਇਆ ਹੈ। ਸੁਨੀਤਾ ਦੁੱਗਲ ਨੇ ਮੁੱਖ ਮੰਤਰੀ ਸੈਣੀ ਨੂੰ ਯਾਦਗਾਰੀ ਚਿੰਨ੍ਹ ਅਤੇ ਗਦਾ ਭੇਟ ਕਰਦੇ ਕਿਹਾ ਕਿ ਜੇਕਰ ਸਿਰਸਾ ਵਿੱਚ ਆਈ ਆਈ ਟੀ ਬਣਾਈ ਜਾਂਦੀ ਹੈ ਤਾਂ ਨਸ਼ਾ ਘਟ ਜਾਵੇਗਾ। ਪ੍ਰੋਗਰਾਮ ਦੇ ਪ੍ਰਬੰਧਕਾਂ ਨੇ ਸੰਤ ਕਬੀਰ ਭਵਨ ਬਣਾਉਣ ਲਈ ਸਮਾਜ ਵੱਲੋਂ ਮੁੱਖ ਮੰਤਰੀ ਤੋਂ 5 ਏਕੜ ਜ਼ਮੀਨ ਅਤੇ 25 ਕਰੋੜ ਰੁਪਏ ਦੀ ਮੰਗ ਕੀਤੀ। ਕੈਬਿਨਟ ਮੰਤਰੀ ਰਣਬੀਰ ਸਿੰਘ ਗੰਗਵਾ ਨੇ ਕਿਹਾ ਕਿ ਸੰਤ ਕਬੀਰ ਨੇ ਪਖੰਡਾਂ ਨੂੰ ਖਤਮ ਕਰਨ ਦਾ ਕੰਮ ਕੀਤਾ ਹੈ। ਕਬੀਰ ਜੈਅੰਤੀ ਸਮਾਗਮ ਵਿੱਚ ਔਰਤਾਂ ਵੀ ਵੱਡੀ ਗਿਣਤੀ ਵਿੱਚ ਪਹੁੰਚੀਆਂ। ਕਬੀਰ ਜੈਅੰਤੀ ਸਮਾਰੋਹ ਵਿੱਚ ਸੀ ਐਮ ਨਾਇਬ ਸੈਣੀ ਦਾ ਨਿੱਘਾ ਸਵਾਗਤ ਕਰਨ ਵਾਲਿਆਂ ਵਿਚ ਭਾਜਪਾ ਪ੍ਰਧਾਨ ਮੋਹਨ ਲਾਲ ਬਰੋਲੀ, ਕੈਬਿਨਟ ਮੰਤਰੀ ਰਣਬੀਰ ਸਿੰਘ ਗੰਗਵਾ, ਮੰਤਰੀ ਡਾ. ਅਰਵਿੰਦ ਸ਼ਰਮਾ, ਰਾਜ ਸਭਾ ਮੈਂਬਰ ਸੁਭਾਸ਼ ਬਰਾਲਾ ਸਮੇਤ ਸਿਰਸਾ ਖੇਤਰ ਦੇ ਭਾਜਪਾ ਦੇ ਹੋਰ ਵੱਡੇ ਆਗੂ ਵੀ ਮੌਜੂਦ ਸਨ।

'ਆਪ' ਨੇ ਪੰਜਾਬ 'ਚ ਵਿੱਤੀ ਸੰਕਟ ਪੈਦਾ ਕੀਤਾ : ਹਰਦੀਪ ਦੌਲਤਪੁਰ

ਧੂਰੀ (ਮੋਹਿਤ ਗਰਗ, ਬਿੰਨੀ ਗਰਗ) ਪੰਜਾਬ ਕਾਂਗਰਸ ਕਿਸਾਨ ਵਿੰਗ ਦੇ ਸੂਬਾ ਜਨਰਲ ਸਕੱਤਰ ਤੇ ਹਲਕਾ ਧੂਰੀ ਤੋਂ ਆਗੂ ਹਰਦੀਪ ਸਿੰਘ ਦੌਲਤਪੁਰ ਨੇ ਵੱਖ-ਵੱਖ ਪਿੰਡਾਂ ਵਿੱਚ ਕੀਤੀਆਂ ਜਾ ਰਹੀਆਂ ਲੋਕ ਮਿਲਣੀਆਂ ਤੋਂ ਬਾਅਦ ਕਿਹਾ ਕਿ ਅਪ੍ਰੈਲ ਤੇ ਮਈ ਵਿੱਚ 11,200 ਕਰੋੜ ਰੁਪਏ ਦਾ ਕਰਜ਼ਾ ਲੈਣ 'ਤੇ ਪੰਜਾਬ ਸਰਕਾਰ ਦੀ ਘੋਰਾਬੰਦੀ ਕੀਤੀ ਹੈ। ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਝੂਠਾ ਪ੍ਰਚਾਰ ਰਹੀ ਹੈ ਕਿ ਅਪ੍ਰੈਲ ਤੇ ਮਈ ਮਹੀਨੇ ਵਿੱਚ ਸਿਰਫ 1000 ਕਰੋੜ ਰੁਪਏ ਦਾ ਕਰਜ਼ਾ ਲਿਆ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਮੁਲਾਜ਼ਮ ਤੇ ਪੈਨਸ਼ਨਰ ਪਹਿਲਾਂ ਹੀ 'ਆਪ' ਸਰਕਾਰ ਵਿਰੁੱਧ ਡਟੇ ਹੋਏ ਹਨ, ਕਿਉਂਕਿ ਉਨ੍ਹਾਂ ਦੀਆਂ ਤਨਖਾਹਾਂ ਅਤੇ ਪੈਨਸ਼ਨਾਂ ਵਿੱਚ ਕਈ ਮਹੀਨਿਆਂ ਦੀ ਦੇਰੀ ਹੋਈ ਹੈ। ਏਨੇ ਵੱਡੇ ਕਰਜ਼ੇ ਨੂੰ ਥੋੜ੍ਹੇ ਸਮੇਂ ਵਿੱਚ ਇਕੱਠਾ ਕਰਨ ਦਾ ਇੱਕ ਮੁੱਖ ਕਾਰਨ ਮੁਲਾਜ਼ਮਾਂ ਨੂੰ ਤਨਖਾਹਾਂ ਅਤੇ ਪੈਨਸ਼ਨਾਂ ਦੇਣਾ ਹੈ। ਉਨ੍ਹਾਂ ਕਿਹਾ ਕਿ 'ਆਪ' ਨੇ ਆਪਣੇ ਤਿੰਨ ਸਾਲਾਂ ਦੇ ਕਾਰਜਕਾਲ ਦੌਰਾਨ ਪੰਜਾਬ 'ਚ ਵਿੱਤੀ ਸੰਕਟ ਪੈਦਾ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਚੋਣਾਂ ਤੋਂ ਪਹਿਲਾਂ ਕੀਤੇ ਵਾਅਦਿਆਂ ਅਨੁਸਾਰ ਮਾਲੀਆ ਜੁਟਾਉਣ 'ਚ ਅਸਫ਼ਲ ਰਹੀ ਹੈ। ਇਸ ਦੌਰਾਨ ਉਨ੍ਹਾਂ ਕਿਹਾ ਕਿ ਸਰਕਾਰ ਨੇ ਆਪਣਾ ਖਜ਼ਾਨਾ ਭਰਨ ਦੀ ਬਜਾਏ ਜ਼ਿਆਦਾ ਕਰਜ਼ਾ ਇਕੱਠਾ ਕਰ ਲਿਆ ਹੈ।

ਕੈਂਬਰਿਜ ਕਾਨਵੈਂਟ ਸਕੂਲ 'ਚ ਮੁੱਖ ਫਾਇਰ ਅਫਸਰ ਵੱਲੋਂ ਦੌਰਾ

12 Jun Page-3.qxd 6/11/2025 11:01 PM Page 1

ਫਲਸਤੀਨੀਆਂ ਦੀ ਨਸਲਘਾਤ ਵਿਰੁੱਧ ਪ੍ਰਦਰਸ਼ਨਾਂ ਦਾ ਸੱਦਾ

ਭਿੱਖੀਵਿੰਡ (ਨਜ਼ਸ)- ਹਿੰਦੁਸਤਾਨ ਦੀਆਂ ਖੱਬੀਆਂ ਪਾਰਟੀਆਂ ਨੇ ਆਪਣੇ ਕਾਡਰ ਨੂੰ ਸੱਦਾ ਦਿੱਤਾ ਹੈ ਕਿ ਫਲਸਤੀਨ ਵਿੱਚ ਇਜ਼ਰਾਈਲ ਵੱਲੋਂ ਫਲਸਤੀਨੀਆਂ ਦੀ ਨਸਲਘਾਤ ਕਰਨ ਵਿਰੁੱਧ 17 ਜੂਨ ਨੂੰ ਦੇਸ਼ ਭਰ ਵਿੱਚ ਫਲਸਤੀਨੀਆਂ ਦੇ ਹੱਕ ਵਿੱਚ ਪ੍ਰਦਰਸ਼ਨ ਕੀਤੇ ਜਾਣ। ਇਸ ਸੱਦੇ ਦੀ ਇਵਜ਼ ਵਿੱਚ ਸੀਪੀਆਈ ਦੇ ਕੌਮੀ ਕੌਂਸਲ ਮੈਂਬਰ ਪਿਰਥੀਪਾਲ ਸਿੰਘ ਮਾੜੀਮੇਘਾ, ਸੀਪੀਆਈ ਜ਼ਿਲ੍ਹਾ ਤਰਨਤਾਰਨ ਦੇ ਸਕੱਤਰ ਦਵਿੰਦਰ ਸੋਹਲ, ਜ਼ਿਲ੍ਹਾ ਕਾਰਜਕਾਰਨੀ ਮੈਂਬਰ ਸੀਮਾ ਸੋਹਲ ਅਤੇ ਰੁਪਿੰਦਰ ਕੌਰ ਮਾੜੀਮੇਘਾ ਨੇ ਸਾਂਝੇ ਬਿਆਨ ਰਾਹੀਂ ਸੀਪੀਆਈ ਦੇ ਕਾਡਰ ਤੇ ਹਮਦਰਦਾਂ ਨੂੰ ਅਪੀਲ ਕੀਤੀ ਕਿ 17 ਜੂਨ ਨੂੰ ਜ਼ਿਲ੍ਹੇ ਭਰ ਵਿੱਚ ਪ੍ਰਦਰਸ਼ਨ ਕੀਤੇ ਜਾਣ। ਫਲਸਤੀਨ ਇੱਕ ਆਜ਼ਾਦ ਮੁਲਕ ਸੀ ਪਰ ਯਹੂਦੀ ਇਜ਼ਰਾਈਲ ਨੇ ਫਲਸਤੀਨੀ ਦੇਸ਼ ਨੂੰ ਚਾਰ ਪਾਸਿਆਂ ਤੋਂ ਘੇਰਿਆ ਹੋਇਆ ਹੈ। ਇਜ਼ਰਾਈਲੀ ਫੌਜ ਵੱਲੋਂ ਲਗਾਤਾਰ ਫਲਸਤੀਨੀਆਂ 'ਤੇ ਹਮਲੇ ਕਰਕੇ ਹੁਣ ਤੱਕ ਇੱਕ ਲੱਖ ਤੋਂ ਉੱਪਰ ਫਲਸਤੀਨੀ ਬੱਚੇ, ਬੁੱਢੇ, ਜਵਾਨ ਮਾਰੇ ਜਾ ਚੁੱਕੇ ਹਨ। ਅਮਰੀਕਾ ਦੇ ਰਾਸ਼ਟਰਪਤੀ ਟਰੰਪ ਨੇ ਤੇ ਇਹ ਬਿਆਨ ਦਿੱਤਾ ਹੈ ਕਿ ਫਲਸਤੀਨੀਆਂ ਦੇ ਦੇਸ਼ 'ਤੇ ਵੱਖਰੀ ਕਿਸਮ ਦਾ ਇਲਾਕਾ ਵਿਕਸਤ ਕਰਨਾ ਹੈ ਜੋ ਅਨੋਖੀ ਕਿਸਮ ਦਾ ਹੋਵੇਗਾ। ਇਜ਼ਰਾਈਲ ਫਲਸਤੀਨੀਆਂ ਦੀ ਨਸਲਕੁਸ਼ੀ ਕਰ ਰਿਹਾ ਹੈ। ਆਗੂਆਂ ਨੇ ਕਿਹਾ ਕਿ ਫਲਸਤੀਨੀਆਂ ਦਾ ਕਤਲੇਆਮ ਬੰਦ ਹੋਵੇ, ਫਲਸਤੀਨ ਦੇਸ਼ ਆਜ਼ਾਦ ਕੀਤਾ ਜਾਵੇ।

ਪੰਜਾਬ ਸਰਕਾਰ ਸਮਾਜਿਕ ਨਿਆਂ ਤੇ ਸਮਾਜ ਦੇ ਸਭ ਤੋਂ ਕਮਜ਼ੋਰ ਵਰਗਾਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ : ਸੇਖਵਾਂ

ਗੁਰਦਾਸਪੁਰ (ਜਨਕ ਮਹਾਜਨ)- ਪੰਜਾਬ ਸਰਕਾਰ ਵੱਲੋਂ ਬੀਤੇ ਦਿਨੀਂ 4,727 ਗ਼ਰੀਬ ਅਨੁਸੂਚਿਤ ਜਾਤੀ ਪਰਿਵਾਰਾਂ ਦਾ 31 ਮਾਰਚ 2020 ਤੱਕ ਦਾ ਪੰਜਾਬ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਅਤੇ ਵਿੱਤ ਨਿਗਮ ਵੱਲ ਬਕਾਇਆ 68 ਕਰੋੜ ਰੁਪਏ ਦੇ ਕਰਜ਼ੇ ਨੂੰ ਮੁਆਫ਼ ਕਰਨ ਦੇ ਇਤਿਹਾਸਕ ਫ਼ੈਸਲੇ ਲਈ ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਸ. ਜਗਰੂਪ ਸਿੰਘ ਸੇਖਵਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦਾ ਤਹਿ ਦਿਲੋਂ ਧੰਨਵਾਦ ਕੀਤਾ ਹੈ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਵਲੋਂ ਇਹ ਫ਼ੈਸਲਾਕੁਨ ਕਾਰਵਾਈ ਨਾਲ ਉਨ੍ਹਾਂ ਹਜ਼ਾਰਾਂ ਪਰਿਵਾਰਾਂ ਨੂੰ ਰਾਹਤ ਮਿਲੇਗੀ ਜੋ 2 ਦਹਾਕਿਆਂ ਤੋਂ ਇਸ ਵਿੱਤੀ ਬੋਝ ਨਾਲ ਜੂਝ ਰਹੇ ਹਨ। ਕਰਜ਼ਾ ਮੁਆਫ਼ੀ ਦੇ ਫ਼ੈਸਲੇ ਬਾਰੇ ਗੱਲ ਕਰਦਿਆਂ ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਮੁਆਫ਼ ਕੀਤੀ ਗਈ ਕੁੱਲ 68 ਕਰੋੜ ਰੁਪਏ ਦੀ ਰਕਮ ਵਿੱਚ ਲਗਭਗ 30 ਕਰੋੜ ਰੁਪਏ ਮੂਲ, 22 ਕਰੋੜ ਰੁਪਏ ਵਿਆਜ ਅਤੇ 15 ਕਰੋੜ ਰੁਪਏ ਜੁਰਮਾਨਾ ਵਿਆਜ ਸ਼ਾਮਲ ਹੈ। ਪੰਜਾਬ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਅਤੇ ਵਿੱਤ ਨਿਗਮ ਵੱਲੋਂ ਜਾਰੀ ਕੀਤੇ ਗਏ ਕਰਜ਼ਿਆਂ ਦੀ 84 ਫ਼ੀਸਦੀ ਉਚੇਰੀ ਮੁੜ ਅਦਾਇਗੀ ਸਫਲਤਾ ਦਰ ਦਾ ਜ਼ਿਕਰ ਕਰਦਿਆਂ ਚੇਅਰਮੈਨ ਸ. ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਇਹ ਉਚੇਰੀ ਮੁੜ ਅਦਾਇਗੀ ਦਰ ਇਨ੍ਹਾਂ ਵਿਅਕਤੀਆਂ ਵੱਲੋਂ ਕਰਜ਼ੇ ਦੀ ਵਰਤੋਂ ਉਪਲਬਧ ਸਰੋਤਾਂ ਨੂੰ ਜੁਟਾ ਕੇ ਰੋਜ਼ੀ-ਰੋਟੀ ਕਮਾਉਣ ਅਤੇ ਪ੍ਰਾਪਤ ਕੀਤੇ ਗਏ ਕਰਜ਼ਿਆਂ ਦੀ ਅਦਾਇਗੀ ਕਰਨ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਉਨ੍ਹਾਂ ਕਿਹਾ ਕਿ ਇਹ ਫ਼ੈਸਲਾ 'ਆਪ' ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਸਮਾਜਿਕ ਨਿਆਂ ਅਤੇ ਸਮਾਜ ਦੇ ਸਭ ਤੋਂ ਕਮਜ਼ੋਰ ਵਰਗਾਂ ਦੀ ਭਲਾਈ ਪ੍ਰਤੀ ਵਚਨਬੱਧਤਾ ਦਾ ਪ੍ਰਮਾਣ ਹੈ।

ਪੰਜਾਬ ਸਟੇਟ ਸੀਨੀਅਰ ਵੈੱਲਫੇਅਰ ਪੈਨਸ਼ਨਰ ਐਸੋਸੀਏਸ਼ਨ ਵੱਲੋਂ ਇਕੱਤਰਤਾ

ਬਾਬਾ ਬਕਾਲਾ ਸਾਹਿਬ (ਜਸਪਾਲ ਸਿੰਘ)- ਸੁਖਦੇਵ ਸਿੰਘ ਭੁੱਲਰ ਪ੍ਰਧਾਨ ਪੰਜਾਬ ਸਟੇਟ ਸੀਨੀਅਰ ਵੈੱਲਫੇਅਰ ਸੁਸਾਇਟੀ ਅਤੇ ਪੈਨਸ਼ਨਰ ਐਸੋਸੀਏਸ਼ਨ ਤਹਿਸੀਲ ਬਾਬਾ ਬਕਾਲਾ ਸਾਹਿਬ ਦੀ ਪ੍ਰਧਾਨਗੀ ਹੇਠ ਮੀਟਿੰਗ ਹੋਈ ਜਿਸ ਨੂੰ ਸੰਬੋਧਨ ਕਰਦੇ ਹੋਏ ਹੈੱਡਮਾਸਟਰ ਕਰਮ ਸਿੰਘ ਬੱਲ, ਲੈਕਚਰਾਰ ਰਾਕੇਸ਼ ਕੁਮਾਰ, ਅਜ਼ਾਦ ਸਿੰਘ ਮਹਿਤਾ ਸਾ: ਸਰਪੰਚ, ਮਾ: ਮਨਜੀਤ ਸਿੰਘ ਵੱਸੀ, ਮੱਖਣ ਸਿੰਘ ਭੈਣੀਵਾਲਾ ਸਾਬਕਾ ਬੀਈਈਓ ਸਮੇਤ ਵੱਖ-ਵੱਖ ਬੁਲਾਰਿਆਂ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਲਾਰੇ-ਲੱਪੇ ਹੀ ਲਾਈ ਰੱਖੇ ਹਨ ਅਤੇ ਚੋਣਾਂ ਤੋਂ ਪਹਿਲਾਂ ਕੀਤੇ ਵਾਇਦਿਆਂ 'ਚੋਂ ਇਕ ਵੀ ਵਾਇਦਾ ਪੂਰਾ ਨਹੀਂ ਕੀਤਾ, ਅਮਨ ਕਾਨੂੰਨ ਦੀ ਸਥਿਤੀ, ਲੁੱਟਾਂ ਖੋਹਾਂ, ਕਤਲੋਗਾਰਤ ਵੱਧ ਗਈ ਹੈ। ਬੁਲਾਰਿਆਂ 01 ਜਨਵਰੀ 2016 ਤੋਂ ਤਨਖਾਹ ਕਮਿਸ਼ਨ ਦੀਆਂ ਤਰੁੱਟੀਆਂ ਦੂਰ ਕਰਕੇ 125% ਮਹਿੰਗਾਈ ਭੱਤੇ ਤੇ 2.59 ਦਾ ਸਿਫਾਰਿਸ਼ ਗੁਣਾਂਕ ਲਾਗੂ ਕਰਨ, ਮਹਿੰਗਾਈ ਭੱਠੇ ਦੀਆਂ ਰਹਿੰਦੀਆਂ ਕਿਸ਼ਤਾਂ ਜਾਰੀ ਕਰਨ, ਤਨਖਾਹ ਦੁਹਰਾਈ ਅਤੇ ਮਹਿਗਾਈ ਭੱਤੇ ਦੀਆਂ ਕਿਸ਼ਤਾਂ ਦੇ ਬਕਾਏ ਜਾਰੀ ਕਰਨ, 20 ਸਾਲ ਦੀ ਸਰਵਿਸ ਬਾਅਦ ਪੂਰੇ ਪੈਨਸ਼ਨਰੀ ਲਾਭ ਜਾਰੀ ਕਰਨ ਦੀ ਮੰਗ ਕੀਤੀ ਗਈ। ਬੁਲਾਰਿਆਂ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਸੋਧੀਆਂ ਤਨਖਾਹਾਂ/ਪੈਨਸ਼ਨਰਾਂ ਉਪਰ ਮਹਿੰਗਾਈ ਭੱਤੇ ਦੀ ਦਰ ਜੁਲਾਈ 2023 ਤੋਂ 53% ਕਰਨ ਉਪਰੰਤ ਹਰਿਆਣਾ, ਹਿਮਾਚਲ ਪ੍ਰਦੇਸ਼ ਸਮੇਤ ਸਾਰੀਆਂ ਸੂਬਾ ਸਰਕਾਰਾਂ ਵਾਂਗ 53% ਮਹਿੰਗਾਈ ਭੱਤਾ ਦਿੱਤਾ ਜਾਵੇ। ਇਸ ਮੌਕੇ ਮੱਖਣ ਸਿੰਘ ਭੈਣੀਵਾਲਾ ਨੇ ਆਪਣੀ ਪਲੇਠੀ ਪੁਸਤਕ ਅਲਬੇਲਾ ਐਸੋਸੀਏਸ਼ਨ ਦੇ ਸਮੂਹ ਮੈਂਬਰਾਂ ਨੂੰ ਭੇਟ ਕੀਤੀ। ਇਸ ਮੌਕੇ ਜਨਰਲ ਸਕੱਤਰ ਮਾ: ਨਿਰਮਲ ਸਿੰਘ ਸਿੱਧੂ ਬੇਦਾਦਪੁਰ, ਕੁਲਵੰਤ ਸਿੰਘ ਸਿੱਧੂ ਬੇਦਾਦਪੁਰ, ਰਤਨ ਸਿੰਘ ਭੁੱਲਰ, ਜੋਗਾ ਸਿੰਘ ਪੀ.ਪੀ., ਪਰਮਜੀਤ ਸੱਲ੍ਹਣ, ਕਪੂਰ ਸਿੰਘ, ਰਾਜਿੰਦਰ ਸਿੰਘ ਭੋਰਛੀ, ਹਰਮਿੰਦਰ ਸਿੰਘ ਧਰਦਿਓ, ਬਲਵਿੰਦਰ ਸਿੰਘ ਉਸਮਾਂ, ਜਸਵਿੰਦਰ ਸਿੰਘ ਪੇਰੋਸ਼ਾਹ, ਸੁਖਬੀਰ ਸਿੰਘ ਉਸਮਾਂ, ਮੁਖਤਾਰ ਸਿੰਘ ਧਰਮੂ ਚੱਕ, ਤਰਲੋਕ ਸਿੰਘ ਜਲਾਲ, ਬੇਅੰਤ ਸਿੰਘ ਸਠਿਆਲਾ, ਮਾ: ਕੇਵਲ ਸਿੰਘ ਲੋਹਗੜ੍ਹ ਵੀ ਹਾਜ਼ਰ ਸਨ ।

ਸਰਕਾਰੀ ਹਸਪਤਾਲ 'ਚ ਪਾਣੀ ਦੀ ਸਪਲਾਈ ਬੰਦ ਹੋਣ ਕਾਰਨ ਮਰੀਜ਼ ਹੋਏ ਹਾਲੋਂ ਬੇਹਾਲ

ਅਜਨਾਲਾ (ਸੁਖਤਿੰਦਰ ਸਿੰਘ ਰਾਜੂ)— ਸਰਕਾਰੀ ਹਸਪਤਾਲ ਅਜਨਾਲਾ ਵਿੱਚ ਪਾਣੀ ਦੀ ਸਪਲਾਈ ਬੰਦ ਹੋਣ ਕਰਕੇ ਮਰੀਜ਼ ਬਹੁਤ ਪਰੇਸ਼ਾਨ ਹੋਏ। ਇਹ ਸਭ ਪਾਣੀ ਦੀ ਮੋਟਰ ਖਰਾਬ ਹੋਣ ਕਰਕੇ ਵਾਪਰਿਆ। ਬਾਥਰੂਮਾਂ ਦੇ ਦਰਵਾਜ਼ੇ ਤੱਕ ਬੰਦ ਸਨ। ਆਰਓ ਬਗੈਰਾ ਕੰਮ ਕਰਨਾ ਬੰਦ ਕਰ ਗਏ। ਇਹ ਲਾਚਾਰੀ ਦਾ ਮੰਜ਼ਰ ਸਾਰਾ ਦਿਨ ਦੇਖਣ ਨੂੰ ਮਿਲਿਆ। ਹੈਰਾਨੀ ਤਾਂ ਇਸ ਗੱਲ ਦੀ ਹੈ ਕਿ ਇੱਕ ਪਾਸੇ ਸਰਕਾਰ ਵਾਅਦੇ ਕਰਦੀ ਹੈ ਸਰਕਾਰੀ ਮੈਡੀਕਲ ਸਹੂਲਤਾਂ ਵਧੀਆ ਦੇਣ ਦੀ ਅਤੇ ਦੂਸਰੇ ਪਾਸੇ ਇੰਨੀ ਗਰਮੀ ਵਿੱਚ ਪਾਣੀ ਦਾ ਨਾ ਮਿਲਣਾ ਸਰਕਾਰ ਦੀ ਨਾਕਾਮੀ ਨੂੰ ਪੇਸ਼ ਕਰਦਾ ਹੈ। ਜਦੋਂ ਇਸ ਸਬੰਧੀ ਅਜਨਾਲਾ ਦੇ ਸਰਕਾਰੀ ਹਸਪਤਾਲ ਦੇ ਸੀਨੀਅਰ ਮੈਡੀਕਲ ਅਫਸਰ ਮੈਡਮ ਸ਼ਾਲੂ ਅਗਰਵਾਲ ਨਾਲ ਗੱਲ ਕੀਤੀ ਤਾਂ ਉਨ੍ਹਾਂ ਨੇ ਦੱਸਿਆ ਕਿ ਮੋਟਰ ਸੜ ਗਈ ਹੈ, ਅਸੀਂ ਹਾਲ ਦੀ ਘੜੀ ਪਾਣੀ ਦਾ ਟੈਂਕਰ ਮੰਗਾ ਕੇ ਪੀਣ ਵਾਲਾ ਪਾਣੀ ਮੁਹੱਈਆ ਕਰਵਾ ਰਹੇ ਹਾਂ। ਬਹੁਤ ਜਲਦ ਪਾਣੀ ਦੀ ਸਪਲਾਈ ਬਹਾਲ ਹੋ ਜਾਏਗੀ।

ਪੀਐੱਨਬੀ ਵੱਲੋਂ ਸ਼ਹੀਦ ਸਬ-ਇੰਸਪੈਕਟਰ ਕਰਮਜੀਤ ਸਿੰਘ ਦੇ ਪਰਿਵਾਰ ਨੂੰ 50 ਲੱਖ ਦਾ ਚੈੱਕ ਭੇਟ

ਗੁਰਦਾਸਪੁਰ (ਜਨਕ ਮਹਾਜਨ)- ਪੰਜਾਬ ਨੈਸ਼ਨਲ ਬੈਂਕ ਹਨੂੰਮਾਨ ਚੌਕ ਬਰਾਂਚ ਗੁਰਦਾਸਪੁਰ ਵਿਖੇ ਸ਼ਹੀਦ ਬੀ. ਐੱਸ. ਐੱਫ. ਸਬ ਇੰਸਪੈਕਟਰ ਕਰਮਜੀਤ ਸਿੰਘ ਦੇ ਪਰਿਵਾਰ ਨੂੰ ਪੀ. ਐੱਨ. ਬੀ. ਰਖਸ਼ਕ ਸਕੀਮ ਤਹਿਤ 50 ਲੱਖ ਰੁਪਏ ਦਾ ਚੈੱਕ ਦੇਣ ਸਬੰਧੀ ਇਕ ਸਾਦਾ ਅਤੇ ਪ੍ਰਭਾਵਸ਼ਾਲੀ ਸਮਾਗਮ ਕਰਵਾਇਆ ਗਿਆ ਜਿਸ ਦੀ ਪ੍ਰਧਾਨਗੀ ਪੰਜਾਬ ਨੈਸ਼ਨਲ ਬੈਂਕ ਦੇ ਸਰਕਲ ਹੈੱਡ ਸੰਜੀਤ ਕੁਮਾਰ ਕੌਂਡਲ ਨੇ ਕੀਤੀ। ਇਸ ਮੌਕੇ ਉਨ੍ਹਾਂ ਨਾਲ ਸ਼ਾਸ਼ੰਕ ਸ਼ੁਕਲਾ ਚੀਫ਼ ਮੈਨੇਜਰ ਤੋਂ ਇਲਾਵਾ ਰਾਜਨ ਮਲਹੋਤਰਾ ਲੀਡ ਬੈਂਕ ਮੈਨੇਜਰ, ਗੁਰਮੀਤ ਸ਼ਰਮਾ ਸੀਨੀਅਰ ਮੈਨੇਜਰ ਹਾਜ਼ਰ ਸਨ। ਇਸ ਮੌਕੇ ਜਾਣਕਾਰੀ ਦਿੰਦਿਆਂ ਸਰਕਲ ਹੈੱਡ ਸੰਜੀਵ ਕੁਮਾਰ ਕੌਂਡਲ ਨੇ ਦੱਸਿਆ ਕਿ ਸ਼ਹੀਦ ਕਰਮਜੀਤ ਸਿੰਘ ਦਾ ਪੀ. ਐੱਨ. ਬੀ. ਬੈਂਕ ਗੁਰਦਾਸਪੁਰ ਵਿੱਚ ਆਪਣੀ ਤਨਖ਼ਾਹ ਦਾ ਬੱਚਤ ਖਾਤਾ ਖੋਲ੍ਹਿਆ ਸੀ ਜੋ ਰਖ਼ਸ਼ਕ ਯੋਜਨਾ ਨਾਲ ਜੁੜਿਆ ਹੋਇਆ ਸੀ। ਉਨ੍ਹਾਂ ਦੀ ਮੌਤ ਤੋਂ ਬਾਅਦ ਰਖ਼ਸ਼ਕ ਸਕੀਮ ਤਹਿਤ ਬਣਦੀ ਬੀਮੇ ਦੀ ਰਾਸ਼ੀ ਦਾ ਚੈੱਕ ਉਨ੍ਹਾਂ ਦੀ ਧਰਮ ਪਤਨੀ ਪਰਮਜੀਤ ਕੌਰ ਵਾਸੀ ਝਾਵਰ ਨੂੰ ਸੌਂਪਿਆ ਗਿਆ। ਸੁਜੀਤ ਕੁਮਾਰ ਕੌਂਡਲ ਨੇ ਕਿਹਾ ਕਿ ਪੀ. ਐੱਨ. ਬੀ. ਬਹਾਦੁਰ ਸ਼ਹੀਦਾਂ ਦੇ ਨਾਲ ਮਜ਼ਬੂਤੀ ਨਾਲ ਖੜਾ ਹੈ। ਉਨ੍ਹਾਂ ਕਿਹਾ ਕਿ ਕਰਮਜੀਤ ਸਿੰਘ ਦੀ ਸ਼ਹੀਦੀ ਨੂੰ ਉਹ ਸਲਾਮ ਕਰਦੇ ਹਨ ਅਤੇ ਅਤਿ ਸੰਵੇਦਨਸ਼ੀਲਤਾ ਪ੍ਰਗਟ ਕਰਦੇ ਹਾਂ। ਉਨ੍ਹਾਂ ਕਿਹਾ ਕਿ ਰਖ਼ਸ਼ਕ ਯੋਜਨਾ ਸਕੀਮ ਅਰਧ ਸੈਨਿਕ ਕਰਮਚਾਰੀਆਂ ਨੂੰ ਬੀਮਾ ਕਵਰੇਜ ਪ੍ਰਦਾਨ ਕਰਦੀ ਹੈ ਅਤੇ ਪਰਿਵਾਰਾਂ ਦੀ ਸ਼ਹੀਦ ਅਤੇ ਵਿਕਲਾਂਗਤਾ ਦੇ ਮਾਮਲੇ ਵਿੱਚ ਪੀਐੱਨਬੀ ਵਲੋਂ ਤੁਰੰਤ ਮਦਦ ਦਿੱਤੀ ਜਾਂਦੀ ਹੈ। ਇਸ ਸਮਾਰੋਹ ਵਿਚ ਸ਼ਹੀਦ ਕਰਮਜੀਤ ਸਿੰਘ ਦੇ ਪਰਿਵਾਰ ਦੇ ਮੈਂਬਰ ਵੀ ਸ਼ਾਮਿਲ ਹੋਏ।

ਪਿੰਗਲਵਾੜਾ ਸੋਸਾਇਟੀ ਵੱਲੋਂ ਦਾਨ ਇਕੱਤਰ ਕਰਨ ਵਾਲੇ ਨੌਜਵਾਨਾਂ ਦਾ ਧੰਨਵਾਦ

ਅੰਮ੍ਰਿਤਸਰ (ਨਰਿੰਦਰਜੀਤ)- ਪਿੰਗਲਵਾੜਾ ਸੋਸਾਇਟੀ ਆਫ਼ ਓਨਟਾਰੀਓ ਕੈਨੇਡਾ ਵਿੱਚ ਰਜਿਸਟਰਡ ਸੋਸਾਇਟੀ ਹੈ। ਆਲ ਇੰਡੀਆ ਪਿੰਗਲਵਾੜਾ ਚੈਰੀਟੇਬਲ ਸੋਸਾਇਟੀ ਦੇ ਸਾਰੇ ਵਿੱਦਿਅਕ ਅਦਾਰੇ ਪਿੰਗਲਵਾੜਾ ਸੋਸਾਇਟੀ ਆਫ਼ ਓਨਟਾਰੀਓ ਵੱਲੋਂ ਹੀ ਚਲਾਏ ਜਾ ਰਹੇ ਹਨ। ਕੈਨੇਡਾ ਵਿੱਚ ਵੱਖ-ਵੱਖ ਸੰਸਥਾਵਾਂ ਪਿੰਗਲਵਾੜਾ ਸੋਸਾਇਟੀ ਆਫ਼ ਓਨਟਾਰੀਓ ਲਈ ਫੰਡ ਇਕੱਠਾ ਕਰਦੀਆਂ ਹਨ। ਇੱਕ ਭੰਗੜਾ ਕਲੱਬ ਨੇ ਪਿਛਲੇ ਸਾਲ $50,000 ਇਕੱਠੇ ਕੀਤੇ ਸੀ। ਇਸ ਸਾਲ ਇਸ ਕਲੱਬ ਨੇ $80,000 ਇਕੱਠੇ ਕਰਕੇ ਪਿੰਗਲਵਾੜਾ ਸੋਸਾਇਟੀ ਆਫ਼ ਓਨਟਾਰੀਓ ਨੂੰ ਦਾਨ ਕੀਤੇ ਹਨ। ਇਹ ਰਕਮ ਆਲ ਇੰਡੀਆ ਪਿੰਗਲਵਾੜਾ ਚੈਰੀਟੇਬਲ ਸੋਸਾਇਟੀ, ਅੰਮ੍ਰਿਤਸਰ ਵੱਲੋਂ ਆਰਥਿਕ ਰੂਪ ਵਿਚ ਕਮਜ਼ੋਰ ਪਰਿਵਾਰਾਂ ਦੇ ਬੱਚਿਆਂ ਦੀ ਸਿੱਖਿਆ, ਪਿੰਗਲਵਾੜਾ ਵਿੱਚ ਰਹਿ ਰਹੇ ਵਿਸ਼ੇਸ਼ ਬੱਚਿਆਂ ਅਤੇ ਬਹਿਰੇ ਬੱਚਿਆਂ ਦੇ ਸਕੂਲ ਲਈ ਵਰਤੀ ਜਾਵੇਗੀ। ਪਿੰਗਲਵਾੜਾ ਸੋਸਾਇਟੀ ਇਨ੍ਹਾਂ ਨੌਜਵਾਨਾਂ ਦੀ ਸਮਾਜਿਕ ਕੰਮਾਂ ਪ੍ਰਤੀ ਲਗਨ ਲਈ ਹੱਦੋਂ ਵੱਧ ਧੰਨਵਾਦੀ ਹੈ।

ਡਾ. ਸਿਕੰਦਰ ਸਿੰਘ ਲੋਧੀਨੰਗਲ ਨੇ ਖੇਤੀਬਾੜੀ ਵਿਕਾਸ ਅਫ਼ਸਰ ਵਜੋਂ ਅਹੁਦਾ ਸੰਭਾਲਿਆ

ਫ਼ਤਿਹਗੜ੍ਹ ਚੂੜੀਆਂ (ਜਸਦੇਵ ਮਾਨ)- ਮੁੱਖ ਮੰਤਰੀ ਭਗਵੰਤ ਮਾਨ ਦੇ ਅਹਿਮ ਉਪਰਾਲਿਆਂ ਸਦਕਾ ਸੂਬੇ ਵਿੱਚ 9 ਖੇਤੀਬਾੜੀ ਵਿਕਾਸ ਅਫ਼ਸਰਾਂ ਨੂੰ ਨਿਯੁਕਤੀ ਪੱਤਰ ਦੇ ਕੇ ਵੱਖ-ਵੱਖ ਸਟੇਸ਼ਨਾਂ 'ਤੇ ਤਾਇਨਾਤ ਕੀਤਾ ਗਿਆ, ਜਿਸ ਵਿੱਚ ਹਲਕਾ ਫ਼ਤਿਹਗੜ੍ਹ ਚੂੜੀਆਂ ਦੇ ਪਿੰਡ ਲੋਧੀਨੰਗਲ ਨਾਲ ਸਬੰਧਿਤ ਡਾ. ਸਿਕੰਦਰ ਸਿੰਘ ਦਾ ਨਾਮ ਸ਼ਾਮਿਲ ਹੈ, ਜਿਨ੍ਹਾਂ ਵੱਲੋਂ ਬਤੌਰ ਖੇਤੀਬਾੜੀ ਵਿਕਾਸ ਅਫ਼ਸਰ (ਗਰੁੱਪ ਏ) ਦੀ ਆਸਾਮੀ ਅਧੀਨ ਮੁੱਖ ਖੇਤੀਬਾੜੀ ਦਫ਼ਤਰ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਮੁੱਖ ਖੇਤੀਬਾੜੀ ਅਫ਼ਸਰ ਡਾ. ਬਲਜਿੰਦਰ ਸਿੰਘ ਭੁੱਲਰ ਦੀ ਮੌਜੂਦਗੀ ਵਿੱਚ ਜੁਆਈਨਿੰਗ ਕੀਤੀ ਗਈ, ਜਿਨ੍ਹਾਂ ਨੂੰ ਮਜੀਠਾ ਇਲਾਕੇ ਦਾ ਕਾਰਜਭਾਰ ਸੌਂਪਿਆ ਗਿਆ ਹੈ।ਉਨ੍ਹਾਂ ਵੱਲੋਂ ਸਾਲ 2017 ਵਿੱਚ ਖੇਤੀਬਾੜੀ ਵਿਭਾਗ ਵਿੱਚ ਆਤਮਾ ਅਧੀਨ ਆਪਣੀ ਨੌਕਰੀ ਦੀ ਸ਼ੁਰੂਆਤ ਕੀਤੀ ਗਈ ਸੀ, ਜਿਸ ਦੌਰਾਨ ਉਨ੍ਹਾਂ ਬਲਾਕ ਫ਼ਤਿਹਗੜ੍ਹ ਚੂੜੀਆਂ ਵਿੱਚ ਲੰਬਾ ਸਮਾਂ ਕਿਸਾਨੀ ਸੇਵਾ 'ਚ ਯੋਗਦਾਨ ਪਾਇਆ।ਉਪਰੰਤ ਇਸੇ ਵਿਭਾਗ ਵਿੱਚ ਬਤੌਰ ਖੇਤੀਬਾੜੀ ਸਬ ਇੰਸਪੈਕਟਰ ਵਜੋਂ ਕੰਮ ਕੀਤਾ।ਉਨ੍ਹਾਂ ਇਹ ਸਾਰੀ ਕਾਮਯਾਬੀ ਦਾ ਸਿਹਰਾ ਆਪਣੇ ਪਿਤਾ ਸੁਖਵਿੰਦਰ ਸਿੰਘ, ਮਾਤਾ ਕੁਲਦੀਪ ਕੌਰ, ਪਤਨੀ ਅਰਸ਼ਪ੍ਰੀਤ ਕੌਰ ਅਤੇ ਸਮੂਹ ਪਰਿਵਾਰ ਨੂੰ ਦਿੱਤਾ। ਡਾ. ਸਿਕੰਦਰ ਸਿੰਘ ਨੇ ਨੌਜਵਾਨਾਂ ਨੂੰ ਉਚੇਰੀ ਵਿੱਦਿਆ ਲਈ ਪ੍ਰੇਰਿਤ ਕਰਦਿਆਂ ਨਸ਼ਿਆਂ ਤੋਂ ਦੂਰ ਰਹਿਣ ਦੀ ਅਪੀਲ ਵੀ ਕੀਤੀ।ਇਸ ਮੌਕੇ ਡਾ. ਦਿਲਬਾਗ ਸਿੰਘ ਭੱਟੀ, ਡਾ. ਹਰਭਿੰਦਰ ਸਿੰਘ, ਡਾ. ਰਮਨ ਕੁਮਾਰ, ਡਾ. ਸੁਖਚੈਨ ਸਿੰਘ, ਡਾ. ਹਰਪ੍ਰੀਤ ਸਿੰਘ, ਡਾ. ਗੁਰਮੀਤ ਸਿੰਘ ਰਿਆੜ (ਸਾਰੇ ਖੇਤੀਬਾੜੀ ਅਫ਼ਸਰ), ਡਾ. ਹਰਜਿੰਦਰ ਸਿੰਘ, ਡਾ. ਮਨਦੀਪ ਸਿੰਘ, ਡਾ.

ਨਵਾਂ ਜ਼ਮਾਨਾ
ਵੀਰਵਾਰ, 12 ਜੂਨ 2025

ਅਮਰੀਕਾ 'ਚ ਭਾਰਤੀ ਵਿਦਿਆਰਥੀਆ ਨਾਲ ਧੱਕਾ

ਇਸ ਸਮੇਂ ਟਰੰਪ ਪ੍ਰਸ਼ਾਸਨ ਵੱਲੋਂ ਬਦੇਸ਼ੀ ਵਿਦਿਆਰਥੀਆ ਨਾਲ ਕਿਹੋ ਜਿਹਾ ਵਿਹਾਰ ਕੀਤਾ ਜਾ ਰਿਹਾ ਹੈ, ਇਸ ਦੀ ਤਾਜ਼ਾ ਮਿਸਾਲ ਇੱਕ ਵਾਇਰਲ ਹੋਈ ਵੀਡੀਓ ਹੈ, ਜਿਸ ਵਿੱਚ ਇੱਕ ਹੱਥਕੜੀ ਲੱਗੇ ਭਾਰਤੀ ਵਿਦਿਆਰਥੀ ਨੂੰ ਜ਼ਮੀਨ 'ਤੇ ਸੁੱਟ ਕੇ ਬੁਰੀ ਤਰ੍ਹਾਂ ਮਧੋਲਿਆ ਜਾ ਰਿਹਾ ਹੈ। ਲੱਖਾਂ ਰੁਪਏ ਖ਼ਰਚ ਕੇ ਉੱਚ ਵਿੱਦਿਆ ਹਾਸਲ ਕਰਨ ਲਈ ਗਏ ਇਸ ਵਿਦਿਆਰਥੀ ਨੂੰ ਪਾਗਲ ਕਰਾਰ ਦੇ ਕੇ ਡਿਪੋਰਟ ਕੀਤਾ ਜਾ ਰਿਹਾ ਹੈ, ਜਿਹੜਾ ਉੱਚੀ-ਉੱਚੀ ਕੁਰਲਾ ਰਿਹਾ ਹੈ, 'ਮੈਂ ਪਾਗਲ ਨਹੀਂ ਹਾਂ।'

ਇਹ ਇੱਕੋ ਇੱਕ ਘਟਨਾ ਨਹੀਂ, ਸਗੋਂ ਆਮ ਵਰਤਾਰਾ ਹੈ, ਜਿਸ ਤੋਂ ਯੂਨੀਵਰਸਿਟੀਆਂ ਵਿੱਚ ਪੜ੍ਹ ਰਹੇ ਵਿਦੇਸ਼ੀ ਵਿਦਿਆਰਥੀ ਬੁਰੀ ਤਰ੍ਹਾਂ ਡਰੇ, ਸਹਿਮੇ ਦਿਨ ਕੱਟ ਰਹੇ ਹਨ। ਹਰ ਵਿਦਿਆਰਥੀ ਦਹਿਸ਼ਤਜ਼ਦਾ ਹੈ ਕਿ ਪਤਾ ਨਹੀਂ ਕਦੋਂ ਉਸ ਨੂੰ ਜਬਰੀ ਚੁੱਕ ਕੇ ਹਜ਼ਾਰਾਂ ਮੀਲ ਦੂਰ ਡਿਟੈਂਸ਼ਨ ਕੈਂਪ ਵਿੱਚ ਸੁੱਟ ਦਿੱਤਾ ਜਾਵੇਗਾ। ਇਨ੍ਹਾਂ ਡਿਟੈਂਸ਼ਨ ਕੈਂਪਾਂ ਵਿੱਚ ਲੰਮਾ ਸਮਾਂ ਤਸੀਹੇ ਝੱਲਣ ਤੋਂ ਬਾਅਦ ਉਨ੍ਹਾਂ ਨੂੰ ਵਾਪਸ ਉਨ੍ਹਾਂ ਦੇ ਦੇਸ਼ਾਂ ਵਿੱਚ ਭੇਜ ਦਿੱਤਾ ਜਾਵੇਗਾ।

ਇਨ੍ਹਾਂ ਵਿਦਿਆਰਥੀਆਂ ਨਾਲ ਇਹ ਵਿਹਾਰ ਇਸ ਲਈ ਨਹੀਂ ਕੀਤਾ ਜਾ ਰਿਹਾ ਕਿ ਉਨ੍ਹਾਂ ਕਿਸੇ ਕਾਨੂੰਨ ਦੀ ਉਲੰਘਣਾ ਕੀਤੀ ਹੈ, ਸਗੋਂ ਇਹ ਟਰੰਪ ਦੀ ਸਨਕ ਦਾ ਸ਼ਿਕਾਰ ਹੋ ਰਹੇ ਹਨ। ਇੱਕ ਅੰਦਾਜ਼ੇ ਮੁਤਾਬਕ ਹੁਣ ਤੱਕ 1500 ਵਿਦਿਆਰਥੀਆਂ ਦੇ ਵੀਜ਼ੇ ਰੱਦ ਕੀਤੇ ਜਾ ਚੁੱਕੇ ਹਨ। ਕੁਝ ਵਿਦਿਆਰਥੀਆਂ ਦੇ ਵੀਜ਼ੇ ਇਸ ਲਈ ਰੱਦ ਕੀਤੇ ਗਏ ਹਨ ਕਿ ਉਨ੍ਹਾਂ ਆਪਣੇ ਕਿਸੇ ਲੇਖ ਜਾਂ ਫੇਸਬੁੱਕ ਪੋਸਟ ਰਾਹੀਂ ਇਸਰਾਈਲ ਵੱਲੋਂ ਗਾਜ਼ਾ ਪੱਟੀ ਵਿੱਚ ਬੱਚਿਆਂ ਦੇ ਕਤਲੇਆਮ ਉੱਤੇ ਹਉਕਾ ਭਰਿਆ ਸੀ।

ਇੱਕ ਵਿਦਿਆਰਥੀ ਨੂੰ ਇਸ ਲਈ ਨਿਸ਼ਾਨਾ ਬਣਾਇਆ ਗਿਆ ਹੈ ਕਿ ਉਹ ਕਿਸੇ ਸਮੇਂ ਇੱਕ ਹਮਾਸ ਹਮੈਤੀ ਨਾਲ ਜੁੜਿਆ ਰਿਹਾ ਸੀ, ਹਾਲਾਂਕਿ ਉਸ ਨੇ ਦਹਾਕਾ ਪਹਿਲਾਂ ਹੀ ਉਸ ਦਾ ਸਾਥ ਛੱਡ ਦਿੱਤਾ ਸੀ ਤੇ ਹਮਾਸ ਦੇ ਅਕਤੂਬਰ 2023 ਨੂੰ ਇਸਰਾਈਲ ਉੱਤੇ ਕੀਤੇ ਹਮਲੇ ਦੀ ਵੀ ਨਿੰਦਾ ਕੀਤੀ ਸੀ। ਹਾਲਾਤ ਇਹ ਹਨ ਕਿ ਵਿਦਿਆਰਥੀ ਸੋਸ਼ਲ ਮੀਡੀਆ 'ਤੇ ਪੋਸਟਾਂ ਪਾਉਣੋਂ ਕੰਨੀ ਕਤਰਾ ਰਹੇ ਹਨ ਤੇ ਆਪਣੀਆਂ ਪੁਰਾਣੀਆਂ ਪੋਸਟਾਂ ਹਟਾ ਰਹੇ ਹਨ। ਇਸ ਸਮੇਂ ਸਭ ਪ੍ਰਸ਼ਾਸਨਿਕ ਅਧਿਕਾਰੀ ਇਸੇ ਕੰਮ 'ਤੇ ਲੱਗੇ ਹੋਏ ਹਨ ਕਿ ਕਿਸੇ ਪੋਸਟ ਦਾ ਸਹਾਰਾ ਲੈ ਕੇ ਕਿਸੇ ਬਦੇਸ਼ੀ ਵਿਦਿਆਰਥੀ ਨੂੰ ਅਮਰੀਕਾ ਦੀ ਬਦੇਸ਼ ਨੀਤੀ ਦੇ ਖ਼ਿਲਾਫ਼ ਦੱਸ ਕੇ ਨਿਸ਼ਾਨਾ ਬਣਾਇਆ ਜਾ ਸਕੇ। ਸਪੱਸ਼ਟ ਤੌਰ ਉੱਤੇ ਦੁਨੀਆ ਨੂੰ ਪ੍ਰਗਟਾਵੇ ਦੀ ਆਜ਼ਾਦੀ ਦਾ ਪਾਠ ਪੜ੍ਹਾਉਣ ਵਾਲੇ ਅਮਰੀਕਾ ਵਿੱਚ ਬਦੇਸ਼ੀ ਵਿਦਿਆਰਥੀ ਅੱਜ ਗੁਲਾਮਾਂ ਵਾਲੀ ਜ਼ਿੰਦਗੀ ਜੀ ਰਹੇ ਹਨ। ਹਰ ਉਹ ਵਿਦਿਆਰਥੀ ਜਿਹੜਾ ਵਿਚਾਰਵਾਨ ਤੇ ਸੰਵੇਦਨਸ਼ੀਲ ਹੈ, ਜਿਸ ਦੀ ਆਤਮਾ ਗਾਜ਼ਾ ਵਿੱਚ ਹੋ ਰਹੇ ਕਤਲੇਆਮ ਦੇਖ ਕੇ ਤੜਫਦੀ ਹੈ, ਟਰੰਪ ਪ੍ਰਸ਼ਾਸਨ ਲਈ ਦੁਸ਼ਮਣ ਬਣ ਚੁੱਕਾ ਹੈ।

ਅੱਜ ਇਹ ਹਮਲਾ ਬਦੇਸ਼ੀ ਵਿਦਿਆਰਥੀਆਂ 'ਤੇ ਹੋ ਰਿਹਾ ਹੈ, ਕੱਲ੍ਹ ਨੂੰ ਗਰੀਨ ਕਾਰਡ ਹਾਸਲ ਕਰ ਚੁੱਕੇ ਬਦੇਸ਼ੀਆਂ 'ਤੇ ਵੀ ਹੋ ਸਕਦਾ ਹੈ । ਇਹੋ ਰੁਝਾਨ ਰਿਹਾ ਤਾਂ ਵਾਰੀ ਅਮਰੀਕੀ ਨਾਗਰਿਕਾਂ ਦੀ ਵੀ ਆ ਸਕਦੀ ਹੈ, ਬਸ ਏਨਾ ਬਹਾਨਾ ਚਾਹੀਦਾ ਕਿ ਉਹ ਅਮਰੀਕਾ ਵਿਰੋਧੀ ਤੱਤਾਂ ਨਾਲ ਮਿਲੇ ਹੋਏ ਹਨ।

ਅਸਲ ਵਿੱਚ ਇਸ ਸਾਰੇ ਅਮਲ ਦਾ ਕਾਰਨ ਪੂੰਜੀਵਾਦ ਦਾ ਸੰਕਟ ਹੈ, ਜੋ ਏਨਾ ਗੰਭੀਰ ਹੋ ਚੁੱਕਾ ਹੈ ਕਿ ਉਸ ਦਾ ਕੋਈ ਹੱਲ ਨਜ਼ਰ ਨਹੀਂ ਆ ਰਿਹਾ। ਟਰੰਪ ਪ੍ਰਸ਼ਾਸਨ ਮੌਜੂਦਾ ਵਿਵਸਥਾ ਅੰਦਰ ਹੀ ਇਸ ਸੰਕਟ ਨੂੰ ਹੱਲ ਕਰਨਾ ਚਾਹੁੰਦਾ ਹੈ, ਪਰ ਉਸ ਦੇ ਸਾਰੇ ਯਤਨ ਨਿਰਾਰਥਕ ਸਾਬਤ ਹੋ ਰਹੇ ਹਨ। ਟਰੰਪ ਨੇ ਇਸ ਸੰਕਟ ਨੂੰ ਹੱਲ ਕਰਨ ਲਈ ਜਿਹੜੇ ਵੀ ਕਦਮ ਪੁੱਟੇ ਹਨ, ਉਨ੍ਹਾਂ ਸੰਕਟ ਨੂੰ ਹੋਰ ਗੰਭੀਰ ਕੀਤਾ ਹੈ।

ਅਮਰੀਕਾ ਵਿੱਚੋਂ ਨਿਕਲ ਕੇ ਬਾਹਰ ਜਾ ਚੁੱਕੀਆਂ ਕੰਪਨੀਆਂ ਨੂੰ ਮੁੜ ਵਾਪਸ ਲਿਆਉਣ ਲਈ ਟੈਰਿਫ ਯੁੱਧ ਨੇ ਅਜਿਹੀ ਅਫ਼ਰਾ-ਤਫਰੀ ਮਚਾਈ ਕਿ ਟਰੰਪ ਨੂੰ ਆਪਣੇ ਪੈਰ ਪਿੱਛੇ ਖਿੱਚਣੇ ਪਏ। ਡਾਲਰ ਦੀ ਖ਼ਤਮ ਹੁੰਦੀ ਸਰਦਾਰੀ ਨੂੰ ਧੱਕੇ ਨਾਲ ਬਹਾਲ ਰੱਖਣ ਦੀ ਚਾਲ ਵੀ ਕੰਮ ਨਹੀਂ ਆ ਰਹੀ। ਟਰੰਪ ਦੀ ਧੌਂਸ ਨੇ ਅਮਰੀਕਾ ਦੇ ਪੱਕੇ ਸਹਿਯੋਗੀ ਦੇਸ਼ਾਂ ਨੂੰ ਵੀ ਉਸ ਤੋਂ ਦੂਰ ਕਰ ਦਿੱਤਾ ਹੈ। ਦੁਨੀਆ ਦੇ ਤੀਜੇ ਵੱਡੇ ਤੇਲ ਉਤਪਾਦਕ ਦੇਸ਼ ਕੈਨੇਡਾ ਨੇ ਆਪਣਾ ਕੱਚਾ ਤੇਲ ਅਮਰੀਕਾ ਨੂੰ ਦੇਣਾ ਬੰਦ ਕਰਕੇ ਏਸ਼ੀਆਈ ਦੇਸ਼ਾਂ ਨਾਲ ਸਾਂਝ ਪਾ ਲਈ ਹੈ। ਯੂਰਪੀ ਯੂਨੀਅਨ ਦੇ ਦੇਸ਼ਾਂ ਨੇ ਵੀ ਵੱਖਰੇ ਰਾਹ ਫੜ ਲਏ ਹਨ। ਇਨ੍ਹਾਂ ਦੇਸ਼ਾਂ ਨੇ ਆਪਣੇ ਨਾਗਰਿਕਾਂ ਨੂੰ ਸਲਾਹ ਦਿੱਤੀ ਹੈ ਕਿ ਉਹ ਏਅਰਪੋਰਟਾਂ 'ਤੇ ਹੁੰਦੀ ਖੱਜਲ-ਖੁਆਰੀ ਤੇ ਬੇਇੱਜ਼ਤੀ ਤੋਂ ਬਚਣ ਲਈ ਅਮਰੀਕਾ ਜਾਣ ਤੋਂ ਗੁਰੇਜ਼ ਕਰਨ। ਸਿੱਟੇ ਵਜੋਂ ਅਮਰੀਕਾ ਦੀ ਟੂਰਿਸਟ ਇੰਡਸਟਰੀ ਗੋਤੇ ਖਾਣ ਲੱਗ ਪਈ ਹੈ। ਅਮਰੀਕੀ ਯੂਨੀਵਰਸਿਟੀਆਂ ਵਿੱਚ ਬਦੇਸ਼ੀ ਵਿਦਿਆਰਥੀਆਂ ਨਾਲ ਜਿਸ ਤਰ੍ਹਾਂ ਮਾੜਾ ਸਲੂਕ ਹੋ ਰਿਹਾ ਹੈ, ਉਸ ਕਾਰਨ ਅੱਗੇ ਤੋਂ ਵਿਦਿਆਰਥੀ ਅਮਰੀਕਾ ਵਿੱਚ ਪੜ੍ਹਾਈ ਕਰਨ ਜਾਣ ਤੋਂ ਪਾਸਾ ਵੱਟਣ ਲੱਗ ਜਾਣਗੇ। ਇਸ ਸਮੇਂ ਅਮਰੀਕਾ ਵਿੱਚ 11 ਲੱਖ ਦੇ ਕਰੀਬ ਬਦੇਸ਼ੀ ਵਿਦਿਆਰਥੀ ਪੜ੍ਹ ਰਹੇ ਹਨ। ਇਨ੍ਹਾਂ ਬਦੇਸ਼ੀ ਵਿਦਿਆਰਥੀਆਂ ਦੀਆਂ ਫੀਸਾਂ ਕਾਰਨ ਹੀ ਅਮਰੀਕਾ ਦੀ ਉਸ ਸਿੱਖਿਆ ਵਿਵਸਥਾ ਚੱਲ ਰਹੀ ਹੈ।

ਅਜਿਹੀ ਹਾਲਤ ਵਿੱਚ ਸਾਡੇ ਵਰਗੇ ਵਿਕਾਸਸ਼ੀਲ ਦੇਸ਼ਾਂ ਲਈ ਇੱਕ ਮੌਕਾ ਹੈ ਕਿ ਉਹ ਅਮਰੀਕਾ ਵਰਗੇ ਦੇਸ਼ਾਂ ਵਿੱਚ ਜਾ ਰਹੀ ਆਪਣੀ ਪ੍ਰਤਿਭਾਸ਼ਾਲੀ ਪੀੜ੍ਹੀ ਨੂੰ ਆਪਣੇ ਦੇਸ਼ ਵਿੱਚ ਹੀ ਮੌਕੇ ਮੁਹੱਈਆ ਕਰਵਾਵੇ। ਭਾਰਤ ਦੇ ਹਾਕਮਾਂ ਨੂੰ ਵੀ ਸੋਚਣਾ ਚਾਹੀਦਾ ਹੈ ਕਿ ਆਪਣੀ ਪ੍ਰਤਿਭਾ ਨੂੰ ਦੇਸ਼ ਅੰਦਰੇ ਹੀ ਚੁਸਤ-ਦਰੁਸਤ ਸਿੱਖਿਆ ਢਾਂਚਾ ਦੇ ਕੇ ਸਹੀ ਅਰਥਾਂ ਵਿੱਚ ਭਾਰਤ ਨੂੰ ਵਿਸ਼ਵ ਗੁਰੂ ਬਣਨ ਦੇ ਰਾਹ ਉੱਤੇ ਪਾਵੇ।

-ਚੰਦ ਫਤਿਹਪੁਰੀ

ਕਦੋਂ ਆਏਗਾ ਬਦਲਾਅ ?

ਗੁਰਮੀਤ ਸਿੰਘ ਪਲਾਹੀ

ਵਿਕਸਤ ਦੇਸ਼ਾਂ ਦੇ ਹੁਕਮਰਾਨ ਇਹ ਜਾਣਦੇ ਹਨ ਕਿ ਜਦ ਤੱਕ ਆਮ ਲੋਕਾਂ ਨੂੰ ਸਿਹਤ ਅਤੇ ਸਿੱਖਿਆ ਸਹੂਲਤਾਂ ਦੇਣ ਦਾ ਕੰਮ ਇਮਾਨਦਾਰੀ ਨਾਲ ਪੂਰਾ ਨਹੀਂ ਹੁੰਦਾ, ਬਾਕੀ ਸੇਵਾਵਾਂ ਦਾ ਕੋਈ ਅਰਥ ਹੀ ਨਹੀਂ।

ਸਾਡੇ ਦੇਸ਼ 'ਚ ਹਵਾਈ ਅੱਡੇ, ਬੰਦਰਗਾਹਾਂ, ਹਾਈਵੇ ਤੇਜ਼ੀ ਨਾਲ ਆਧੁਨਿਕ ਬਣਾਏ ਜਾ ਰਹੇ ਹਨ, ਪਰ ਆਮ ਲੋਕਾਂ ਨੂੰ ਉਸ ਦਾ ਕੀ ਫਾਇਦਾ ਹੈ? ਉਹਨਾ ਹਾਲਤਾਂ ਵਿੱਚ ਜਦੋਂ ਕਿ ਦੇਸ਼ 'ਚ ਬੁਨਿਆਦੀ ਸਹੂਲਤਾਂ ਦਾ ਬੁਰਾ ਹਾਲ ਰਹਿੰਦਾ ਹੈ! ਜਦੋਂ ਅਸੀਂ ਆਜ਼ਾਦੀ ਦਾ 'ਅੰਮ੍ਰਿਤਕਾਲ' ਮਨਾ ਰਹੇ ਹਾਂ, 75 ਵਰ੍ਹੇ ਪੂਰੇ ਕਰਕੇ, ਪਰ ਆਮ ਲੋਕ ਪਾਣੀ ਲਈ ਵੀ ਤਰਸਦੇ ਹਨ।

ਪਿੱਛੇ ਜਿਹੇ ਕੋਰੋਨਾ ਕਾਲ 'ਚ ਆਮ ਲੋਕਾਂ ਨੇ ਜੋ ਭੁਗਤਿਆ, ਦਵਾਈਆਂ ਖੁਣੋਂ ਤਾਂ ਮਰੇ ਹੀ, ਮਰਨ ਉਪਰੰਤ ਲਾਸ਼ਾਂ ਜਲਾਉਣ ਦੀ ਥਾਂ ਦਰਿਆ ਬੁਰਦ ਕਰਨੀਆਂ ਪਈਆਂ। ਆਮ ਲੋਕਾਂ ਨੂੰ ਹਸਪਤਾਲਾਂ 'ਚ ਆਕਸੀਜਨ ਨਹੀਂ ਮਿਲੀ। ਕੀ ਇਹ ਸ਼ਰਮਨਾਕ ਨਹੀਂ ਸੀ?

ਹੁਣੇ ਜਿਹੇ ਇੱਕ ਘਟਨਾ ਬਿਹਾਰ 'ਚ ਵਾਪਰੀ ਹੈ। ਪਟਨਾ ਦੇ ਸਰਕਾਰੀ ਹਸਪਤਾਲ ਦੇ ਬਾਹਰ ਬੁਰੀ ਤਰ੍ਹਾਂ ਜ਼ਖ਼ਮੀ ਇੱਕ 10 ਵਰ੍ਹਿਆਂ ਦੀ ਲੜਕੀ ਪੁੱਜੀ, ਉਹ ਹਸਪਤਾਲ ਦੇ ਬਾਹਰ ਘੰਟਿਆਂ-ਬੱਧੀ ਪਈ ਰਹੀ, ਕਿਉਂਕਿ ਹਸਪਤਾਲ ਅੰਦਰ ਕੋਈ ਖਾਲੀ ਬਿਸਤਰਾ ਨਹੀਂ ਸੀ। ਬੱਚੀ ਨਾਲ ਬਲਾਤਕਾਰ ਹੋਇਆ ਸੀ। ਕਿਸੇ ਦਰਿੰਦੇ ਨੇ ਬਲਾਤਕਾਰ ਉਪਰੰਤ ਉਸ ਦਾ ਗਲ ਕੱਟਣ ਦੀ ਕੋਸ਼ਿਸ਼ ਕੀਤੀ ਸੀ। ਪਟਨਾ ਸਰਕਾਰੀ ਹਸਪਤਾਲ ਵਾਲਿਆਂ ਉਸ ਦਾ ਇਲਾਜ ਐਮਰਜੈਂਸੀ 'ਚ ਨਹੀਂ ਕੀਤਾ। ਉਹ ਮੁਜ਼ੱਫ਼ਰਪੁਰ ਤੋਂ ਰੈਫਰ ਕੀਤੀ ਗਈ ਸੀ। ਬੱਚੀ ਦੇ ਇਲਾਜ ਤੋਂ ਪਹਿਲਾਂ ਹੀ ਉਸ ਦੇ ਹਾਲਾਤ ਨਾਜ਼ੁਕ ਹੋ ਚੁੱਕੇ ਸਨ। ਬਿਹਾਰ ਦਾ ਇਹ ਪਟਨਾ ਸਰਕਾਰੀ ਹਸਪਤਾਲ, ਇਸ ਸੂਬੇ ਦਾ ਸਭ ਤੋਂ ਵੱਡਾ ਹਸਪਤਾਲ ਹੈ। ਇਸ ਹਸਪਤਾਲ ਬਾਰੇ 'ਕੈਗ' ਦੀ ਰਿਪੋਰਟ ਬਿਹਾਰ ਵਿਧਾਨ ਸਭਾ 'ਚ ਪੇਸ਼ ਹੋਈ, ਜਿਸ 'ਚ ਦੱਸਿਆ ਗਿਆ ਕਿ 100 ਸਾਲ ਪੁਰਾਣੇ ਇਸ ਹਸਪਤਾਲ 'ਚ ਅੱਧੀਆਂ ਤੋਂ ਜ਼ਿਆਦਾ ਆਕਸੀਜਨ ਮਸ਼ੀਨਾਂ ਕੰਮ ਨਹੀਂ ਕਰ ਰਹੀਆਂ। ਹਸਪਤਾਲ ਦੀਆਂ 94 ਫ਼ੀਸਦੀ ਤੋਂ ਜ਼ਿਆਦਾ ਸੁਵਿਧਾਵਾਂ ਖਸਤਾ ਹਾਲ ਹਨ। ਡਾਕਟਰਾਂ, ਨਰਸਾਂ ਦੀ 36 ਫ਼ੀਸਦੀ ਘਾਟ ਹੈ।

ਇਹੋ ਜਿਹੇ ਹਾਲਾਤ ਸਿਹਤ ਸਹੂਲਤਾਂ ਪੱਖੋਂ ਦੇਸ਼ ਦੇ ਸੂਬੇ ਬਿਹਾਰ ਦੇ ਹੀ ਨਹੀਂ ਹਨ, ਸਗੋਂ ਸਿਹਤ ਸਹੂਲਤਾਂ ਦੀ ਬੇਹੱਦ ਕਮੀ ਹੈ ਪੂਰੇ ਦੇਸ਼ ਵਿੱਚ। ਲੱਖਾਂ ਲੋਕ ਇਲਾਜ ਖੁਣੋਂ ਹਰ ਰੋਜ਼ ਮਰਦੇ ਹਨ। 'ਇਕਨਾਮਿਕ ਟਾਈਮਜ਼' ਦੀ ਇੱਕ ਰਿਪੋਰਟ ਅਨੁਸਾਰ ਭਾਰਤੀ ਪਿੰਡਾਂ ਦੀਆਂ ਕਮਿਊਨਿਟੀ ਹੈਲਥ ਸੈਂਟਰ 'ਚ 82 ਫ਼ੀਸਦੀ ਮਾਹਰ ਡਾਕਟਰਾਂ ਦੀ ਘਾਟ ਹੈ। ਨੈਸ਼ਨਲ ਮੈਡੀਕਲ ਜਨਰਲ ਆਫ਼ ਇੰਡੀਆ ਦੀ ਰਿਪੋਰਟ ਅਨੁਸਾਰ 10 ਫੀਸਦੀ ਕਮਿਊਨਿਟੀ ਸੈਂਟਰਾਂ 'ਚ ਡਾਕਟਰ ਹੀ ਨਹੀਂ ਹਨ।

ਦੂਜੇ ਪਾਸੇ 'ਕੈਂਸਰ' ਦੇ ਪਸਾਰੇ ਨੇ ਦੇਸ਼ ਨੂੰ ਪੂਰੀ ਤਰ੍ਹਾਂ ਡਰਾਇਆ ਹੋਇਆ ਹੈ। ਕੈਂਸਰ ਪੀੜਤਾਂ ਦੀ ਗਿਣਤੀ ਨਿੱਤ-ਪ੍ਰਤੀ ਵਧਦੀ ਜਾ ਰਹੀ ਹੈ, ਜਿਸ ਦਾ ਇਲਾਜ ਗਰੀਬ ਆਦਮੀ ਦੇ ਵੱਸ ਦੀ ਗੱਲ ਹੀ ਨਹੀਂ। ਸਰਕਾਰ ਦੀਆਂ ਆਯੁਸ਼ਮਾਨ ਅਤੇ ਹੋਰ ਸਕੀਮਾਂ ਆਮ ਆਦਮੀ ਲਈ ਬੇਵੱਸ ਦਿਖਦੀਆਂ ਹਨ, ਕਿਉਂਕਿ ਪਹਿਲੀ ਗੱਲ ਤਾਂ ਇਹ ਹੈ ਕਿ ਆਮ ਆਦਮੀ ਦੀ ਇਹਨਾ ਸਕੀਮਾਂ ਤੱਕ ਪਹੁੰਚ ਹੀ ਨਹੀਂ, ਪਰ ਜੇਕਰ ਕੋਈ ਸਧਾਰਨ ਵਿਅਕਤੀ ਇਹਨਾਂ ਸਕੀਮਾਂ ਦਾ ਲਾਹਾ ਲੈਣ ਦਾ ਯਤਨ ਕਰਦਾ ਵੀ ਹੈ ਤਾਂ ਪ੍ਰਾਈਵੇਟ ਹਸਪਤਾਲਾਂ 'ਚ ਇਸ ਦੀ ਲਗਾਤਾਰ ਦੁਰਵਰਤੋਂ ਦੀਆਂ ਖ਼ਬਰਾਂ ਹਨ।

ਇਹੋ ਹਾਲ ਸਿੱਖਿਆ ਦੇ ਖੇਤਰ 'ਚ ਹੈ। ਦੇਸ਼ ਦਾ ਆਮ ਨਾਗਰਿਕ ਸੰਵਿਧਾਨਕ ਤੌਰ 'ਤੇ ਹਰ ਇੱਕ ਲਈ ਸਿੱਖਿਆ ਦਾ ਅਧਿਕਾਰ ਰੱਖਦਾ ਹੈ, ਪਰ ਸਭ ਲਈ ਬਰਾਬਰ ਦੀ ਸਿੱਖਿਆ ਕਿੱਥੇ ਗਾਇਬ ਹੈ, ਜੋ ਉਸ ਦੀ ਪਹੁੰਚ ਤੋਂ ਬਾਹਰੀ ਹੈ। ਫਾਈਵ ਸਟਾਰ ਪਬਲਿਕ ਸਕੂਲ, ਮਹਿੰਗੀਆਂ ਵੱਡੀਆਂ ਪ੍ਰੋਫੈਸ਼ਨਲ ਯੂਨੀਵਰਸਿਟੀਆਂ ਚ ਆਮ ਆਦਮੀ ਦਾ ਬੱਚਾ ਸਿੱਖਿਆ ਪ੍ਰਾਪਤ ਨਹੀਂ ਕਰ ਸਕਦਾ। ਸਰਕਾਰੀ ਸਕੂਲ ਅਧਿਆਪਕਾਂ, ਵਿਸ਼ਾ ਅਧਿਆਪਕਾਂ ਅਤੇ ਬੁਨਿਆਦੀ ਸਹੂਲਤਾਂ ਤੋਂ ਸੱਖਣੇ ਹਨ ਸਰਕਾਰੀ ਸਿੱਖਿਆ ਅਦਾਰੇ। ਕਿੱਥੇ ਪ੍ਰਾਪਤ ਕਰਨਗੇ ਚੰਗੀ ਸਿੱਖਿਆ ਆਮ ਲੋਕਾਂ ਦੇ ਬੱਚੇ? ਕਿਵੇਂ ਮੁਕਾਬਲਾ ਕਰਨਗੇ ਵੱਡੇ ਪਬਲਿਕ ਸਕੂਲਾਂ ਦੇ ਬੱਚਿਆਂ ਦਾ? ਤਦੇ ਇੱਕ ਵੱਡਾ ਪਾੜਾ ਸਿੱਖਿਆ ਖੇਤਰ ਵਿੱਚ ਵੀ ਉਵੇਂ ਹੀ ਵਧ ਰਿਹਾ ਹੈ, ਜਿਵੇਂ ਆਰਥਿਕ ਪੱਖ ਤੋਂ ਦੇਸ਼ ਵਿੱਚ ਗਰੀਬ-ਅਮੀਰ ਦਾ ਪਾੜਾ ਵਧ ਗਿਆ ਹੈ।

ਦੇਸ਼ ਦੇ ਹਾਕਮ ਦੇਸ਼ ਭਾਰਤ ਨੂੰ ਵੱਡੀ ਆਰਥਿਕਤਾ ਬਣਾਉਣ ਵੱਲ ਸੇਧਤ ਹਨ। ਉਹ ਵਿਸ਼ਵ ਗੁਰੂ ਬਨਣ ਲਈ ਪੱਬਾਂ ਭਾਰ ਹਨ, ਪਰ ਕੀ ਹਾਕਮ ਦੇ ਇਹ ਧਿਆਨ ਵਿੱਚ ਹੈ ਕਿ ਆਮ ਆਦਮੀ ਦੀ ਦੇਸ਼ ਵਿੱਚ ਪ੍ਰਤੀ ਵਿਅਕਤੀ ਦੀ, ਵਿਸ਼ਵ ਬੈਂਕ ਅਨੁਸਾਰ, ਪ੍ਰਤੀ ਦਿਨ ਖ਼ਰਚ ਸੀਮਾ ਸਿਰਫ਼ ਤਿੰਨ ਡਾਲਰ ਹੈ। ਕੀ ਪ੍ਰਤੀ ਵਿਅਕਤੀ ਇਸ ਖ਼ਰਚ ਨਾਲ ਮਹਿੰਗਾਈ ਦੇ ਇਸ ਸਮੇਂ 'ਚ ਉਹ ਚੰਗੇਰੀ ਸਿੱਖਿਆ, ਸਿਹਤ ਸਹੂਲਤਾਂ, ਖਾਣ-ਪਾਣ ਅਤੇ ਹੋਰ ਖ਼ਰਚੇ ਪੂਰੇ ਕਰ ਸਕਦਾ ਹੈ? ਕੀ ਚੰਗਾ ਜੀਵਨ ਜੀਊਣ ਦੇ ਸਮਰੱਥ ਹੈ?

ਵਿਸ਼ਵ ਬੈਂਕ ਨੇ ਭਾਰਤ ਦੇ ਹੇਠਲੇ-ਮੱਧ-ਵਰਗ ਆਮਦਨ ਵਾਲੇ ਲੋਕਾਂ ਦੀ ਖ਼ਰਚ ਸੀਮਾ ਪ੍ਰਤੀ ਵਿਅਕਤੀ 3.65 ਡਾਲਰ ਪ੍ਰਤੀ ਦਿਨ ਤਹਿ ਕੀਤੀ ਹੈ। ਕੀ ਇਸ ਥੋੜ੍ਹੇ ਜਿਹੇ ਖ਼ਰਚੇ-ਆਮਦਨ ਦੇ ਹਿਸਾਬ ਨਾਲ ਭਾਰਤ ਦੇਸ਼ ਵਿਕਸਤ ਬਣ ਸਕਦਾ ਹੈ ਅਤੇ ਕੀ ਸਿੱਖਿਆ, ਸਿਹਤ ਹਰ ਨਾਗਰਿਕ ਲਈ ਪ੍ਰਦਾਨ ਕੀਤੇ ਬਿਨਾਂ ਕੋਈ ਦੇਸ਼ ਵਿਕਸਤ ਕਹਾ ਸਕਦਾ ਹੈ?

ਸਿੱਖਿਆ ਦੇ ਪੱਧਰ ਦੇ ਹਿਸਾਬ ਨਾਲ 2022-23 ਵਿੱਚ ਬਿਨਾਂ ਕਿਸੇ ਸਕੂਲ ਸਿੱਖਿਆ ਦੇ 16 ਸਾਲ ਦੀ ਉਮਰ ਤੋਂ ਵੱਧ ਉਮਰ ਦੇ 35.1 ਫ਼ੀਸਦੀ ਲੋਕ ਗਰੀਬੀ ਰੇਖਾ ਤੋਂ ਹੇਠਲੇ ਪੱਧਰ 'ਤੇ ਸਨ, ਜਦਕਿ ਸਾਲ 2022-23 ਵਿੱਚ ਕੁਝ ਕੁ ਪੜ੍ਹੇ-ਲਿਖੇ ਹੇਠਲੇ ਮੱਧ ਵਰਗਾਂ 'ਚ ਗਰੀਬੀ 14.9 ਫ਼ੀਸਦੀ ਹੈ, ਪਰ ਅਸਲ ਤੱਥ ਉਸ ਵੇਲੇ ਸਾਹਮਣੇ ਆਉਂਦੇ ਹਨ, ਜਦੋਂ ਸਰਕਾਰੀ ਤੌਰ 'ਤੇ ਇਹ ਪ੍ਰਵਾਨ ਕੀਤਾ ਜਾਂਦਾ ਹੈ ਕਿ 'ਸਭ ਲਈ ਭੋਜਨ' ਸਕੀਮ ਅਧੀਨ ਕੁਲ ਆਬਾਦੀ ਲੱਗਭੱਗ 140 ਕਰੋੜ ਵਿੱਚੋਂ 80 ਕਰੋੜ ਤੋਂ ਵੱਧ ਲੋਕਾਂ ਨੂੰ ਅਨਾਜ ਸਰਕਾਰ ਵੱਲੋਂ ਮੁਫ਼ਤ ਮੁਹੱਈਆ ਕੀਤਾ ਜਾਂਦਾ ਹੈ। ਇੱਕ ਹੋਰ ਅੰਦਾਜ਼ੇ ਅਨੁਸਾਰ 20 ਕਰੋੜ ਲੋਕਾਂ ਨੂੰ ਹਰ ਰੋਜ਼ ਮਸਾਂ ਇੱਕ ਡੰਗ ਭੋਜਨ ਮਿਲਦਾ ਹੈ। ਰੋਟੀ, ਕੱਪੜਾ ਅਤੇ ਮਕਾਨ ਸਭ ਦੀ ਪਹੁੰਚ ਤੋਂ ਬਾਹਰ ਹੈ, ਜੋ ਮਨੁੱਖ ਦੀ ਬੁਨਿਆਦੀ ਲੋੜ ਹੈ।

ਦੇਸ਼ 'ਚ ਲਗਾਤਾਰ ਤਰੱਕੀ ਅਤੇ ਬਦਲਾਅ ਦੀਆਂ ਗੱਲਾਂ ਹੁੰਦੀਆਂ ਹਨ। ਬਦਲਾਅ ਵਜੋਂ ਦੇਸ਼ 'ਚ ਸੜਕਾਂ ਦੇ ਨਿਰਮਾਣ ਅਤੇ ਹੋਰ

12-JUNE-PAGE-5.qxd 6/11/2025 10:51 PM Page 1

ਪਤੀ ਤੇ ਸੱਸ-ਸਹੁਰੇ ਨੂੰ ਦਿੱਤੀਆਂ ਜ਼ਹਿਰੀਲੀਆਂ ਰੋਟੀਆਂ, ਖੁਦ ਵੀ ਖਾਧੀਆਂ

ਪਤੀ ਤੇ ਸੱਸ ਦੀ ਮੌਤ, ਸਹੁਰੇ ਦੀ ਹਾਲਤ ਗੰਭੀਰ

ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)-ਹਲਕਾ ਗਿੱਦੜਬਾਹਾ ਦੇ ਪਿੰਡ ਗੁਰੂਸਰ ਵਿਖੇ ਬੀਤੀ ਰਾਤ ਇਕ ਔਰਤ ਨੇ ਆਪਣੇ ਪੂਰੇ ਪਰਵਾਰ ਨੂੰ ਆਟੇ ਵਿਚ ਜ਼ਹਿਰੀਲੀ ਚੀਜ਼ ਗੁੰਨ੍ਹ ਕੇ ਉਸ ਦੀਆਂ ਰੋਟੀਆਂ ਬਣਾ ਕੇ ਖਵਾ ਦਿੱਤੀਆਂ ਅਤੇ ਖੁਦ ਵੀ ਕੁਝ ਮਾਤਰਾ ਵਿਚ ਰੋਟੀ ਖਾਧੀ ਤਾਂ ਜੋ ਕਿਸੇ ਨੂੰ ਸ਼ੱਕ ਨਾ ਹੋਵੇ। ਭਿੰਡੀਆਂ ਦੀ ਸ਼ਬਜ਼ੀ ਨਾਲ ਉਕਤ ਜ਼ਹਿਰੀਲੀਆਂ ਰੋਟੀਆਂ ਖਾਣ ਤੋਂ ਬਾਅਦ ਘਰ ਦੇ ਮੁਖੀ ਸੁਰਜੀਤ ਸਿੰਘ, ਉਸ ਦੀ ਪਤਨੀ ਜਸਵਿੰਦਰ ਕੌਰ, ਲੜਕੇ ਸ਼ਿਵਤਾਰ ਸਿੰਘ ਉਰਫ ਰਾਜੂ ਅਤੇ ਇਸ ਦੀ ਪਤਨੀ ਖੁਸ਼ਮਨਦੀਪ ਕੌਰ ਨੂੰ ਗਿੱਦੜਬਾਹਾ ਦੇ ਸਿਵਲ ਹਸਪਤਾਲ ਵਿਖੇ ਲਿਆਂਦਾ ਗਿਆ, ਜਿੱਥੇ ਡਾਕਟਰਾਂ ਨੇ ਇਨ੍ਹਾਂ ਨੂੰ ਮੁਢਲੀ ਸਹਾਇਤਾ ਦੇਣ ਤੋਂ ਬਾਅਦ ਸ਼ਿਵਤਾਰ ਸਿੰਘ ਉਰਫ ਰਾਜੂ ਨੂੰ ਬਠਿੰਡਾ ਰੈਫ਼ਰ ਕਰ ਦਿੱਤਾ ਜਦੋਂਕਿ ਬਾਕੀਆਂ ਨੂੰ ਪਰਵਾਰਕ ਮੈਂਬਰਾਂ ਵੱਲੋਂ ਦੀਪ ਹਸਪਤਾਲ ਗਿੱਦੜਬਾਹਾ ਵਿਖੇ ਭਰਤੀ ਕਰਵਾਇਆ ਗਿਆ। ਸ਼ਿਵਤਾਰ ਸਿੰਘ ਤੇ ਸੁਰਜੀਤ ਸਿੰਘ ਦੀ ਪਤਨੀ ਦੀ ਬਠਿੰਡਾ ਵਿਖੇ ਇਲਾਜ ਦੌਰਾਨ ਮੌਤ ਹੋ ਗਈ। ਇਸ ਪੂਰੇ ਮਾਮਲੇ ਸੰਬੰਧੀ ਗਿੱਦੜਬਾਹਾ ਦੇ ਡੀ ਐਸ ਪੀ ਅਵਤਾਰ ਸਿੰਘ ਰਾਜਪਾਲ ਨੇ ਦੱਸਿਆ ਕਿ ਪੁਲਸ ਵੱਲੋਂ ਮ੍ਰਿਤਕ ਦੇ ਵੱਡੇ ਭਰਾ ਜਗਤਾਰ ਸਿੰਘ ਦੇ ਬਿਆਨਾਂ 'ਤੇ ਮ੍ਰਿਤਕ ਸ਼ਿਵਤਾਰ ਸਿੰਘ ਉਰਫ ਰਾਜੂ ਦੀ ਪਤਨੀ ਖੁਸ਼ਮਨਦੀਪ ਕੌਰ ਅਤੇ ਇਸ ਦੇ 3 ਹੋਰਨਾਂ ਸਾਥੀਆਂ ਵਿਰੁੱਧ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

ਉਨ੍ਹਾਂ ਦੱਸਿਆ ਕਿ ਖੁਸ਼ਮਨਦੀਪ ਕੌਰ ਅਤੇ ਮ੍ਰਿਤਕ ਸ਼ਿਵਤਾਰ ਸਿੰਘ ਉਰਫ ਰਾਜੂ ਦੀ ਸ਼ਾਦੀ ਕਰੀਬ 5 ਮਹੀਨੇ ਪਹਿਲਾਂ ਹੋਈ ਸੀ ਅਤੇ ਖੁਸ਼ਮਨਦੀਪ ਕੌਰ ਕਰੀਬ 2 ਮਹੀਨੇ ਪਹਿਲਾਂ ਕਿਸੇ ਹੋਰ ਵਿਅਕਤੀ ਨਾਲ ਘਰੋਂ ਚਲੀ ਗਈ ਸੀ ਅਤੇ ਹੁਣ ਪਰਵਾਰ ਉਸ ਨੂੰ ਅਜਿਹਾ ਕਰਨ ਤੋਂ ਰੋਕਦਾ ਸੀ, ਜਿਸ ਦੇ ਚੱਲਦਿਆਂ ਉਸ ਨੇ ਬੀਤੀ ਰਾਤ ਪੂਰੇ ਪਰਵਾਰ ਨੂੰ ਆਟੇ ਵਿਚ ਜ਼ਹਿਰੀਲੀ ਦਵਾਈ ਮਿਲਾ ਕੇ ਉਸ ਦੀਆਂ ਰੋਟੀਆਂ ਖਵਾ ਦਿੱਤੀਆਂ ਜਿਸ ਨਾਲ ਪਰਵਾਰ ਦੇ ਬਾਕੀ ਮੈਂਬਰਾਂ ਦੀ ਹਾਲਤ ਜ਼ਿਆਦਾ ਖਰਾਬ ਹੋ ਗਈ ਜਦੋਂਕਿ ਖੁਸ਼ਮਨਦੀਪ ਕੌਰ ਨੇ ਖੁਦ ਉਕਤ ਜ਼ਹਿਰੀਲੀ ਰੋਟੀ ਬਹੁਤ ਘੱਟ ਮਾਤਰਾ ਵਿਚ ਖਾਧੀ ਸੀ।

ਜ਼ਮੀਨੀ ਵਿਵਾਦ 'ਚ ਕੁੱਟਮਾਰ, 5 ਖਿਲਾਫ਼ ਮਾਮਲਾ ਦਰਜ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)-ਤਲਵੰਡੀ ਭਾਈ ਦੇ ਅਧੀਨ ਆਉਂਦੇ ਪਿੰਡ ਮਾਛੀਬੁਗਰਾ ਵਿਖੇ ਜ਼ਮੀਨੀ ਵਿਵਾਦ ਨੂੰ ਲੈ ਕੇ ਇਕ ਵਿਅਕਤੀ ਦੀ ਕੁੱਟਮਾਰ ਕਰਕੇ ਮੋਬਾਇਲ ਖੋਹਣ ਦੇ ਦੋਸ਼ ਵਿਚ ਥਾਣਾ ਤਲਵੰਡੀ ਭਾਈ ਪੁਲਿਸ ਨੇ 7 ਲੋਕਾਂ ਖਿਲਾਫ 117 (2), 115 (2), 304, 191 (3), 190 ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਜਗਸੀਰ ਸਿੰਘ ਪੁੱਤਰ ਨਛੱਤਰ ਸਿੰਘ ਵਾਸੀ ਘੱਲ ਕਲਾਂ ਥਾਣਾ ਸਦਰ ਮੋਗਾ, ਜ਼ਿਲ੍ਹਾ ਮੋਗਾ ਨੇ ਦੱਸਿਆ ਕਿ ਉਹ ਆਪਣੇ ਮਾਲਕ ਕਰਮਜੀਤ ਸਿੰਘ ਵਗੈਰਾ ਨਾਲ ਆਪਣੇ ਟਰੈਕਟਰ ਮੈਸੀ ਨਾਲ ਪਿੰਡ ਮਾਛੀਬੁਗਰਾ ਵਿਖੇ ਆਪਣੇ ਮਾਲਕ ਦੀ ਜ਼ਮੀਨ ਵਾਹ ਰਿਹਾ ਸੀ। ਜਦ ਉਹ ਟਰੈਕਟਰ ਜ਼ਮੀਨ 'ਚੋਂ ਬਾਹਰ ਜੀਟੀ ਰੋਡ ਤੇ ਚੜ੍ਹਾਉਣ ਲੱਗਾ ਤਾਂ ਟਰੈਕਟਰ ਤੇ ਉਸ ਦਾ ਮਾਲਕ ਕਰਮਜੀਤ ਸਿੰਘ ਕਚਲਾ ਰਿਹਾ ਤਾਂ ਕਰੀਬ 3.30 ਵਜੇ ਦੁਪਹਿਰ ਪਿੰਡ ਮਾਛੀਬੁਗਰਾ ਵੱਲੋਂ ਰਾਜ ਸਿੰਘ ਪੁੱਤਰ ਜੋਰਾ ਸਿੰਘ ਮੁਸੱਲਾ ਕਾਪਾ, ਲਖਵਿੰਦਰ ਸਿੰਘ ਪੁੱਤਰ ਜੋਰਾ ਸਿੰਘ ਮੁਸੱਲਾ, ਲਖਵਿੰਦਰ ਸਿੰਘ ਮੁਸੱਲਾ ਖੰਡਾ, ਕੁਲਵੰਤ ਸਿੰਘ ਪੁੱਤਰ ਸੁਦਾਗਰ ਸਿੰਘ ਮੁਸੱਲਾ ਕੁਹਾੜੀ, ਜਤਿੰਦਰ ਸਿੰਘ ਪੁੱਤਰ ਜਗਤਾਰ ਸਿੰਘ ਮੁਸੱਲਾ ਬੇਸਬਾਲ ਤੇ ਗਗਨਦੀਪ ਕੌਰ ਪਤਨੀ ਹਰਦੀਪ ਸਿੰਘ ਵਾਸੀਅਨ ਪਿੰਡ ਮਾਛੀਬੁਗਰਾ ਉਸ ਦੇ ਟਰੈਕਟਰ ਦੇ ਅੱਗੇ ਆ ਕੇ ਖੜ ਗਏ। ਜਗਸੀਰ ਸਿੰਘ ਨੇ ਦੱਸਿਆ ਕਿ ਉਹ ਆਪਣੇ ਮੋਬਾਇਲ ਵਿਚ ਇਨ੍ਹਾਂ ਦੀ ਵੀਡੀਓ ਬਣਾ ਰਿਹਾ ਸੀ ਤਾਂ ਗਗਨਦੀਪ ਕੌਰ ਨੇ ਲਲਕਾਰਾ ਮਾਰ ਕੇ ਕਿਹਾ ਇਨ੍ਹਾਂ ਨੂੰ ਫੜ ਲਓ, ਸੁੱਕੇ ਨਹੀਂ ਜਾਣ ਦੇਣਾ ਇਨ੍ਹਾਂ ਨੂੰ ਜ਼ਮੀਨ ਵਹਾਉਣ ਦਾ ਮਜ਼ਾ ਚਿਖਾ ਦਿਓ ਤਾਂ ਜਤਿੰਦਰ ਸਿੰਘ ਨੇ ਉਸ ਦੇ ਹੱਥ ਵਿਚ ਫੜਿਆ ਮੋਬਾਇਲ ਫੋਨ ਖੋਹ ਗਿਆ ਤਾਂ ਬਾਕੀ ਜਣਿਆਂ ਨੇ ਉਸ ਨੂੰ ਟਰੈਕਟਰ ਤੋਂ ਥੱਲੇ ਸੁੱਟ ਕੇ ਕੁੱਟਮਾਰ ਕੀਤੀ। ਜਗੀਰ ਸਿੰਘ ਨੇ ਦੱਸਿਆ ਕਿ ਉਸ ਨੂੰ ਇਲਾਜ ਲਈ ਸੁਖਚੈਨ ਸਿੰਘ ਸਿਵਲ ਹਸਪਤਾਲ ਮੋਗਾ ਵਿਖੇ ਦਾਖਲ ਕਰਾਇਆ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਕੁਲਵੰਤ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਅਨ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

ਮਜ਼ਦੂਰ ਵਿਰੋਧੀ ਸੋਧਾਂ ਲਈ ਟਰੇਡ ਯੂਨੀਅਨਾਂ ਸਰਕਾਰ ਦਾ ਪਿੱਟ-ਸਿਆਪਾ ਕਰਨਗੀਆਂ

ਲੁਧਿਆਣਾ (ਐਮ ਐਸ ਭਾਟੀਆ)

ਏਟਕ, ਸੀਟੂ, ਸੀਟੀਯੂ ਪੰਜਾਬ ਤੇ ਇੰਟਕ ਦੇ ਆਗੂ ਸਾਥੀਆਂ ਦੀ ਮੀਟਿੰਗ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਵਿਖੇ ਕਾਮਰੇਡ ਪਰਮਜੀਤ ਸਿੰਘ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਪੰਜਾਬ ਦੀ ਕੈਬਨਿਟ ਵੱਲੋਂ ਪੰਜਾਬ ਸ਼ਾਪਸ ਐਂਡ ਕਮਰਸ਼ੀਅਲ ਐਸਟੈਬਲਿਸਮੈਂਟ ਐਕਟ 1958 ਵਿੱਚ ਮਜ਼ਦੂਰਾਂ ਅਤੇ ਮੁਲਾਜ਼ਮ ਵਿਰੋਧੀ ਸੋਧਾਂ ਦੇ ਵਿਰੁੱਧ 15 ਜੂਨ ਨੂੰ ਸਰਕਾਰ ਦਾ ਪਿੱਟ ਸਿਆਪਾ ਕਰਨ, ਰੋਸ ਮਾਰਚ ਕਰਨ ਤੇ 'ਆਪ' ਉਮੀਦਵਾਰ ਦੇ ਦਫ਼ਤਰ ਦੇ ਅੱਗੇ ਰੋਸ ਪ੍ਰਦਰਸ਼ਨ ਕਰਕੇ ਇਨ੍ਹਾਂ ਸੋਧਾਂ ਨੂੰ ਵਾਪਸ ਕਰਾਉਣ ਲਈ ਜ਼ੋਰ ਪਾਇਆ ਜਾਵੇਗਾ।

ਸਰਮਾਏਦਾਰਾਂ ਨੂੰ ਖੁਸ਼ ਕਰਨ ਲਈ ਸਰਕਾਰ ਨੇ ਕਿਰਤ ਕਾਨੂੰਨਾਂ ਵਿੱਚ ਸੋਧ ਕਰਕੇ 20 ਤੱਕ ਕਾਮਿਆਂ ਵਾਲੀਆਂ ਫੈਕਟਰੀਆਂ ਤੇ ਦੁਕਾਨਾਂ ਨੂੰ ਰਜਿਸਟ੍ਰੇਸ਼ਨ ਤੋਂ ਛੋਟ ਦੇ ਦਿੱਤੀ ਹੈ ਅਤੇ ਮਜ਼ਦੂਰਾਂ ਦੀ ਦਿਹਾੜੀ ਅੱਠ ਤੋਂ ਵਧਾ ਕੇ 12 ਘੰਟੇ ਕਰ ਦਿੱਤੇ ਹਨ। ਘੱਟੋ ਘੱਟ ਉਜਰਤ ਪਿਛਲੇ 12 ਸਾਲ ਤੋਂ ਨਹੀਂ ਵਧਾਈ ਗਈ। ਇਨ੍ਹਾਂ ਮੰਗਾਂ ਨੂੰ ਲੈ ਕੇ ਲੁਧਿਆਣੇ ਦੀਆਂ ਟਰੇਡ ਯੂਨੀਅਨਾਂ ਵੱਲੋਂ ਸਾਂਝਾ ਰੋਸ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ, ਜਿਸ ਵਿੱਚ ਸਰਕਾਰ ਦੇ ਖਿਲਾਫ਼ ਮਜ਼ਦੂਰਾਂ ਨਾਲ ਕੀਤੇ ਜਾ ਰਹੇ ਧੱਕੇ ਦੇ ਵਿਰੁੱਧ ਗੁੱਸੇ ਦਾ ਇਜ਼ਹਾਰ ਕੀਤਾ ਜਾਵੇਗਾ।

ਸ਼ਹਿਰ 'ਚ ਰੋਸ ਮਾਰਚ ਕਰਨ ਤੋਂ ਬਾਅਦ ਆਪ ਦੇ ਲੁਧਿਆਣਾ ਪੱਛਮੀ ਹਲਕੇ ਦੀ ਉਪ ਚੋਣ ਦੇ ਉਮੀਦਵਾਰ ਸ੍ਰੀ ਸੰਜੀਵ ਅਰੋੜਾ ਦੇ ਦਫ਼ਤਰ ਅੱਗੇ ਕਾਲੇ ਝੰਡੇ ਲੈ ਕੇ ਵਿਰੋਧ ਪ੍ਰਦਰਸ਼ਨ ਕੀਤਾ ਜਾਵੇਗਾ। ਮੀਟਿੰਗ ਵਿੱਚ ਇਹ ਵੀ ਫੈਸਲਾ ਕੀਤਾ ਗਿਆ ਕਿ ਜਿਨ੍ਹਾਂ ਚਿਰ ਸਰਕਾਰ ਇਨ੍ਹਾਂ ਸੋਧਾਂ ਨੂੰ ਵਾਪਸ ਨਹੀਂ ਲੈਂਦੀ, ਓਨਾ ਚਿਰ ਤੱਕ ਮਜ਼ਦੂਰਾਂ ਦਾ ਸੰਘਰਸ਼ ਜਾਰੀ ਰਹੇਗਾ ਤੇ ਆਉਣ ਵਾਲੇ ਸਮੇਂ ਵਿੱਚ ਇਸ ਸੰਘਰਸ਼ ਨੂੰ ਤੇਜ਼ ਕੀਤਾ ਜਾਵੇਗਾ।

ਨਸ਼ਾ ਕਰਨ ਦੇ ਆਦੀ ਤੇ ਨਸ਼ਾ ਸਪਲਾਇਰ ਗ੍ਰਿਫ਼ਤਾਰ

ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)

ਪੰਜਾਬ ਪੁਲੀਸ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਤਹਿਤ ਸਰਤਾਜ ਸਿੰਘ ਚਹਿਲ ਐਸ.ਐਸ.ਪੀ. ਸੰਗਰੂਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਤੇ ਹਰਵਿੰਦਰ ਸਿੰਘ ਖਹਿਰਾ ਡੀ.ਐਸ.ਪੀ ਦੀ ਸੁਪਰਵੀਜਨ ਹੇਠ ਸਹਾਇਕ ਥਾਣੇਦਾਰ ਬੇਅੰਤ ਸਿੰਘ ਨੰ: 1997/ਸੰਗ ਥਾਣਾ ਲੌਂਗੋਵਾਲ ਸਮੇਤ ਪੁਲਸ ਪਾਰਟੀ ਦੇ ਬਰਾਏ ਗਸਤ ਬਾ-ਚੈਕਿੰਗ ਸ਼ੱਕੀ ਪੁਰਸ਼ਾਂ ਦੇ ਸਬੰਧ ਵਿੱਚ ਪੁਲ ਡਰੇਨ ਸ਼ੇਰੋਂ ਰੋਡ ਲੌਂਗੋਵਾਲ ਮੌਜੂਦ ਸੀ ਤਾਂ ਮੁਖਬਰ ਖਾਸ ਰਾਹੀਂ ਉਸ ਨੂੰ ਇਤਲਾਹ ਮਿਲੀ ਕਿ ਹਰਪ੍ਰੀਤ ਸਿੰਘ ਪੁੱਤਰ ਨੈਬ ਸਿੰਘ ਵਾਸੀ ਜੁਬੜਾ ਦੇ ਕੋਠੇ ਲੌਂਗੋਵਾਲ, ਗੁਰਪਾਲ ਸਿੰਘ ਉਰਫ ਪਾਲੀ ਪੁੱਤਰ ਕੇਵਲ ਸਿੰਘ ਵਾਸੀ ਸੁਨਾਮੀ ਪਤੀ ਲੌਂਗੋਵਾਲ ਤੇ ਗੁਰਵਿੰਦਰ ਸਿੰਘ ਉਰਫ਼ ਨੀਟੂ ਪੁੱਤਰ ਗੁਰਜੀਵਨ ਸਿੰਘ ਵਾਸੀ ਸੁਨਾਮੀ ਪੱਤੀ ਲੌਂਗੋਵਾਲ ਨਸ਼ਾ ਕਰਨ ਦੇ ਆਦੀ ਹਨ, ਜੋ ਅੱਜ ਵੀ ਸ਼ਮਸ਼ਾਨਘਾਟ ਨੇੜੇ ਟਰੀਟਮੈਂਟ ਪਲਾਟ ਲੌਂਗੋਵਾਲ 'ਚ ਬੈਠੇ ਨਸ਼ਾ ਕਰ ਰਹੇ ਹਨ।

ਇਤਲਾਹ ਮਿਲਣ 'ਤੇ ਇਨ੍ਹਾਂ ਖਿਲਾਫ਼ ਮੁਕੱਦਮਾ ਨੰਬਰ 54 ਮਿਤੀ 08.06.2025 ਅਧੀਨ ਧਾਰਾ 27/61/85 ਐਨ.ਡੀ.ਪੀ.ਐਸ. ਥਾਣਾ ਲੌਂਗੋਵਾਲ ਦਰਜ ਰਜਿਸਟਰ ਕਰਕੇ ਸਹਾਇਕ ਥਾਣੇਦਾਰ ਬੇਅੰਤ ਸਿੰਘ ਸਮੇਤ ਪੁਲਸ ਪਾਰਟੀ ਵੱਲੋਂ ਇਹਨਾਂ ਤਿੰਨੇ ਦੋਸ਼ੀਆਂ ਨੂੰ ਨਸ਼ਾ ਪੀਂਦੇ ਹੋਏ ਕਾਬੂ ਕਰਕੇ ਇਨ੍ਹਾਂ ਤੋਂ 10/10 ਰੁਪਏ ਦੇ ਅੱਧ ਜਲ੍ਹੇ ਹੋਏ ਕਰੰਸੀ ਨੋਟ, ਇੱਕ ਟੁਕੜਾ (ਪੰਨੀ ਸਿਲਵਰ ਰੋਲ) ਤੇ ਇੱਕ ਲਾਈਟਰ ਬਰਾਮਦ ਕੀਤਾ ਗਿਆ।ਇਨ੍ਹਾਂ ਦੀ ਪੁੱਛਗਿੱਛ ਤੇ ਇਹ ਗੱਲ ਸਾਹਮਣੇ ਆਈ ਹੈ ਕਿ ਇਨ੍ਹਾਂ ਨੂੰ ਜਗਸੀਰ ਸਿੰਘ ਉਰਫ ਜੱਗਾ ਪੁੱਤਰ ਨਾਇਬ ਸਿੰਘ ਵਾਸੀ ਬੁਗਰਾ ਥਾਣਾ ਲੌਂਗੋਵਾਲ ਨਸ਼ੇ ਦੀ ਸਪਲਾਈ ਕਰਦਾ ਸੀ, ਜਿਸਦੇ ਅਧਾਰ 'ਤੇ ਜਗਸੀਰ ਸਿੰਘ ਉਰਫ ਜੱਗਾ ਨੂੰ ਸਪਲਾਇਰ ਤੌਰ 'ਤੇ ਮੁਕੱਦਮੇ ਵਿੱਚ ਦਰਜ ਕਰਕੇ ਉਸਨੂੰ 5 ਗ੍ਰਾਮ ਚਿੱਟੇ ਸਮੇਤ ਕਾਬੂ ਕੀਤਾ ਜਾ ਚੁੱਕਾ ਹੈ।

ਇਹ ਸਾਰੇ ਦੋਸ਼ੀਆਨ ਨਸ਼ਾ ਪੀਣ ਤੇ ਵੇਚਣ ਦੇ ਆਦੀ ਹਨ। ਇਨ੍ਹਾਂ ਵਿੱਚੋਂ ਦੋਸ਼ੀ ਹਰਪ੍ਰੀਤ ਸਿੰਘ 'ਤੇ ਨਸ਼ਾ ਤਸਕਰੀ ਦੇ 13, ਦੋਸ਼ੀ ਗੁਰਪਾਲ ਸਿੰਘ ਖਿਲਾਫ 03, ਦੋਸ਼ੀ ਗੁਰਵਿੰਦਰ ਸਿੰਘ ਖਿਲਾਫ 03 ਅਤੇ ਦੋਸ਼ੀ ਜਗਸੀਰ ਸਿੰਘ ਖਿਲਾਫ 03 ਮੁਕੱਦਮੇ ਦਰਜ ਰਜਿਸਟਰ ਹਨ, ਜੋ ਸਾਰੇ ਦੋਸ਼ੀਆਨ ਅੱਜਕੱਲ੍ਹ ਜ਼ਮਾਨਤ 'ਤੇ ਆਏ ਹੋਏ ਹਨ।ਇਨ੍ਹਾਂ ਦੋਸ਼ੀਆਂ ਨੂੰ ਮਾਨਯੋਗ ਇਲਾਕਾ ਮੈਜਿਸਟ੍ਰੇਟ ਸੰਗਰੂਰ ਦੀ ਅਦਾਲਤ ਪੇਸ਼ ਕੀਤਾ ਜਾ ਰਿਹਾ ਹੈ।

ਕਾਤਰਾਂ

ਕ੍ਰਿਸ਼ਨ ਤਿਵਾੜੀ ਹਲਕਾ ਨਿਹਾਲ ਸਿੰਘ ਵਾਲਾ ਦੇ ਕੋਆਰਡੀਨੇਟਰ ਨਿਯੁਕਤ

ਕੋਟ ਈਸੇ ਖਾਂ (ਅਰੋੜਾ)- ਕਾਂਗਰਸ ਪਾਰਟੀ ਦੀ ਮਜ਼ਬੂਤੀ ਲਈ ਅਤੇ ਕਾਂਗਰਸ ਦੀਆਂ ਨੀਤੀਆਂ ਨੂੰ ਘਰ ਘਰ ਪਹੁੰਚਾਉਣ ਵਾਲੇ ਸੀਨੀਅਰ ਕਾਂਗਰਸੀ ਆਗੂ ਕ੍ਰਿਸ਼ਨ ਤਿਵਾੜੀ ਨੂੰ ਕਾਂਗਰਸ ਹਾਈਕਮਾਂਡ ਵੱਲੋਂ ਹਲਕਾ ਨਿਹਾਲ ਸਿੰਘ ਵਾਲਾ ਦਾ ਕੋਆਰਡੀਨੇਟਰ ਨਿਯੁਕਤ ਕੀਤਾ ਗਿਆ। ਜਿਸ ਨਾਲ ਕਾਂਗਰਸੀ ਵਰਕਰਾਂ 'ਚ ਖੁਸ਼ੀ ਦੀ ਲਹਿਰ ਦੌੜ ਗਈ। ਕਾਂਗਰਸ ਪਾਰਟੀ 'ਚ ਪਿਛਲੇ ਕਈ ਸਾਲਾਂ ਤੋਂ ਕਈ ਉਤਰਾ- ਚੜ੍ਹਾਅ ਆਏ ਪਰ ਕੇ ਕੇ ਤਿਵਾੜੀ ਪਾਰਟੀ ਦੇ ਨਾਲ ਚੱਟਾਨ ਦੀ ਤਰ੍ਹਾਂ ਖੜ੍ਹੇ ਰਹੇ ਅਤੇ ਪਾਰਟੀ ਦੀਆਂ ਗਤੀਵਿਧਾਂ ਵਿੱਚ ਵਧ ਚੜ੍ਹ ਕੇ ਹਿੱਸਾ ਲੈਂਦੇ ਰਹੇ। ਜਿਸ ਕਾਰਨ ਸਮੇਂ ਸਮੇਂ 'ਤੇ ਪਾਰਟੀ ਉਨ੍ਹਾਂ ਨੂੰ ਵੱਖ ਵੱਖ ਅਹੁਦਿਆਂ ਦੇ ਨਾਲ ਨਿਵਾਜਦੀ ਰਹੀ ਹੈ ਤੇ ਇਸ ਵਾਰ ਪਾਰਟੀ ਵੱਲੋਂ ਸੂਬਾ ਪ੍ਰਧਾਨ ਰਾਜਾ ਵੜਿੰਗ ਨੇ ਉਨ੍ਹਾਂ ਨੂੰ ਕੋਆਰਡੀਨੇਟਰ ਦੇ ਅਹੁਦੇ ਨਾਲ ਨਿਵਾਜਿਆ ਹੈ। ਇਸ ਅਹੁਦੇ ਨੂੰ ਮਿਲਣ 'ਤੇ ਤਿਵਾੜੀ ਨੇ ਕਾਂਗਰਸ ਹਾਈਕਮਾਂਡ ਅਤੇ ਰਾਜਾ ਵੜਿੰਗ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਉਹ ਪਾਰਟੀ ਵੱਲੋਂ ਦਿੱਤੀ ਗਈ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਵਾਂਗਾ।

ਬਿਜਲੀ ਦੀ ਮੰਗ ਦਾ ਨਵਾਂ ਰਿਕਾਰਡ, ਮੰਗ 16249 ਮੈਗਾਵਾਟ ਦਾ ਅੰਕੜਾ ਛੂਹ ਗਈ

ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਪੰਜਾਬ 'ਚ ਝੋਨੇ ਦੀ ਲੁਆਈ ਦਾ ਚੌਥਾ ਗੇੜ ਸ਼ੁਰੂ ਹੁੰਦੇ ਸਾਰੇ ਬੁੱਧਵਾਰ ਬਿਜਲੀ ਦੀ ਮੰਗ ਦਾ ਨਵਾਂ ਰਿਕਾਰਡ ਬਣ ਗਿਆ ਤੇ ਪੰਜਾਬ ਰਾਜ ਬਿਜਲੀ ਨਿਗਮ ਲਿਮਟਿਡ (ਪਾਵਰਕਾਮ) ਨੇ ਬਿਨਾਂ ਕੋਈ ਪਾਵਰ ਕੱਟ ਲਾ ਕੇ ਬਿਜਲੀ ਸਪਲਾਈ ਦੇ ਕੇ ਨਵਾਂ ਕੀਰਤੀਮਾਨ ਸਥਾਪਤ ਕੀਤਾ ਹੈ। ਅੱਜ ਦੁਪਹਿਰ 3.20 ਵਜੇ ਦੀ ਮੰਗ 16249 ਮੈਗਾਵਾਟ ਦਾ ਅੰਕੜਾ ਛੂਹ ਗਈ, ਜਦੋਂ ਕਿ ਪਿਛਲੇ ਸਾਲ 19 ਜੂਨ ਨੂੰ ਬਿਜਲੀ ਦੀ ਮੰਗ 16089 ਮੈਗਾਵਾਟ ਦਰਜ ਕੀਤੀ ਗਈ ਸੀ। ਤੰਦੂਰ ਵਾਂਗੂ ਤਪ ਰਹੇ ਪੰਜਾਬ ਵਿਚ ਵਧੀ ਹੋਈ ਗਰਮੀ ਨੇ ਵੀ ਬਿਜਲੀ ਦੀ ਮੰਗ ਵਿਚ ਆਪਣਾ ਯੋਗਦਾਨ ਪਾਇਆ ਹੈ। ਪਾਵਰਕਾਮ ਨੇ ਸਰਕਾਰੀ ਤੇ ਪ੍ਰਾਈਵੇਟ ਖੇਤਰ ਦੇ ਸਾਰੇ ਥਰਮਲ ਪਲਾਂਟ ਦੇ ਸਾਰੇ ਯੂਨਿਟ ਚਾਲੂ ਕੀਤੇ ਹੋਏ ਹਨ ਤੇ ਇਨ੍ਹਾਂ ਤੋਂ ਇਲਾਵਾ ਪਣਬਿਜਲੀ ਪ੍ਰਾਜੈਕਟਾਂ ਤੇ ਸੌਰ ਊਰਜਾ ਪ੍ਰਾਜੈਕਟਾਂ ਤੋਂ ਵੀ ਬਿਜਲੀ ਮਿਲ ਰਹੀ ਹੈ, ਜਦੋਂ ਕਿ ਬਿਜਲੀ ਦੀ ਖਰੀਦ ਕੇ ਸਪਲਾਈ ਵੀ ਜਾਰੀ ਹੈ।

ਹਾਰਮਨੀ ਆਯੁਰਵੈਦਿਕ ਮੈਡੀਕਲ ਕਾਲਜ ਵੱਲੋਂ ਫੌਜੀਆਂ ਲਈ ਵਿਸ਼ੇਸ਼ ਲੈਕਚਰ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)-ਹਾਰਮਨੀ ਆਯੁਰਵੈਦਿਕ ਮੈਡੀਕਲ ਕਾਲਜ ਐਂਡ ਹਸਪਤਾਲ ਵੱਲੋਂ ਭਾਰਤੀ ਫ਼ੌਜ ਦੇ ਜਵਾਨਾਂ ਲਈ ਉੱਚੇ ਪਹਾੜੀ ਇਲਾਕਿਆਂ ਵਿੱਚ ਹੋਣ ਵਾਲੀਆਂ ਸਿਹਤ ਸਬੰਧੀ ਦਿਕਤਾਂ ਬਾਰੇ ਵਿਸ਼ੇਸ਼ ਜਾਗਰੂਕਤਾ ਸੈਸ਼ਨ ਦਾ ਆਯੋਜਨ ਕੀਤਾ ਗਿਆ। ਇਸ ਵਿਚ ਉੱਚਾਈ 'ਤੇ ਘੱਟ ਆਕਸੀਜਨ, ਫਰਾਸਟਬਾਈਟ ਤੇ ਹੋਰ ਸਿਹਤ ਸਮੱਸਿਆਵਾਂ ਦੇ ਆਯੁਰਵੈਦਿਕ ਹੱਲਾ

12- June - Page - 6.qxd 6/11/2025 10:56 PM Page 1

ਬਿਜਲੀ ਦੇ ਲੰਮੇ ਲੰਮੇ ਕੱਟਾਂ ਤੋਂ ਲੋਕ ਡਾਢੇ ਪ੍ਰੇਸ਼ਾਨ

ਮੋਗਾ, (ਇਕਬਾਲ ਸਿੰਘ ਖਹਿਰਾ)- ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਦਫਤਰ ਵਿਖੇ ਕਿਸਾਨਾਂ ਵੱਲੋਂ ਗੱਲਬਾਤ ਕਰਦੇ ਹੋਏ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ, ਜ਼ਿਲ੍ਹਾ ਮੀਤ ਪ੍ਰਧਾਨ ਗੁਰਮੇਲ ਸਿੰਘ ਡਰੋਲੀ ਭਾਈ ਨੇ ਕਿਹਾ ਹੈ ਕਿ ਹਜੇ ਝੋਨੇ ਦਾ ਸੀਜ਼ਨ ਲਵਾਈ ਦਾ ਅੱਜ 10 ਜੂਨ ਤੋਂ ਸ਼ੁਰੂ ਹੀ ਹੋਈ ਹੈ, ਜਿਸ ਦੇ ਨਾਲ ਪਿੰਡਾਂ ਤੇ ਸ਼ਹਿਰਾਂ ਵਿੱਚ ਲੰਬੇ ਲੰਬੇ ਕੱਟ ਲੱਗਣੇ ਸ਼ੁਰੂ ਹੋ ਗਏ ਹਨ, ਜਦੋਂ ਵੀ ਕਿਸੇ ਟਰਾਂਸਫਾਰਮਰ ਦਾ ਫਿਊਜ਼ ਉੱਡ ਜਾਂਦਾ ਹੈ ਜਾਂ ਕੋਈ ਟਰਾਂਸਫਾਰਮਰ ਖਰਾਬ ਹੋ ਜਾਂਦਾ ਹੈ ਤਾਂ ਮਹਿਕਮੇ ਵਾਲੇ ਫਿਊਜ਼ ਲਾਉਣ ਲਈ 12-12 ਘੰਟੇ ਨਹੀਂ ਆ ਰਹੇ ਅਤੇ ਜੇ ਕਿਤੇ ਟਰਾਂਸਫਾਰਮਰ ਸੜ ਜਾਵੇ ਤਾਂ ਰੱਬ ਹੀ ਰਾਖਾ ਹੈ, ਇਸ ਤਰ੍ਹਾਂ ਨਾਲ ਲੋਕ ਡਾਢੇ ਪ੍ਰੇਸ਼ਾਨ ਹੋ ਕੇ ਗਰਮੀ ਨਾਲ ਤ੍ਰਾਹ-ਤ੍ਰਾਹ ਕਰ ਰਹੇ ਹਨ ਕਿਉਂਕਿ ਗਰਮੀ ਹੋਣ ਕਾਰਨ ਬਹੁਤ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਨ੍ਹਾਂ ਦਿਨਾਂ ਵਿੱਚ ਸਕੂਲੀ ਬੱਚਿਆਂ ਨੂੰ ਵੀ ਛੁੱਟੀਆਂ ਹੁੰਦੀਆਂ ਹਨ, ਜੇ ਸਰਕਾਰ ਬਿਜਲੀ ਸਪਲਾਈ ਨਹੀਂ ਛੱਡਦੀ ਤਾਂ ਬੱਚੇ ਵੀ ਬਾਹਰ ਨਿਕਲ ਨਿਕਲ ਭੱਜਦੇ ਹਨ ਅਤੇ ਇਸ ਤਰ੍ਹਾਂ ਉਨ੍ਹਾਂ ਲਈ ਬਿਮਾਰ ਹੋਣ ਦਾ ਖਤਰਾ ਬਣਿਆ ਰਹਿੰਦਾ ਹੈ। ਇਸ ਸਮੇਂ ਆਗੂਆਂ ਨੇ ਕਿਹਾ ਕਿ ਖੇਤਾਂ ਨੂੰ ਤਾਂ ਸਰਕਾਰ ਨੇ ਸਿਰਫ ਤੇ ਸਿਰਫ ਅੱਠ ਘੰਟੇ ਬਿਜਲੀ ਦੇਣੀ ਹੈ, ਪਰ ਪਿੰਡਾਂ ਤੇ ਸ਼ਹਿਰਾਂ ਵਿੱਚ 24 ਘੰਟੇ ਦੀ ਸਪਲਾਈ ਨੂੰ ਯਕੀਨਨ ਬਣਾਇਆ ਜਾਵੇ ਤਾਂ ਜੋ ਲੋਕਾਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾ ਜਾਣਕਾਰੀ ਦਿੰਦੇ ਦੱਸਿਆ ਕਿ ਇਸ ਟਾਈਮ ਪਾਰਾ 45 ਡਿਗਰੀ ਨੂੰ ਪਾਰ ਕਰ ਚੁੱਕਾ ਹੈ, ਜੋ ਕਿ ਸਿਹਤ ਲਈ ਕਾਫੀ ਖਤਰਨਾਕ ਹੈ। ਇਸ ਸਮੇਂ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ, ਜ਼ਿਲ੍ਹਾ ਮੀਤ ਪ੍ਰਧਾਨ ਗੁਰਮੇਲ ਸਿੰਘ ਡਰੋਲੀ ਭਾਈ, ਜ਼ਿਲ੍ਹਾ ਮੀਡੀਆ ਸਕੱਤਰ ਬਲਕਰਨ ਸਿੰਘ ਢਿੱਲੋਂ, ਸੂਬਾ ਆਗੂ ਮੰਦਰਜੀਤ ਸਿੰਘ ਮਨਾਵਾਂ, ਪ੍ਰਕਾਸ਼ ਸਿੰਘ ਦਫਤਰ ਇੰਚਾਰਜ, ਨਰਿੰਦਰ ਪਾਲ ਸਿੰਘ ਦੌਲਤਪੁਰਾ, ਬੂਟਾ ਸਿੰਘ ਸਾਢੂਵਾਲਾ, ਕਿਸਮਤ ਮੀਤ ਸਿੰਘ ਆਦਿ ਹਾਜ਼ਰ ਸਨ।

ਪੈਨਸ਼ਨਰਾਂ ਦੀਆਂ ਮੰਗਾਂ ਪੂਰੀਆਂ ਕਰਨ ਦੀ ਮੰਗ

ਮੁੱਲਾਂਪੁਰ ਦਾਖਾ (ਗੁਰਮੇਲ ਮੈਲਡੇ) ਪੰਜਾਬ ਪੈਨਸ਼ਨਰਜ਼ ਯੂਨੀਅਨ ਰਜਿ: ਲੁਧਿਆਣਾ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਮਨਸੂਰਾਂ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਵਿੱਚ ਸਕੱਤਰ ਹਰਜਿੰਦਰ ਸਿੰਘ ਸੀਲੋ ਨੇ ਅਜੰਡਾ ਪੇਸ਼ ਕੀਤਾ ਤੇ ਵਿਚਾਰ ਸਾਂਝੇ ਕੀਤੇ। ਗੁਰਮੇਲ ਸਿੰਘ ਮੈਲਡੇ ਸੂਬਾ ਮੁੱਖ ਸਲਾਹਕਾਰ , ਚਰਨ ਸਿੰਘ ਸਰਾਭਾ ਸਰਪ੍ਰਸਤ, ਹਰਬੰਸ ਸਿੰਘ ਪੰਧੇਰ, ਦਰਸ਼ਨ ਸਿੰਘ ਥਰੀਕੇ ਵਿੱਤ ਸਕੱਤਰ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਸਰਕਾਰ ਪੈਨਸ਼ਨਰਾਂ ਦੀ ਮੰਗਾਂ ਨੂੰ ਪੂਰਾ ਕਰਨ ਦੀ ਬਜਾਏ ਲਟਕਾ ਰਹੀ ਹੈ, ਜਿਵੇਂ 01-01-2016 ਤੋਂ ਪੇ-ਕਮਿਸ਼ਨ ਦਾ ਏਰੀਆ 2025 ਵਿੱਚ ਜਾਰੀ ਕੀਤਾ ਜਾ ਰਿਹਾ ਹੈ, ਜਿਸ ਦੀਆਂ 28 ਕਿਸ਼ਤਾਂ 42 ਕਿਸ਼ਤਾਂ ਬਣਾ ਦਿੱਤੀਆਂ ਹਨ। ਇਹ ਪਹਿਲੀ ਵਾਰ ਹੋਇਆ ਹੈ ਕਿ ਜੋ ਮਾਨ ਸਰਕਾਰ ਨੇ ਕੀਤਾ ਹੈ, ਇਸ ਕਾਰਵਾਈ ਦੀ ਸਖਤ ਨਿਖੇਧੀ ਕੀਤੀ ਗਈ। ਪੇ-ਕਮਿਸ਼ਨ ਦਾ ਗਠਨ ਕੀਤਾ ਜਾਵੇ ਤੇ 2016 ਤੋਂ 2022 ਤੱਕ ਦਾ ਏਰੀਆ ਯਕਮੁਸ਼ਤ ਦਿੱਤਾ ਜਾਵੇ। ਕੇਂਦਰੀ ਪੈਟਰਨ ਤੇ ਮਹਿੰਗਾਈ ਭੱਤਾ 48% ਲਾਗੂ ਕੀਤਾ ਜਾਵੇ। ਪੈਨਸ਼ਨ ਸੋਧ ਫਾਰਮੂਲਾ 2.59 ਦੇ ਅਨੁਸਾਰ ਪੈਨਸ਼ਨ ਫਿਕਸ ਕੀਤੀ ਜਾਵੇ। ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ 14 ਜੂਨ ਨੂੰ ਲੁਧਿਆਣਾ ਵਿਖੇ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝੇ ਫਰੰਟ ਵੱਲੋਂ ਕੀਤੇ ਜਾ ਰਹੇ ਰੋਸ ਮਾਰਚ ਵਿੱਚ ਵੱਡੀ ਗਿਣਤੀ ਵਿੱਚ ਹਿੱਸਾ ਲਿਆ ਜਾਵੇਗਾ।

ਬਾਲਾਕੋਟ ਸਟ੍ਰਾਈਕ ਦੀ ਨਾਇਕਾ ਵਿੰਗ ਕਮਾਂਡਰ ਜਸਮੀਤ ਕੌਰ ਦਾ ਡੇਰਾਬੱਸੀ 'ਚ ਸਨਮਾਨ

ਡੇਰਾ ਬੱਸੀ (ਵਿਨੈ ਕੁਮਾਰ ਜੈਨ) 37 ਸਾਲਾ ਜਸਮੀਤ ਕੌਰ, ਜੋ ਇੰਡੀਅਨ ਏਅਰ ਫੋਰਸ ਵਿੱਚ ਵਿੰਗ ਕਮਾਂਡਰ ਹਨ ਤੇ ਵਿੰਗ ਕਮਾਂਡਰ ਗੁਰਜੀਤ ਸਿੰਘ ਦੀ ਪਤਨੀ ਹਨ, ਉਨ੍ਹਾਂ ਨੂੰ ਗ੍ਰੀਨ ਅਸਟੇਟ ਵਿੱਚ ਸਾਲ ਅਤੇ ਸਮ੍ਰਿਤੀ ਚਿੰਨ੍ਹ ਦੇ ਕੇ ਸਨਮਾਨ ਦਿੱਤਾ ਗਿਆ।

ਜਸਮੀਤ ਕੌਰ ਦਾ ਜਨਮ ਡੇਰਾਬਸੀ ਵਿੱਚ ਸ੍ਰੀ ਹਰਜੀਤ ਸਿੰਘ ਦੇ ਘਰ ਹੋਇਆ ਸੀ। ਉਨ੍ਹਾਂ 10ਵੀਂ ਦੀ ਪੜ੍ਹਾਈ ਸਰਵਹਿਤਕਾਰੀ ਵਿਦਿਆ ਮੰਦਰ ਡੇਰਾਬੱਸੀ ਤੋਂ ਕੀਤੀ ਅਤੇ ਚਿਟਕਾਰਾ ਯੂਨੀਵਰਸਿਟੀ ਤੋਂ ਇੰਜੀਨੀਅਰਿੰਗ ਕਰਨ ਤੋਂ ਬਾਅਦ 2011 ਵਿੱਚ ਇੰਡਿਅਨ ਏਅਰ ਫੋਰਸ ਵਿੱਚ ਸ਼ਾਮਲ ਹੋਈਆਂ। ਜਦੋਂ ਭਾਰਤ ਨੇ ਬਾਲਾਕੋਟ (ਪਾਕਿਸਤਾਨ) ਵਿੱਚ ਸਰਜੀਕਲ ਸਟ੍ਰਾਈਕ ਕੀਤੀ ਸੀ, ਤਦ ਉਹ ਅਗਲੇ ਮੋਰਚੇ 'ਤੇ ਤਾਇਨਾਤ ਸਨ। ਉਨ੍ਹਾਂ ਦਾ ਕੰਮ ਭਾਰਤ ਦੀ ਏਅਰ ਸਟ੍ਰਾਈਕ ਦੇ ਪਾਕਿਸਤਾਨੀ ਜਵਾਬ ਦਾ ਜਵਾਬ ਦੇਣਾ ਸੀ, ਪਰ ਉਸ ਸਮੇਂ ਪਾਕਿਸਤਾਨ ਨੇ ਐਸਾ ਹਿੰਮਤ ਨਹੀਂ ਕੀਤੀ। ਇਸ ਬਾਲਾਕੋਟ ਸਟ੍ਰਾਈਕ ਲਈ ਵਿੰਗ ਕਮਾਂਡਰ ਜਸਮੀਤ ਕੌਰ ਦੀ ਟੀਮ ਨੂੰ ਇੰਡਿਅਨ ਏਅਰ ਫੋਰਸ ਵੱਲੋਂ ਯੂਥ ਸੈਨਾ ਐਵਾਰਡ ਮਿਲਿਆ ਸੀ।

ਜਸਮੀਤ ਕੌਰ ਨੇ ਦੱਸਿਆ ਕਿ ਬਾਲਾਕੋਟ ਸਟ੍ਰਾਈਕ ਤੋਂ ਬਾਅਦ ਇੰਡੀਅਨ ਏਅਰ ਫੋਰਸ ਵਿੱਚ ਕੁੜੀਆਂ ਦੀ ਭਰਤੀ ਵਧ ਰਹੀ ਹੈ। ਉਨ੍ਹਾਂ ਦੱਸਿਆ ਕਿ ਅਪ੍ਰੇਸ਼ਨ ਸਿੰਧੂਰ ਦੌਰਾਨ ਵੀ ਉਨ੍ਹਾਂ ਦੀ ਯੂਨਿਟ ਨੂੰ ਛੋਟੀ ਸੂਚਨਾ 'ਤੇ ਤਿਆਰ ਰਹਿਣਾ ਪਿਆ। ਇਸ ਸਮੇਂ ਉਹ ਬੀਟਾ ਏਅਰ ਫੋਰਸ ਸਟੇਸ਼ਨ, ਪਟਨਾ (ਬਿਹਾਰ) ਵਿੱਚ ਡਿਊਟੀ ਕਰ ਰਹੀਆਂ ਹਨ।

ਪ੍ਰਦੇਸ਼ 'ਚ ਕਾਂਗਰਸ ਸੰਗਠਨ ਦੀ ਮਜ਼ਬੂਤੀ ਜ਼ਰੂਰੀ : ਐਮ ਕ੍ਰਿਸਟੋਫਰ

ਸਿਰਸਾ (ਸੁਰਿੰਦਰ ਪਾਲ ਸਿੰਘ)- ਆਲ ਇੰਡੀਆ ਕਾਂਗਰਸ ਕਮੇਟੀ ਦੇ ਸਕੱਤਰ ਅਤੇ ਪਾਰਟੀ ਦੁਆਰਾ ਨਿਯੁਕਤ ਆਬਜ਼ਰਵਰ ਐਮ ਕ੍ਰਿਸਟੋਫਰ ਤਿਲਕ ਨੇ ਸਿਰਸਾ ਦੇ ਕਾਂਗਰਸ ਭਵਨ ਵਿੱਚ ਵਿਸ਼ੇਸ਼ ਮੀਟਿੰਗ ਵਿੱਚ ਕਿਹਾ ਕਿ ਪ੍ਰਦੇਸ਼ ਵਿਚ ਸੰਗਠਨ ਸਥਾਪਤ ਕਰਨ ਲਈ ਇਸ ਤੋਂ ਬਾਅਦ ਹੁਣ ਹਲਕਾ ਪੱਧਰ 'ਤੇ ਮੀਟਿੰਗ ਹੋਵੇਗੀ ਅਤੇ ਜ਼ਿਲ੍ਹਾ ਪ੍ਰਧਾਨ ਦੇ ਅਹੁਦੇ ਲਈ ਅਰਜ਼ੀ ਪ੍ਰਕਿਰਿਆ ਸ਼ੁਰੂ ਕੀਤੀ ਜਾਵੇਗੀ। ਇਸ ਮੀਟਿੰਗ ਵਿਚ ਆਬਜ਼ਰਵਰ ਤਿਲਕ ਨੇ ਕਿਹਾ ਕਿ ਕਾਂਗਰਸ ਦਾ ਸਿਖਰ 'ਤੇ ਸੰਗਠਨ ਸੀ, ਪਰ ਹਰਿਆਣਾ ਵਿੱਚ ਕੋਈ ਸੰਗਠਨ ਨਹੀਂ ਸੀ। ਸਾਨੂੰ ਬੂਥ ਪੱਧਰ 'ਤੇ ਮਜ਼ਬੂਤ ? ?ਹੋਣਾ ਪਵੇਗਾ, ਜਿਸ ਲਈ ਸਾਨੂੰ ਵਰਕਰਾਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਸਿਰਸਾ ਸੰਸਦੀ ਹਲਕੇ ਵਿੱਚ ਸੰਗਠਨ ਨਾ ਹੋਣ ਦੇ ਬਾਵਜੂਦ ਕਾਂਗਰਸ ਨੇ ਨੌਂ ਵਿੱਚੋਂ ਛੇ ਸੀਟਾਂ 'ਤੇ ਕਬਜ਼ਾ ਕਰ ਲਿਆ। ਜੇਕਰ ਸਾਡੇ ਕੋਲ ਸੰਗਠਨ ਹੁੰਦਾ ਤਾਂ ਅੱਜ ਸੂਬੇ ਵਿੱਚ ਕਾਂਗਰਸ ਦੀ ਸਰਕਾਰ ਹੁੰਦੀ। ਉਨ੍ਹਾਂ ਕਿਹਾ ਕਿ ਹੁਣ ਅਸੀਂ ਸਾਰੇ ਵਿਧਾਨ ਸਭਾ ਹਲਕਿਆਂ ਵਿੱਚ ਜਾਵਾਂਗੇ ਅਤੇ 16 ਜੂਨ ਨੂੰ ਸਿਰਸਾ ਵਿੱਚ ਦੁਬਾਰਾ ਮੀਟਿੰਗ ਹੋਵੇਗੀ। ਐਮ ਕ੍ਰਿਸਟੋਫਰ ਤਿਲਕ ਨੇ ਕਿਹਾ ਕਿ ਰਾਹੁਲ ਗਾਂਧੀ ਦੀ ਭਾਰਤ ਜੋੜੋ ਯਾਤਰਾ ਅਤੇ ਭਾਰਤ ਨਿਆਏ ਯਾਤਰਾ ਤੋਂ ਬਾਅਦ ਲੋਕਾਂ ਵਿੱਚ ਉਤਸ਼ਾਹ ਪੈਦਾ ਹੋਇਆ ਹੈ ਅਤੇ ਇਸ ਉਤਸ਼ਾਹ ਨੂੰ ਬਣਾਈ ਰੱਖਣ ਲਈ ਸੰਗਠਨ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਲੋਕ ਕਾਂਗਰਸ ਦੀ ਵਿਚਾਰਧਾਰਾ ਨਾਲ ਜੁੜੇ ਹੋਏ ਹਨ।

105 ਗ੍ਰਾਮ ਹੈਰੋਇਨ ਸਮੇਤ 3 ਗ੍ਰਿਫ਼ਤਾਰ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ) ਜ਼ਿਲ੍ਹਾ ਫਿਰੋਜ਼ਪੁਰ ਪੁਲਸ ਨੇ ਵੱਖ-ਵੱਖ ਥਾਵਾਂ ਤੋਂ ਗਸ਼ਤ ਅਤੇ ਚੈਕਿੰਗ ਦੌਰਾਨ 105 ਗ੍ਰਾਮ ਹੈਰੋਇਨ ਸਮੇਤ 3 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਐੱਨਡੀਪੀਐੱਸ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਥਾਣਾ ਸਦਰ ਫਿਰੋਜ਼ਪੁਰ ਦੇ ਐੱਸਆਈ ਤਰਸੇਮ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਨੇੜੇ ਜਾਵਾ ਏਜੰਸੀ ਪਾਸ ਪੁੱਜੀ ਤਾਂ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਦੋਸ਼ੀ ਲਖਵਿੰਦਰ ਸਿੰਘ ਉਰਫ ਲੱਖਾ ਪੁੱਤਰ ਸਰਦਾਰਾ ਸਿੰਘ ਵਾਸੀ ਮੱਧਰੇ ਹੈਰੋਇਨ ਲੈ ਕੇ ਗ੍ਰਾਹਕਾਂ ਨੂੰ ਵੇਚਣ ਲਈ ਕਿਲੇ ਵਾਲਾ ਚੌਕ ਫਿਰੋਜ਼ਪੁਰ ਖੜ੍ਹਾ ਹੈ। ਜੇਕਰ ਹੁਣੇ ਛਾਪੇਮਾਰੀ ਕੀਤੀ ਜਾਵੇ ਤਾਂ ਭਾਰੀ ਮਾਤਰਾ ਵਿਚ ਹੈਰੋਇਨ ਬਰਾਮਦ ਹੋ ਸਕਦੀ ਹੈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀ ਨੂੰ ਕਾਬੂ ਕਰਕੇ ਤਲਾਸ਼ੀ ਲਈ ਤਾਂ ਉਸ ਕੋਲੋਂ 4 ਗ੍ਰਾਮ ਹੈਰੋਇਨ ਬਰਾਮਦ ਹੋਈ। ਥਾਣਾ ਕੁੱਲਗੜ੍ਹੀ ਪੁਲਿਸ ਦੇ ਸਹਾਇਕ ਥਾਣੇਦਾਰ ਬਲਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਿਸ ਪਾਰਟੀ ਗਸ਼ਤ ਕਰਦੀ ਹੋਈ ਪਿੰਡ ਸ਼ਾਂਦੇ ਹਾਸ਼ਮ ਮੰਡੀ ਪੁੱਜੀ ਤਾਂ ਇਕ ਮੋਨਾ ਨੌਜਵਾਨ ਸੁਖਮੰਦਰ ਸਿੰਘ ਉਰਫ ਆਦੀ ਪੁੱਤਰ ਵਜੀਰ ਚੰਦ ਵਾਸੀ ਪਿੰਡ ਸ਼ੇਰਖਾਂ ਦਾਣਾ ਮੰਡੀ ਵਿਚ ਖੜ੍ਹਾ ਦਿਖਾਈ ਦਿੱਤਾ, ਜਿਸ ਨੇ ਪੁਲਸ ਦੀ ਸਰਕਾਰੀ ਗੱਡੀ ਵੇਖ ਆਪਣੀ ਪਹਿਨੀ ਹੋਈ ਕੈਪਰੀ ਦੀ ਖੱਜੀ ਜੇਬ ਵਿਚੋਂ ਇਕ ਮੋਮੀ ਪਾਰਦਰਸ਼ੀ ਲਿਫ਼ਾਫ਼ੇ ਨੂੰ ਆਪਣੇ ਹੱਥਾਂ ਨਾਲ ਕੱਢ ਕੇ ਹੇਠਾਂ ਜ਼ਮੀਨ 'ਤੇ ਸੁੱਟਾ ਦਿੱਤਾ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀ ਨੂੰ ਕਾਬੂ ਕਰਕੇ ਸੁੱਟੇ ਲਿਫਾਫੇ ਨੂੰ ਚੈੱਕ ਕੀਤਾ ਤਾਂ ਉਸ ਵਿਚੋਂ 91 ਗ੍ਰਾਮ ਹੈਰੋਇਨ ਬਰਾਮਦ ਹੋਈ। ਥਾਣਾ ਘੱਲ ਖੁਰਦ ਪੁਲਿਸ ਦੇ ਐੱਸਆਈ ਮੇਜਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਇਲਾਕੇ ਵਿਚ ਗਸ਼ਤ ਕਰ ਰਹੀ ਸੀ ਤਾਂ ਇਸ ਦੌਰਾਨ ਉਨ੍ਹਾਂ ਨੇ ਸ਼ੱਕ ਦੀ ਬਿਨਾਅ 'ਤੇ ਇਕ ਨੌਜਵਾਨ ਗੁਰਪ੍ਰੀਤ ਸਿੰਘ ਉਰਫ ਗੋਪੀ ਪੁੱਤਰ ਰਾਜਾ ਸਿੰਘ ਵਾਸੀ ਵੱਡਾ ਵੇਹੜਾ, ਮੁੱਦਕੀ ਨੂੰ ਕਾਬੂ ਕੀਤਾ ਤੇ ਤਲਾਸ਼ੀ ਦੌਰਾਨ 10 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਅਨ ਖਿਲਾਫ ਮਾਮਲੇ ਦਰਜ ਕਰ ਲਏ ਗਏ ਹਨ।

ਸੇਧ

ਰੋਜ਼ਾਨਾ 'ਨਵਾਂ ਜ਼ਮਾਨਾ' ਜਲੰਧਰ ਅਖਬਾਰ 'ਚ ਮਿਤੀ 02.09.2024 ਨੂੰ ਕੈਪੀਟਲ ਸਮਾਲ ਫਾਈਨੇਂਸ ਬੈਂਕ ਦੇ ਸ਼ਾਖਾ ਦਫਤਰ ਟੁੱਟ ਕਲਾਂ, ਜ਼ਿਲ੍ਹਾ ਜਲੰਧਰ ਬਨਾਮ ਸਿਮਰਪ੍ਰੀਤ ਸਿੰਘ ਪੁੱਤਰ ਸ੍ਰੀ ਜਰਨੈਲ ਸਿੰਘ ਵਾਸੀ ਪਿੰਡ ਭੋਗੇਵਾਲਾ, ਡਾਕਖਾਨਾ ਕੋਟ ਈਸੇ ਖਾਂ, ਜ਼ਿਲ੍ਹਾ ਫਿਰੋਜ਼ਪੁਰ ਅਤੇ ਹੋਰਨਾਂ ਸੰਬੰਧੀ ਪ੍ਰਕਾਸ਼ਤ ਇਸ਼ਤਿਹਾਰ 'ਚ ਸਾਲਸ ਦਾ ਨਾਂਅ ਗਲਤੀ ਨਾਲ ਸੁਖਦੇਵ ਸਿੰਘ ਜੌਲੀ ਐਡਵੋਕੇਟ ਛਪ ਗਿਆ ਹੈ। ਕਿਰਪਾ ਕਰਕੇ ਇਸ ਨੂੰ ਸੁਖਜੀਤ ਸਿੰਘ ਜੌਲੀ ਐਡਵੋਕੇਟ ਪੜ੍ਹਿਆ ਜਾਵੇ।

ਇਸ਼ਤਿਹਾਰ ਮੈਨੇਜਰ

COURT NOTICE

(U/o 5 Rule 20 CPC)
{Under Guardian And Ward Act}
In The Court of
Ms. Suman Pathak
Civil Judge (Senior Division),
Kapurthala
CNR No. PBKP02-000499-2025
Next Date: 07-08-2025
Surjit Rani
Vs.
General Public
Notice To:
General Public

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 07-08-2025 at 10:00 a.m.

For details logon to https://highcourtchd.gov.in/?mod=district_notice&district=Kapurthala

Civil Judge (Senior Division)
Kapurthala
Dated, this day of 10-06-2025

COURT NOTICE

(U/o 5 Rule 20 CPC)
In The Court of Kirandeep Kaur
Civil Judge (Junior Division),
Amritsar
CNR No. PBAS02-000482-2024
Next Date:- 21-07-2025
Pardeep Singh Nagpal
Vs.
Gurmit Singh Dhammu
CS DECL P INJ
Publication Issued To:
Gurmit Singh Dhammu
Father :- Santokh Singh Dhammu
Plot No. 59, Abadi Ranjit Vihar, Loharka Road, Amritsar

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 21-07-2025 at 10:00 a.m.

For details logon to https://highcourtchd.gov.in/?trs=district_notice&district=Amritsar

Civil Judge (Junior Division),
Amritsar
Dated, this day of 10-06-2025

COURT NOTICE

(U/o 5 Rule 20 CPC)
In The Court of
Sh. Amandeep Singh
Civil Judge (Senior Division),
Tarn Taran
Next Date, Purpose of case, Orders and Judgments as well as other case information is available on http://districts.ecourts.gov.in
CNR No. PBTT02-000519-2025
Next Date: 19-07-2025
Mandeep Kaur (Widow)
Vs.
General Public
Publication Issued To:
General Public
:- Tarn Taran

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 19-07-2025 at 10:00 a.m.

For details logon to https://highcourtchd.gov.in/?trs=district_notice&district=Tarn Taran

Civil Judge (Senior Division) Tarn Taran
Dated, this day of 09-06-2025

COURT NOTICE

(U/o 5 Rule 20 CPC)
In The Court of Manisha
Civil Judge (Junior Division), Rupnagar
CS/1186/2023
CNR No. PBRO02-001810-2023
Next Date: 12-08-2025
Ram Singh S/o Rachan Singh R/o Village Thauna, Tehsil & Distt. Rupnagar
Vs.
Sukhwinder Kaur W/o Baljinder Singh D/o Late Harbans Singh R/o House No. 111, Near Big Bazar Sunny Enclave Zirakpur, District SAS Nagar, Mohali.
Publication Issued To :-
1. Sukhwinder Kaur W/o Baljinder Singh D/o Late Harbans Singh R/o House No. 111, Near Big Bazar Sunny Enclave Zirakpur, District SAS Nagar, Mohali.
2. Baljinder Singh S/o Ram Singh R/o Quarter No. 16 Police Complex Industrial Area Phase 1 SAS Nagar Mohali.

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 12.08.2025 at 10:00 A.M.

For details logon to https://highcourtchd.gov.in/?mod=district_notice&district=Rupnagar

Civil Judge (Junior Division),
Rupnagar
Dated this day of 29-05-2025

PUBLIC NOTICE

I, Jasvir Kaur wife of Shri Surjit Singh, Resident of House No. 413, Dashmesh Avenue, Majitha Road, Tehsil and District Amritsar declare that previous Original Sale Deed bearing document no. 6407 registered on 17.12.1984 of my Property i.e. bearing private no. 249, having length 55 feet and width 30 feet, area measuring 183.33 Sq. yds., forming part of Khasra No. 71//18 min, situated at Rakba Naushehra, Tehsil and District Amritsar executed by The Pearl Co-operative House Building Society in favour of Smt. Swarn wife of Shri Sham Sundar has been lost on 31.05.2025 and report in this regard has been lodged vide General Diary No. 033 dated 05.06.2025 in Police Station Sadar, Amritsar. Now, I want to Mortgage the above said Property with Canara Bank, Retail Assets Hub, Amritsar. If any person has any objection or interest with regard to equitable mortgage of above said Property or is having any Claim/ Knowledge of above said Document allege to have been lost, he may approach and file objection within 7 days before undersigned. There after bank will allow Loan against equitable mortgage of said Property considering the above said previous Registry to be lost and not deposited with any bank, private agency or person as security and thereafter, later on bank will not entertain any Claim/ Objection in this regard. Anybody dealing in any manner regarding the property mentioned in lost Old Registry shall be responsible of his own. If anybody/ borrower find/ get the lost Old Registry, the same will have to deposit to the Canara Bank, Retail Assets Hub, Amritsar.

ਉੱਤਰ ਰੇਲਵੇ

ਈ-ਨਿਵਿਦਾ ਸੂਚਨਾ

ਨਿਵਿਦਾ ਸੂਚਨਾ ਨੰ. 433-ਸਿਗ- ਟੀ-07-25-26 ਮਿਤੀ: 11.06.2025
ਬੰਦ ਹੋਣ ਦੀ ਮਿਤੀ/ਸਮਾਂ: 03.07.2025 ਨੂੰ 12:30 ਵਜੇ

ਸੀਨੀਅਰ ਮੰਡਲ ਸੰਕੇਤ ਅਤੇ ਦੂਰਸੰਚਾਰ ਇੰਜੀਨੀਅਰ, ਉਤਰ ਰੇਲਵੇ, ਫਿਰੋਜਪੁਰ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ **ਟੈਂਡਰ ਨੰ. 433-ਸਿਗ/ਟੀ-07/25-26** ਈ ਟੈਂਡਰਿੰਗ ਦੇ ਮਾਧਿਅਮ ਨਾਲ **ਮਿਤੀ 03.07.2025 ਨੂੰ 12:30** ਵਜੇ ਤਕ ਵੈਬਸਾਈਟ https://www.ireps.gov.in'ਤੇ ਟੈਂਡਰਾਂ ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਆਪਣੇ ਟੈਂਡਰ ਅਸਲੀ/ਸੰਸੋਧਿਤ ਤੈਅ ਕੀਤੇ ਗਏ ਸਮੇਂ ਅਤੇ

ਕਾਂਗਰਸ ਵੱਲੋਂ ਗੁਰਮੇਲ ਸਿੰਘ ਮੇਲਾ ਇਕਾਈ ਪ੍ਰਧਾਨ ਨਿਯੁਕਤ

ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)-ਪਿੰਡ ਸਹਿਜੜਾ ਵਿਖੇ ਕਾਂਗਰਸ ਪਾਰਟੀ ਦੇ ਆਗੂਆਂ, ਵਰਕਰਾਂ ਦੀ ਅਹਿਮ ਮੀਟਿੰਗ ਹੋਈ। ਇਸ ਮੌਕੇ ਬਲਾਕ ਪ੍ਰਧਾਨ ਪਰਮਿੰਦਰ ਸਿੰਘ ਸ਼ੰਮੀ ਠੁੱਲੀਵਾਲ ਨੇ ਵਿਧਾਨ ਸਭਾ, ਜ਼ਿਲ੍ਹਾ ਪ੍ਰੀਸ਼ਦ ਤੇ ਸੰਮਤੀ ਚੋਣਾਂ 'ਚ ਕਾਂਗਰਸ ਦੀ ਸਫਲਤਾ ਲਈ ਹੁਣੇ ਤੋਂ ਮੋਰਚੇ ਸੰਭਾਲਣ ਦਾ ਸੱਦਾ ਦਿੱਤਾ। ਸੀਨੀ: ਆਗੂ ਗੁਰਮੇਲ ਸਿੰਘ ਮੌੜ, ਜਸਮੇਲ ਸਿੰਘ ਡੇਅਰੀਵਾਲਾ, ਡਾ. ਬਲਵੰਤ ਰਾਏ ਸ਼ਰਮਾ, ਜਰਨੈਲ ਸਿੰਘ ਠੁੱਲੀਵਾਲ ਨੇ ਕਿਹਾ ਕਿ ਸਰਕਾਰ ਦੀਆਂ ਮਾਰੂ ਨੀਤੀਆਂ ਕਰਕੇ ਸੂਬੇ ਦੇ ਲੋਕਾਂ ਦਾ ਇਸ ਤੋਂ ਮੋਹ ਭੰਗ ਹੋ ਚੁੱਕਾ ਹੈ। ਉਨ੍ਹਾਂ ਦਾਅਵੇ ਨਾਲ ਕਿਹਾ ਕਿ ਸੂਬੇ ਅੰਦਰ ਕਾਂਗਰਸ ਪਾਰਟੀ ਅਗਲੀ ਸਰਕਾਰ ਕਾਇਮ ਕਰੇਗੀ। ਇਸ ਮੌਕੇ ਗੁਰਮੇਲ ਸਿੰਘ ਮੇਲਾ ਨੂੰ ਪਿੰਡ ਸਹਿਜੜਾ ਇਕਾਈ ਦਾ ਪ੍ਰਧਾਨ ਨਿਯੁਕਤ ਕਰਕੇ ਨਿਯੁਕਤੀ ਪੱਤਰ ਬਲਾਕ ਪ੍ਰਧਾਨ ਸ਼ੰਮੀ ਠੁੱਲੀਵਾਲ, ਜਸਮੇਲ ਸਿੰਘ ਡੇਅਰੀਵਾਲਾ ਵੱਲੋਂ ਸੌਂਪਿਆ ਗਿਆ।

ਡੀ ਐੱਸ ਪੀ ਕਿੱਕਰ ਸਿੰਘ ਦੇ ਸਟਾਰ ਲਾ ਕੇ ਦਿੱਤੀ ਵਧਾਈ

ਜਗਰਾਉਂ (ਸੰਜੀਵ ਅਰੋੜਾ)-ਪੰਜਾਬ ਸਰਕਾਰ ਤੇ ਡੀਜੀਪੀ ਪੰਜਾਬ ਵੱਲੋਂ ਇੰਸਪੈਕਟਰਾਂ ਦੀਆਂ ਬੁਲੰਦੀਆਂ ਨੂੰ ਮੱਦੇਨਜ਼ਰ ਰੱਖਦੇ ਹੋਏ ਉਨ੍ਹਾਂ ਨੂੰ ਤਰੱਕੀ ਦੇ ਕੇ ਬਤੌਰ ਡੀਐਸਪੀ ਬਣਾਇਆ ਗਿਆ, ਜਿਨ੍ਹਾਂ ਵਿੱਚੋਂ ਬਹੁਤ ਹੀ ਇਮਾਨਦਾਰੀ ਨਾਲ ਆਪਣੀ ਡਿਊਟੀ ਕਰ ਰਹੇ ਸੀਆਈਏ ਸਟਾਫ਼ ਦੇ ਇੰਚਾਰਜ ਕਿੱਕਰ ਸਿੰਘ ਨੂੰ ਉਨ੍ਹਾਂ ਦੀਆਂ ਬੁਲੰਦੀਆਂ ਨੂੰ ਦੇਖਦੇ ਹੋਏ ਬਤੌਰ ਡੀਐਸਪੀ ਦਾ ਰੈਂਕ ਦੇ ਕੇ ਪ੍ਰਮੋਟ ਕੀਤਾ ਗਿਆ। ਲੁਧਿਆਣਾ ਦਿਹਾਤੀ ਦੇ ਐਸਐਸਪੀ ਡਾਕਟਰ ਅੰਕੁਰ ਗੁਪਤਾ ਤੇ ਡੀਐਸਪੀ (ਡੀ) ਇੰਦਰਜੀਤ ਸਿੰਘ ਬੋਪਾਰਾਏ ਡੀਐਸਪੀ ਕਿੱਕਰ ਸਿੰਘ ਦੇ ਮੋਢਿਆਂ 'ਤੇ ਸਟਾਰ ਲਾ ਕੇ ਸਨਮਾਨਤ ਕੀਤਾ ਗਿਆ। ਇਸ ਸਮੇਂ ਕਿੱਕਰ ਸਿੰਘ ਸੀਆਈਏ ਸਟਾਫ ਜਗਰਾਉਂ ਵਿਖੇ ਬਹੁਤ ਹੀ ਇਮਾਨਦਾਰੀ ਤੇ ਲਗਨ ਨਾਲ ਆਪਣੀ ਡਿਊਟੀ ਕਰ ਰਹੇ ਸਨ, ਜਿਸ ਨਾਲ ਲੁਧਿਆਣਾ ਦਿਹਾਤੀ ਪੁਲਿਸ ਡਿਪਾਰਟਮੈਂਟ ਵਿੱਚ ਖੁਸ਼ੀ ਦਾ ਮਾਹੌਲ ਹੈ। ਯਾਦ ਰਹੇ ਕਿ ਇੰਸਪੈਕਟਰ ਕਿੱਕਰ ਸਿੰਘ ਵੱਖ-ਵੱਖ ਜ਼ਿਲ੍ਹਿਆਂ ਵਿੱਚ ਆਪਣੀ ਸੇਵਾਵਾਂ ਨਿਭਾਅ ਚੁੱਕੇ ਹਨ। ਡੀਐਸਪੀ ਕਿੱਕਰ ਸਿੰਘ ਨੇ ਐਸਐਸਪੀ ਡਾਕਟਰ ਅੰਕੁਰ ਗੁਪਤਾ ਤੇ ਡੀਐਸਪੀ ਇੰਦਰਜੀਤ ਸਿੰਘ ਬੋਪਾਰਾਏ ਦਾ ਧੰਨਵਾਦ ਕਰਦਿਆਂ ਆਖਿਆ ਕਿ ਉਹ ਪਹਿਲਾਂ ਵਾਂਗ ਹੀ ਇਮਾਨਦਾਰੀ ਤੇ ਤਨਦੇਹੀ ਨਾਲ ਆਪਣੀ ਡਿਊਟੀ ਨਿਭਾਉਣਗੇ।

ਲੁਧਿਆਣਾ 'ਚ ਸੱਚ ਤੇ ਬੁਰਾਈ ਵਿਚਕਾਰ ਲੜਾਈ : ਸ਼ਵੇਤ ਮਲਿਕ

ਲੁਧਿਆਣਾ (ਜਸਦੀਪ ਵਰਤੀਆ)-ਸਾਬਕਾ ਸੂਬਾ ਭਾਜਪਾ ਪ੍ਰਧਾਨ ਸ਼ਵੇਤ ਮਲਿਕ ਨੇ ਲੁਧਿਆਣਾ ਪੱਛਮੀ ਹਲਕੇ ਵਿੱਚ ਚੱਲ ਰਹੀ ਉਪ ਚੋਣ ਨੂੰ ਸੱਚ ਅਤੇ ਬੁਰਾਈ ਵਿਚਕਾਰ ਲੜਾਈ ਵਜੋਂ ਦਰਸਾਇਆ।ਮਲਿਕ ਨੇ ਜ਼ੋਰ ਦੇ ਕੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਵਧੇਰੇ ਕੰਮ, ਘੱਟ ਗੱਲਾਂ ਦੇ ਸਿਧਾਂਤ 'ਤੇ ਕੰਮ ਕਰਦੀ ਹੈ, ਜੋ ਪਾਰਟੀ ਦੀ ਠੋਸ ਵਿਕਾਸ ਪ੍ਰਤੀ ਵਚਨਬੱਧਤਾ ਨੂੰ ਉਜਾਗਰ ਕਰਦੀ ਹੈ।

ਮਲਿਕ ਨੇ ਜ਼ੋਰ ਦੇ ਕੇ ਕਿਹਾ ਕਿ ਭਾਜਪਾ ਦਾ ਮਜ਼ਬੂਤ ਕੇਡਰ ਤੇ ਸਮਰਪਿਤ ਵਰਕਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਗਤੀਸ਼ੀਲ ਅਗਵਾਈ ਹੇਠ ਕੰਮ ਕਰ ਰਹੇ ਹਨ, ਜਿਨ੍ਹਾਂ ਨੇ ਲਗਾਤਾਰ ਤੀਜੀ ਵਾਰ ਇਤਿਹਾਸਕ ਜਿੱਤ ਹਾਸਲ ਕੀਤੀ ਹੈ।ਮਲਿਕ ਨੇ ਮੋਦੀ ਦੀ ਅਗਵਾਈ ਵਾਲੀ ਸਰਕਾਰ ਦੀਆਂ ਪ੍ਰਾਪਤੀਆਂ ਦਾ ਹੋਰ ਜ਼ਿਕਰ ਕੀਤਾ, ਜਿਸ ਵਿੱਚ ਪੰਜਾਬ ਵਿੱਚ ਪਹਿਲੇ ਇੰਡੀਅਨ ਇੰਸਟੀਚਿਊਟ ਆਫ਼ ਟੈਕਨਾਲੋਜੀ (99") ਦੀ ਸਥਾਪਨਾ, ਬਠਿੰਡਾ ਵਿੱਚ ਪਹਿਲਾ ਏਮਜ਼ ਅਤੇ ਫਿਰੋਜ਼ਪੁਰ ਵਿੱਚਸੈਟੇਲਾਈਟ ਹਸਪਤਾਲ ਸ਼ਾਮਲ ਹੈ।ਉਨ੍ਹਾਂ 80 ਕਰੋੜ ਲੋਕਾਂ ਲਈ ਮੁਫ਼ਤ ਅਨਾਜ, ਆਯੁਸ਼ਮਾਨ ਭਾਰਤ ਯੋਜਨਾ, ਉਦਯੋਗ ਲਈ ਮਹੱਤਵਪੂਰਨ ਲਾਭ ਅਤੇ 'ਇੱਕ ਰਾਸ਼ਟਰ, ਇੱਕ ਟੈਕਸ' ਪਹਿਲਕਦਮੀ ਵਰਗੀਆਂ ਰਾਸ਼ਟਰੀ ਯੋਜਨਾਵਾਂ 'ਤੇ ਵੀ ਚਾਨਣਾ ਪਾਇਆ। ਮਲਿਕ ਨੇ ਕਿਹਾ ਕਿ ਭਾਜਪਾ ਪੰਜਾਬ ਵਿੱਚ ਮਹੱਤਵਪੂਰਨ ਤਰੱਕੀ ਕਰ ਰਹੀ ਹੈ। 2024 ਦੀਆਂ ਲੋਕ ਸਭਾ ਚੋਣਾਂ ਵਿੱਚ ਉਨ੍ਹਾਂ ਦੇ ਵੋਟ ਹਿੱਸੇ ਵਿੱਚ 8 ਤੋਂ 19 ਪ੍ਰਤੀਸ਼ਤ ਤੱਕ ਦੇ ਵਾਧੇ ਦਾ ਹਵਾਲਾ ਦਿੰਦੇ ਹੋਏ ਉਨ੍ਹਾਂ ਨੇ ਪੰਜਾਬ ਵਿੱਚ ਫੈਲ ਰਹੇ ਨਸ਼ੀਲੇ ਪਦਾਰਥ, ਰੇਤ ਤੇ ਸ਼ਰਾਬ ਮਾਫੀਆ 'ਤੇ ਚਿੰਤਾ ਪ੍ਰਗਟ ਕੀਤੀ।

ਯਾਤਰੀਗਨ ਕਿਰਪਾ ਧਿਆਨ ਦੇਣ!

ਫਿਰੋਜਪੁਰ ਕੈਂਟ ਅਤੇ ਹਜੂਰ ਸਾਹਿਬ ਨਾਂਦੇੜ ਰੇਲਵੇ ਸਟੇਸ਼ਨਾਂ ਦੇ ਵਿਚ ਐਕਸਪ੍ਰੈਸ ਟ੍ਰੇਨ ਸੇਵਾ ਦਾ ਸ਼ੁਭਾਰੰਭ

ਸਾਰੇ ਰੇਲਯਾਤਰੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰੇਲਵੇ ਦੁਆਰਾ ਮਿਤੀ 13.06.2025 ਤੋਂ ਫਿਰੋਜਪੁਰ ਕੈਂਟ ਅਤੇ ਹਜੂਰ ਸਾਹਿਬ ਨਾਂਦੇੜ ਸਟੇਸ਼ਨਾਂ ਦੇ ਵਿਚ ਇਕ ਨਵੀਂ ਐਕਸਪ੍ਰੈਸ ਰੇਲਗੱਡੀ ਸੇਵਾ ਨੰ. 14622/14621 (ਸਪਤਾਹਿਕ) ਦੀ ਸੇਵਾ ਦਾ ਸ਼ੁਭਾਰੰਭ ਕੀਤਾ ਜਾਵੇਗਾ। ਇਸ ਰੇਲਗੱਡੀ ਦਾ ਟਾਈਮ-ਟੇਬਲ ਅਤੇ ਠਹਿਰਾਓ ਹੇਠਾਂ ਅਨੁਸਾਰ ਹੋਣਗੇ:-

14622/14621 ਫਿਰੋਜਪੁਰ ਕੈਂਟ-ਹਜੂਰ ਸਾਹਿਬ ਨਾਂਦੇੜ-ਫਿਰੋਜਪੁਰ ਕੈਂਟ ਐਕਸਪ੍ਰੈਸ ਰੇਲਗੱਡੀ (ਸਪਤਾਹਿਕ)

ਗੱਡੀ ਨੰ.14622		ਸਟੇਸ਼ਨ	ਗੱਡੀ ਨੰ. 14621	
ਪਹੁੰਚ	ਰਵਾਨਗੀ		ਪਹੁੰਚ	ਰਵਾਨਗੀ
---	13:25	↓ ਫਿਰੋਜਪੁਰ ਕੈਂਟ ਜੰ.	04:40	---
13:50	13:52	↓ ਫਰੀਦਕੋਟ	03:23	03:25
14:07	14:09	ਕੋਟ ਕਪੂਰਾ ਜੰ.	03:06	03:08
15:05	15:25	ਬਠਿੰਡਾ ਜੰ.	02:00	02:20
15:58	16:00	ਮਾਨਸਾ	23:29	23:31
16:38	16:40	ਜਾਖਲ ਜੰ.	22:55	22:57
16:58	17:00	ਧਮਤਾਨ ਸਾਹਿਬ	22:35	22:37
17:43	17:45	ਜੀਂਦ ਜੰ.	21:56	21:58
18:30	18:32	ਰੋਹਤਕ ਜੰ.	21:12	21:14
19:00	19:02	ਬਹਾਦੁਰਗੜ੍ਹ	20:42	20:44
19:40	19:42	ਸ਼ਕੂਰ ਬਸਤੀ	20:24	20:26
20:20	20:25	ਦਿੱਲੀ-ਸਫਦਰਜੰਗ	19:38	19:42
21:35	21:37	ਫਰੀਦਾਬਾਦ	18:48	18:50
23:05	23:10	ਮਥੁਰਾ ਜੰ.	16:50	16:55
23:50	23:55	ਆਗਰਾ ਕੈਂਟ	16:05	16:10
02:05	02:07	ਗਵਾਲੀਅਰ ਜੰ.	14:00	14:02
03:35	03:43	ਵੀਰਾਂਗਨਾ ਲਕਸ਼ਮੀਬਾਈ ਝਾਂਸੀ	12:40	12:48
06:15	06:17	ਬੀਨਾ ਜੰ.	09:30	09:32
07:10	07:12	ਵਿਦਿਸ਼ਾ	07:18	07:20
08:05	08:15	ਭੋਪਾਲ	06:25	06:35
09:55	10:00	ਇਟਾਰਸੀ ਜੰ.	04:35	04:40
12:43	12:45	ਖੰਡਵਾ ਜੰ.	02:13	02:15
14:45	14:50	ਭੁਸਾਵਲ ਜੰ.	23:45	23:50
17:55	18:00	ਮਨਮਾਡ ਜੰ.	21:20	21:25
20:55	21:00	ਔਰੰਗਾਬਾਦ	16:50	16:55
21:56	21:58	ਜਾਲਨਾ	14:56	14:58
22:50	22:59	ਸੇਲੂ	13:42	13:44
00:26	00:28	↓ ਪਰਭਨੀ ਜੰ.	12:56	12:58
01:25	01:30	↓ ਪੂਰਨਾ ਜੰ.	12:20	12:25
03:30	---	ਹਜੂਰ ਸਾਹਿਬ ਨਾਂਦੇੜ	---	11:50

ਚੱਲਣ ਦੇ ਦਿਨ: 14622 ਫਿਰੋਜਪੁਰ ਕੈਂਟ ਜੰ. ਤੋਂ ਮਿਤੀ 13.06.2025 (ਹਰੇਕ ਸ਼ੁਕਰਵਾਰ) ਤੋਂ ਅਤੇ 14621 ਹਜੂਰ ਸਾਹਿਬ ਨਾਂਦੇੜ ਤੋਂ ਮਿਤੀ 15.06.2025 (ਹਰੇਕ ਐਤਵਾਰ) ਤੋਂ

ਜਮ੍ਹਾ : 2 ਟੀਯਰ ਏਸੀ., 3 ਟੀਯਰ ਏਸੀ., 3 ਟੀਯਰ ਏਸੀ ਇਕਾਨੋਮੀ, ਸਲੀਪਰ ਅਤੇ ਜਰਨਲ

ਰੇਲਯਾਤਰੀਆਂ ਨੂੰ ਅਨੁਰੋਧ ਹੈ ਕਿ ਕਿਸੇ ਵੀ ਜਾਣਕਾਰੀ ਦੇ ਲਈ ਰੇਲਮਦਦ ਹੈਲਪਲਾਈਨ ਨੰ. 139 'ਤੇ ਸੰਪਰਕ ਕਰਨ ਜਾਂ ਰੇਲਵੇ ਦੀ ਵੈਬਸਾਈਟ https://enquiry.indianrail.gov.in ਜਾਂ NTES ਐਪ ਵੇਖੋ।

'ਤੇ ਸਾਨੂੰ ਫਾਲੋ ਕਰੋ | ਉੱਤਰ ਰੇਲਵੇ | ਤੁਹਾਡੀ ਸੁਵਿਧਾ – ਸਾਡਾ ਲਕਸ਼ | ਸਾਨੂੰ www.nr.indianrailways.gov.in 'ਤੇ ਮਿਲੋ | 1738/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

ਚੇਅਰਮੈਨ ਗੜ੍ਹੀ ਨੇ ਅਨੁਸੂਚਿਤ ਜਾਤੀ ਭਾਈਚਾਰੇ ਦੀਆਂ ਸ਼ਿਕਾਇਤਾਂ ਸੁਣੀਆਂ

ਲੁਧਿਆਣਾ (ਰੈਕਟਰ ਕਥੂਰੀਆ)

ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਸ੍ਰੀ ਜਸਵੀਰ ਸਿੰਘ ਗੜ੍ਹੀ ਵੱਲੋਂ ਮੰਗਲਵਾਰ ਨੂੰ ਡਾ. ਅੰਬੇਡਕਰ ਭਵਨ ਵਿਖੇ ਅਨੁਸੂਚਿਤ ਜਾਤੀ ਭਾਈਚਾਰੇ ਨਾਲ ਸਬੰਧਤ ਸ਼ਿਕਾਇਤਾਂ ਸੁਣੀਆਂ ਗਈਆਂ ਅਤੇ ਕੁੱਝ ਸ਼ਿਕਾਇਤਾਂ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ ਗਿਆ ਅਤੇ ਰਹਿੰਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਕਰਨ ਲਈ ਉੱਚ ਅਧਿਕਾਰੀਆਂ ਨੂੰ ਸਮਾਂਬੱਧ ਰਹਿ ਕੇ ਸ਼ਿਕਾਇਤਾਂ ਦਾ ਨਿਪਟਾਰਾ ਕਰਨ ਲਈ ਆਦੇਸ਼ ਦਿੱਤੇ ਗਏ।

ਚੇਅਰਮੈਨ ਗੜ੍ਹੀ ਵੱਲੋਂ ਸ਼ਿਕਾਇਤਕਰਤਾ ਦੀਆਂ ਸ਼ਿਕਾਇਤਾਂ ਸੁਣਨ ਉਪਰੰਤ ਪੁਲਿਸ ਦੇ ਅਧਿਕਾਰੀਆਂ ਅਤੇ ਹੋਰ ਵਿਭਾਗਾਂ ਦੇ ਸਬੰਧਤ ਅਧਿਕਾਰੀਆਂ ਨੂੰ ਸਾਰੀਆਂ ਸ਼ਿਕਾਇਤਾਂ ਦੀ ਚੰਗੀ ਤਰ੍ਹਾਂ ਨਿਰਪੱਖ ਜਾਂਚ ਕਰਕੇ ਬਣਦੀ ਕਾਰਵਾਈ ਕਰਨ ਉਪਰੰਤ ਜਲਦ ਹੀ ਇਸ ਸਬੰਧੀ ਰਿਪੋਰਟ ਐਸ.ਸੀ ਕਮਿਸ਼ਨ ਨੂੰ ਭੇਜਣ ਦੇ ਆਦੇਸ਼ ਦਿੱਤੇ ਗਏ।ਉਨ੍ਹਾਂ ਕਿਹਾ ਕਿ ਕਿਸੇ ਵੀ ਅਨੁਸੂਚਿਤ ਜਾਤੀ ਨਾਲ ਸਬੰਧਤ ਵਿਅਕਤੀ ਨਾਲ ਕੋਈ ਬੇਇਨਸਾਫੀ ਨਹੀਂ ਹੋਣ ਦਿੱਤੀ ਜਾਵੇਗੀ ਅਤੇ ਜਲਦ ਹੀ ਉਨ੍ਹਾਂ ਦੀ ਸ਼ਿਕਾਇਤਾਂ ਦਾ ਨਿਪਟਾਰਾ ਕਰਕੇ ਬਣਦਾ ਇਨਸਾਫ ਦਵਾਇਆ ਜਾਵੇਗਾ।

ਇਸ ਤੋਂ ਇਲਾਵਾ ਉਨ੍ਹਾਂ ਜਿੱਥੇ ਪਹਿਲਾਂ ਆਈਆਂ ਸ਼ਿਕਾਇਤਾਂ ਬਾਰੇ ਅਧਿਕਾਰੀਆਂ ਨੂੰ ਕਾਰਵਾਈ ਕਰਨ ਲਈ ਕਿਹਾ, ਉਥੇ ਅੱਜ ਉਨ੍ਹਾਂ ਜ਼ਿਲ੍ਹੇ ਦੇ ਹੋਰ ਵਿਅਕਤੀਆਂ ਦੀਆਂ ਸ਼ਿਕਾਇਤਾਂ ਸੁਣੀਆਂ ਅਤੇ ਦਰਖਾਸਤਾਂ ਪ੍ਰਾਪਤ ਕਰਕੇ ਉਨ੍ਹਾਂ ਨੂੰ ਵਿਸ਼ਵਾਸ ਦਵਾਇਆ ਕਿ ਜਲਦ ਹੀ ਉਨ੍ਹਾਂ ਦੀਆਂ ਸ਼ਿਕਾਇਤਾਂ 'ਤੇ ਵੀ ਜਾਂਚ ਪੜਤਾਲ ਕਰ ਕੇ ਨਿਪਟਾਰਾ ਕੀਤਾ ਜਾਵੇਗਾ।ਗੜ੍ਹੀ ਵੱਲੋਂ ਕਿਹਾ ਗਿਆ ਕਿ ਅੱਜ ਉਨ੍ਹਾਂ ਦਾ ਇਹ ਦੂਜਾ ਦੌਰਾ ਹੈ। ਇਸ ਤੋਂ ਪਹਿਲਾਂ ਫਿਲੌਰ ਦੇ ਪਿੰਡ ਨੰਗਲ ਜਿਥੇ 31 ਮਾਰਚ ਤੇ 2 ਜੂਨ ਨੂੰ ਬਾਬਾ ਸਾਹਿਬ ਦੇ ਬੁੱਤ ਦੀ ਬੇਹੁਰਮਤੀ ਹੋਈ ਹੈ, ਉੱਥੇ ਪੁਲਿਸ ਪ੍ਰਸ਼ਾਸਨ ਤੇ ਜ਼ਿਲ੍ਹਾ ਪ੍ਰਸ਼ਾਸਨ ਨਾਲ ਬਕਾਇਦਾ ਗੱਲਬਾਤ ਕੀਤੀ ਹੈ।ਇਸ ਤੋਂ ਇਲਾਵਾ ਵੱਖ-ਵੱਖ ਸਮਾਜਿਕ ਜਥੇਬੰਦੀਆਂ ਨਾਲ ਵੀ ਗੱਲਬਾਤ ਕੀਤੀ ਹੈ।ਉਨ੍ਹਾਂ ਕਿਹਾ ਕਿ ਮੈਂ ਲੁਧਿਆਣਾ ਦੇ ਬਾਬਾ ਅੰਬੇਡਕਰ ਭਵਨ ਵਿੱਚ ਬੈਠ ਕੇ ਸਮੁੱਚੇ ਪੰਜਾਬੀਆਂ ਤੇ ਦਲਿਤ ਸਮਾਜ ਨੂੰ ਇਹ ਭਰੋਸਾ ਦਿਵਾਉਂਦਾ ਹਾਂ ਕਿ ਆਉਣ ਵਾਲੇ ਦੋ-ਚਾਰ ਦਿਨਾਂ ਵਿੱਚ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਜਾਵੇਗਾ, ਜਿਸ ਤਰ੍ਹਾਂ 31 ਮਾਰਚ ਨੂੰ ਬੁੱਤ ਦੀ ਬੇਹੁਰਮਤੀ ਕਰਨ ਵਾਲਿਆਂ ਨੂੰ 24 ਘੰਟੇ ਵਿੱਚ ਫੜ ਕੇ ਜੇਲ੍ਹ ਵਿੱਚ ਬੰਦ ਕਰ ਦਿੱਤਾ ਸੀ। ਇਸ ਵਾਰ ਦੋਸ਼ੀ ਬਹੁਤ ਹੀ ਸਕੀਮ ਨਾਲ ਆਏ ਸਨ।ਸੀ.ਸੀ.ਟੀ.ਵੀ ਕੈਮਰਿਆਂ ਵਿੱਚ 100-100 ਕਿਲੋਮੀਟਰ ਤੱਕ ਦੋਸ਼ੀਆਂ ਨੂੰ ਦੇਖਿਆ ਗਿਆ, ਜਿਸ ਕਰਕੇ ਬਹੁਤ ਹੀ ਜਲਦੀ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਜਾਵੇਗਾ ਤੇ ਉਨ੍ਹਾਂ ਤੇ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਸਿਹਤ ਮੰਤਰੀ ਨੇ ਬਾਰਨ ਤੇ ਨੰਦਪੁਰ ਕੇਸੋਂ ਦੇ ਛੱਪੜਾਂ ਦੇ ਕੰਮ ਦਾ ਲਿਆ ਜਾਇਜ਼ਾ

ਪਟਿਆਲਾ (ਰਾਜਿੰਦਰ ਸਿੰਘ ਥਿੰਦ)

ਪੰਜਾਬ ਦੇ ਸਿਹਤ ਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਪਿੰਡ ਬਾਰਨ ਤੇ ਨੰਦਪੁਰ ਕੇਸੋਂ 'ਚ ਛੱਪੜਾਂ ਦੀ ਸਫ਼ਾਈ ਦੇ ਚੱਲ ਰਹੇ ਕੰਮ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਪਿੰਡ ਬਾਰਨ ਵਿਖੇ ਗੁਰਦੁਆਰਾ ਸਾਹਿਬ ਨੇੜੇ ਥਾਪਰ ਮਾਡਲ ਨਾਲ ਵਿਕਸਤ ਕੀਤੇ ਛੱਪੜ ਵਿੱਚ ਕੰਧ ਦੇ ਪਏ ਅਧੂਰੇ ਕੰਮ ਦਾ ਗੰਭੀਰ ਨੋਟਿਸ ਲੈਂਦਿਆਂ ਸਬੰਧਤ ਅਧਿਕਾਰੀਆਂ ਖ਼ਿਲਾਫ਼ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਪੰਚਾਇਤ ਵਿਭਾਗ ਦੇ ਅਧਿਕਾਰੀਆਂ ਨੂੰ ਛੱਪੜ 'ਤੇ ਹੋਏ ਖਰਚ ਅਤੇ ਜਦੋਂ ਛੱਪੜ ਦਾ ਕੰਮ ਸ਼ੁਰੂ ਕੀਤਾ ਗਿਆ ਸੀ, ਉਸ ਸਮੇਂ ਤਾਇਨਾਤ ਜੇ.ਈ ਤੋਂ ਲੈ ਕੇ ਉੱਚ ਅਧਿਕਾਰੀਆਂ ਦੀ ਸੂਚੀ ਸੌਂਪਣ ਦੀ ਹਦਾਇਤ ਕਰਦਿਆਂ ਕਿਹਾ ਕਿ ਲੋਕਾਂ ਦੀ ਕਮਾਈ ਦਾ ਇੱਕ ਇੱਕ ਪੈਸਾ ਲੋਕਾਂ 'ਤੇ ਹੀ ਲਗਾਇਆ ਜਾਵੇਗਾ ਤੇ ਪੈਸੇ ਦੀ ਬਰਬਾਦੀ ਕਰਨ ਵਾਲਿਆਂ ਵਿਰੁੱਧ ਕਾਰਵਾਈ ਯਕੀਨੀ ਬਣਾਈ ਜਾਵੇਗੀ। ਡਾ. ਬਲਬੀਰ ਸਿੰਘ ਨੇ ਨੰਦਪੁਰ ਕੇਸੋਂ ਦੇ ਛੱਪੜ ਦੀ ਪਹਿਲਾਂ ਡਿੱਗੀ ਕੰਧ ਦੇ ਕਾਰਨਾਂ ਅਤੇ ਨਵੀਂ ਬਣਾਈ ਜਾ ਰਹੀ ਕੰਕਰੀਟ ਦੀ ਕੰਧ ਦੇ ਕੰਮ 'ਚ ਦੇਰੀ ਦਾ ਸਖਤ ਨੋਟਿਸ ਲੈਂਦਿਆਂ ਕਿਹਾ ਕਿ ਇਹ ਵੱਡੀ ਅਣਗਹਿਲੀ ਹੈ ਜਿਸ ਨਾਲ ਗੁਰਦੁਆਰਾ ਸਾਹਿਬ ਦੀ ਇਮਾਰਤ ਨੂੰ ਵੀ

ਨੁਕਸਾਨ ਪਹੁੰਚ ਸਕਦਾ ਹੈ, ਇਸ ਲਈ ਸਬੰਧਤ ਅਧਿਕਾਰੀਆਂ ਖਿਲਾਫ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਉਨ੍ਹਾਂ ਬਾਰਨ ਵਿਚੋਂ ਲੰਘਦੇ ਸੂਏ ਤੇ ਨਵਾਂ ਬਾਰਨ ਦੇ ਟੋਭੇ ਦੀ ਸਫ਼ਾਈ ਲਈ ਵੀ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ। ਉਨ੍ਹਾਂ ਪਿੰਡ ਨੰਦਪੁਰ ਕੇਸੋਂ ਵਿਖੇ ਬਣੇ ਦੋ ਵੱਡੇ ਛੱਪੜਾਂ ਦੀ ਚੱਲ ਰਹੀ ਸਫ਼ਾਈ ਦੇ ਕੰਮ ਦਾ ਜਾਇਜ਼ਾ ਲੈਂਦਿਆਂ ਕਿਹਾ ਕਿ ਪਿੰਡ ਦੇ ਬਾਹਰ ਵਾਲੇ ਦੋਵੇਂ ਛੱਪੜਾਂ ਵਿੱਚੋਂ ਡਿਸਪੈਂਸਰੀ ਵਾਲੇ ਪਾਸੇ ਵਾਲਾ ਛੱਪੜ ਪੱਕਾ ਕੀਤਾ ਜਾਵੇਗਾ ਤੇ ਨਾਲ ਪਾਰਕ ਵਿਕਸਤ ਕੀਤਾ ਜਾਵੇਗਾ। ਪੱਕੇ ਛੱਪੜ ਤੋਂ ਬਾਅਦ ਪਾਣੀ ਕੱਚੇ ਛੱਪੜ ਰਾਹੀਂ ਹੁੰਦਾ ਹੋਇਆ ਖੇਤਾਂ ਨੂੰ ਸਿੰਚਾਈ ਲਈ ਲਗਾਇਆ ਜਾ ਸਕੇਗਾ। ਉਨ੍ਹਾਂ ਦੱਸਿਆ ਕਿ ਇਸ ਸਬੰ

12 Jun Page-8.qxd 6/11/2025 11:00 PM Page 1

ਬੀ ਐੱਡ ਅਧਿਆਪਕ ਫਰੰਟ ਹੁਸ਼ਿਆਰਪੁਰ ਵੱਲੋਂ ਭਲਕੇ ਲੁਧਿਆਣਾ 'ਚ ਝੰਡਾ ਮਾਰਚ 'ਚ ਸ਼ਮੂਲੀਅਤ ਦਾ ਐਲਾਨ

ਹੁਸ਼ਿਆਰਪੁਰ (ਓ ਪੀ ਰਾਣਾ)- ਪੁਰਾਣੀ ਪੈਨਸ਼ਨ ਦੀ ਬਹਾਲੀ ਲਈ ਬੀ ਐੱਡ ਅਧਿਆਪਕ ਫਰੰਟ ਹੁਸ਼ਿਆਰਪੁਰ ਦੀ ਇੱਕ ਅਹਿਮ ਮੀਟਿੰਗ ਜ਼ਿਲ੍ਹਾ ਪ੍ਰਧਾਨ ਸੁਰਜੀਤ ਰਾਜਾ, ਸੀਨੀਅਰ ਮੀਤ ਪ੍ਰਧਾਨ ਪਰਮਜੀਤ ਸਿੰਘ, ਜ਼ਿਲ੍ਹਾ ਜਨਰਲ ਸਕੱਤਰ ਜਸਵਿੰਦਰ ਸਿੰਘ ਦੀ ਅਗਵਾਈ ਵਿੱਚ ਮਿੰਨੀ ਸੈਕਟਰੀਏਟ ਹੁਸ਼ਿਆਰਪੁਰ ਵਿਖੇ ਹੋਈ। ਮੀਟਿੰਗ ਨੂੰ ਸੰਬੋਧਨ ਕਰਦੇ ਉਹਨਾਂ ਦੱਸਿਆ ਕਿ ਪੰਜਾਬ ਸਰਕਾਰ ਪੁਰਾਣੀ ਪੈਨਸ਼ਨ ਨੂੰ ਬਹਾਲ ਕਰਨ ਦਾ ਵਾਅਦਾ ਕਰਕੇ ਸੱਤਾ ਵਿੱਚ ਆਈ ਸੀ ਪਰੰਤੂ ਅੱਜ ਤੋਂ ਲਗਭਗ ਢਾਈ ਕੁ ਸਾਲ ਪਹਿਲਾਂ ਹਿਮਾਚਲ ਅਤੇ ਗੁਜਰਾਤ ਦੀਆਂ ਚੋਣਾਂ ਵਿੱਚ ਵੋਟਾਂ ਲੈਣ ਦੀ ਖਾਤਰ ਇਹਨਾਂ ਨੇ ਪੰਜਾਬ ਵਿੱਚ ਪੁਰਾਣੀ ਪੈਨਸ਼ਨ ਦੀ ਬਹਾਲੀ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਸੀ, ਪ੍ਰੰਤੂ ਅੱਜ ਤੱਕ ਉਹ ਨੋਟੀਫਿਕੇਸ਼ਨ ਲਾਗੂ ਕਰਨ ਵਿੱਚ ਸਰਕਾਰ ਨਾਕਾਮ ਰਹੀ ਹੈ। ਵਾਰ ਵਾਰ ਜਥੇਬੰਦੀ ਨੂੰ ਟਾਈਮ ਦੇ ਕੇ ਇਹ ਸਰਕਾਰ ਮੀਟਿੰਗ ਕਰਨ ਤੋਂ ਵੀ ਭੱਜ ਰਹੀ ਹੈ। ਹੁਣ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਤੇ ਸੀ ਪੀ ਐਫ ਇੰਪਲਾਇਜ਼ ਦੋਵੇਂ ਜਥੇਬੰਦੀਆਂ ਸਾਂਝੇ ਰੂਪ ਵਿੱਚ ਸਰਕਾਰ ਨੂੰ ਘੇਰਨ ਲਈ ਝੰਡਾ ਮਾਰਚ ਕਰਕੇ ਲੁਧਿਆਣਾ ਪੱਛਮੀ ਦੀ ਜ਼ਿਮਨੀ ਚੋਣਾਂ ਦੌਰਾਨ ਆਪ ਸਰਕਾਰ ਦੀ ਵਾਅਦਾ ਖਿਲਾਫੀ ਦੀ ਪੋਲ ਆਮ ਲੋਕਾਂ ਵਿੱਚ ਖੋਲ੍ਹਣ ਦਾ ਫੈਸਲਾ ਕੀਤਾ ਹੈ। ਪੀੜਤ ਐਨ ਪੀ ਐਸ ਕਰਮਚਾਰੀ ਤੀਬਰ ਗੁੱਸੇ ਅਤੇ ਰੋਹ ਵਿੱਚ ਹੈ, ਜਿਸ ਦੀ ਸ਼ੁਰੂਆਤ 12 ਜੂਨ ਨੂੰ ਲੁਧਿਆਣੇ ਤੋਂ ਕੀਤੀ ਜਾਵੇਗੀ। ਇਸ ਐਕਸ਼ਨ ਤਹਿਤ ਪੂਰੇ ਪੰਜਾਬ ਤੋਂ ਲੱਖਾਂ ਮੁਲਾਜ਼ਮ ਲੁਧਿਆਣਾ ਵਿਖੇ ਵਿਸ਼ਾਲ ਝੰਡਾ ਮਾਰਚ ਕਰਕੇ, ਲੋਕਾਂ ਨਾਲ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਚੋਣਾਂ ਦੌਰਾਨ ਕੀਤੇ ਝੂਠੇ ਵਾਅਦਿਆਂ ਦੀ ਪੋਲ ਸੁਝਵਾਨ ਵੋਟਰਾਂ ਵਿੱਚ ਖੋਲ੍ਹਣਗੇ ਤੇ ਆਪ ਸਰਕਾਰ ਨੂੰ ਸਬਕ ਸਿਖਾਉਣ ਦੀ ਅਪੀਲ ਕਰਨਗੇ। ਉਹਨਾਂ ਦੱਸਿਆ ਕਿ ਇਸ ਐਕਸ਼ਨ ਵਿੱਚ ਬੀ ਐਡ ਫਰੰਟ ਹੁਸ਼ਿਆਰਪੁਰ ਦੇ ਅਧਿਆਪਕ ਵੱਡੀ ਗਿਣਤੀ ਵਿੱਚ ਕਾਰਾਂ ਦੇ ਕਾਫਲੇ ਵਿੱਚ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਅਤੇ ਸੀ ਪੀ ਐਫ ਯੂਨੀਅਨ ਪੰਜਾਬ ਦੇ ਨਾਲ ਮੋਢੇ ਨਾਲ ਮੋਢਾ ਲਾ ਕੇ ਸੰਘਰਸ਼ ਕਰੇਗੀ ਅਤੇ ਬਾਕੀ ਭਰਾਤਰੀ ਜਥੇਬੰਦੀਆਂ ਵੀ ਇਸ ਸੰਘਰਸ਼ ਵਿੱਚ ਹੁੰਮਹੁਮਾ ਕੇ ਪਹੁੰਚਣਗੀਆਂ। ਇਸ ਮੌਕੇ ਬੀ ਐੱਡ ਅਧਿਆਪਕ ਫਰੰਟ ਦੇ ਸੀਨੀਅਰ ਮੀਤ ਪ੍ਰਧਾਨ ਪਰਮਜੀਤ ਸਿੰਘ ਬਲਾਕ ਪ੍ਰਧਾਨ ਹਰਬਲਾਸ, ਲੈਕਚਰਾਰ ਸੁਖਦੇਵ ਸਿੰਘ, ਮਾਸਟਰ ਇੰਦਰਜੀਤ ਸਿੰਘ, ਮਾਸਟਰ ਵਰਿੰਦਰ ਸਿੰਘ, ਮਾਸਟਰ ਜੀਵਨ ਸਿੰਘ, ਮਾਸਟਰ ਤਰਸੇਮ ਸਿੰਘ, ਮਾਸਟਰ ਦੀਪਕ ਸਿੰਘ, ਮਾਸਟਰ ਰਾਜ ਕੁਮਾਰ ਆਦਿ ਹਾਜ਼ਰ ਸਨ।

ਸ੍ਰੀ ਗੁਰੂ ਰਵਿਦਾਸ ਭਵਨ ਖਰੜ ਦੀ ਚਾਰਦੀਵਾਰੀ ਦਾ ਮਸਲਾ ਗਰਮਾਇਆ

ਖਰੜ (ਹਰਨਾਮ ਸਿੰਘ ਡੱਲਾ) ਪਿਛਲੇ ਕਈ ਸਾਲਾਂ ਤੋਂ ਸ੍ਰੀ ਗੁਰੂ ਰਵਿਦਾਸ ਭਵਨ ਖਰੜ ਦੀ ਚਾਰਦੀਵਾਰੀ ਦਾ ਮਸਲਾ ਲਟਕਿਆ ਪਿਆ ਹੈ। ਸ੍ਰੀ ਗੁਰੂ ਰਵਿਦਾਸ ਸਭਾ ਰਜਿ: ਖਰੜ ਦੇ ਪ੍ਰਧਾਨ ਮਦਨ ਲਾਲ ਜਨਾਗਲ ਦੀ ਅਗਵਾਈ ਵਿੱਚ ਇੱਕ ਡੈਪੂਟੇਸ਼ਨ ਈ ਓ ਨਗਰ ਕੌਂਸਲ ਖਰੜ ਦੇ ਦਫ਼ਤਰ ਗਿਆ ਸੀ। ਇਸ ਸਮੇਂ ਉਨ੍ਹਾਂ ਨਾਲ ਸਰਬ ਜੰਗ ਸਿੰਘ, ਚਰਨ ਸਿੰਘ ਕੰਗ, ਜਗਪਾਲ ਸਿੰਘ, ਪਾਲ ਸਿੰਘ ਘੋੜਾ, ਹਰਚਰਨ ਸਿੰਘ, ਅਵਤਾਰ ਸਿੰਘ, ਸੱਜਨ ਸਿੰਘ, ਸਵਰਨ ਸਿੰਘ, ਗੁਰਪ੍ਰੀਤ ਸਿੰਘ, ਐੱਸ ਆਰ ਮੱਲ, ਕੁਲਦੀਪ ਕੁਮਾਰ ਅਤੇ ਹਰਨੇਕ ਸਿੰਘ ਦੇਵਪੁਰੀ ਵੀ ਮੌਜੂਦ ਸਨ। ਉਨ੍ਹਾਂ ਨੇ ਦੱਸਿਆ ਕਿ ਲੰਮੇ ਸਮੇਂ ਤੋਂ ਸ੍ਰੀ ਗੁਰੂ ਰਵਿਦਾਸ ਸਭਾ ਖਰੜ ਭਵਨ ਦੇ ਇਰਦ ਗਿਰਦ ਕੁਝ ਬਾ-ਰਸੂਖ ਲੋਕਾਂ ਵਲੋਂ ਕੀਤੇ ਗਏ ਕਬਜ਼ੇ ਚੁਕਵਾਉਣ ਲਈ ਜੱਦੋ ਜਹਿਦ ਕੀਤੀ ਜਾ ਰਹੀ ਹੈ। ਇੱਕ ਸਟ੍ਰੀਟ ਟਾਇਲ ਫੈਕਟਰੀ ਦੇ ਮਾਲਕ ਵਲੋਂ ਵੀ ਭਵਨ ਦੀ ਬਹੁਤ ਸਾਰੀ ਜਗ੍ਹਾ ਦੀ ਵਰਤੋਂ ਕੀਤੀ ਜਾ ਰਹੀ ਹੈ। ਸ਼ਹਿਰੀ ਵਿਕਾਸ ਸ਼ਾਖਾ ਦੇ ਏ ਡੀ ਸੀ ਵਲੋਂ ਈ ਓ ਖਰੜ ਨੂੰ ਕਬਜ਼ੇ ਚੁਕਵਾ ਕੇ ਚਾਰਦੀਵਾਰੀ ਕਰਨ ਲਈ ਤੁਰੰਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਗਏ ਸਨ। ਇਸ ਤੋਂ ਬਾਅਦ ਨਗਰ ਕੌਂਸਲ ਖਰੜ ਕੁਝ ਹਰਕਤ ਵਿੱਚ ਤਾਂ ਆਈ ਸੀ, ਪਰ ਸ੍ਰੀ ਗੁਰੂ ਰਵਿਦਾਸ ਭਵਨ ਦੀ ਜਗ੍ਹਾ ਪੂਰੀ ਕਰੇ ਬਿਨਾਂ ਹੀ ਜ਼ਾਬਤਾ ਕਰਨ ਦੀ ਕੋਸ਼ਿਸ਼ ਕੀਤੀ ਗਈ। ਜਿਸ ਦਾ ਨੋਟਿਸ ਲੈਂਦਿਆਂ ਸਭਾ ਵੱਲੋਂ ਮੁੜ ਏ ਡੀ ਸੀ (ਸ਼ਹਿਰੀ ਵਿਕਾਸ) ਅਤੇ ਐੱਸ ਡੀ ਐੱਮ ਖਰੜ ਦੇ ਧਿਆਨ ਵਿੱਚ ਲਿਆ ਕੇ ਦੱਸਿਆ ਗਿਆ ਹੈ ਕਿ ਨਗਰ ਕੌਂਸਲ ਵਲੋਂ ਕਬਜ਼ਾਧਾਰੀਆਂ ਨੂੰ ਲਾਭ ਪਹੁੰਚਾਉਣ ਲਈ ਚਾਰਦੀਵਾਰੀ ਦਾ ਕੰਮ ਬਿਨਾਂ ਕਿਸੇ ਪੈਮਾਇਸ਼ ਤੋਂ ਕਰਵਾਇਆ ਜਾ ਰਿਹਾ ਹੈ। ਇਸ ਤੋਂ ਭਾਸ ਰਿਹਾ ਹੈ ਕਿ ਨਗਰ ਕੌਂਸਲ ਖਰੜ ਦੇ ਅਧਿਕਾਰੀ ਅਤੇ ਲੋਕ ਨੁਮਾਇੰਦੇ ਸਰਕਾਰੀ ਜਾਇਦਾਦਾਂ ਨੂੰ ਬਚਾਉਣ ਵਿੱਚ ਦਿਲਚਸਪੀ ਨਹੀਂ ਰੱਖਦੇ ਸਗੋਂ ਵੱਡੇ ਲੋਕਾਂ ਦੀ ਮਦਦ ਕਰ ਰਹੇ ਹਨ ਅਤੇ ਉੱਚ ਅਧਿਕਾਰੀਆਂ ਦੇ ਹੁਕਮਾਂ ਨੂੰ ਵੀ ਟਿੱਚ ਜਾਣਦੇ ਹਨ। ਸਭਾ ਦੇ ਪ੍ਰਧਾਨ ਮਦਨ ਲਾਲ ਜਨਾਗਲ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਭਵਨ ਦੁਆਲੇ ਕੀਤੇ ਕਬਜ਼ੇ ਚੁਕਵਾ ਕੇ ਚਾਰਦੀਵਾਰੀ ਬਣਾਉਣ ਦੇ ਨਿਰਦੇਸ਼ ਦਿੱਤੇ ਜਾਣ ਤਾਂ ਕਿ ਭਵਨ ਦੀ ਜਗ੍ਹਾ ਦੀ ਯੋਗ ਵਰਤੋਂ ਕੀਤੀ ਜਾ ਸਕੇ।

ਰਾਜਪਾਲ ਨੇ ਭਾਈ ਹਰਜਿੰਦਰ ਸਿੰਘ ਸ੍ਰੀਨਗਰ ਵਾਲੇ ਨੂੰ ਕੀਤਾ ਸਨਮਾਨਤ

ਚੰਡੀਗੜ੍ਹ, (ਕ੍ਰਿਸ਼ਨ ਗਰਗ) ਪਦਮ ਸ੍ਰੀ ਐਵਾਰਡੀ ਅਤੇ ਉੱਘੇ ਹਜ਼ੂਰੀ ਰਾਗੀ ਭਾਈ ਹਰਜਿੰਦਰ ਸਿੰਘ (ਸ੍ਰੀਨਗਰ ਵਾਲੇ) ਨੂੰ ਪੰਜਾਬ ਦੇ ਮਾਨਯੋਗ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਰਾਜ ਭਵਨ, ਚੰਡੀਗੜ੍ਹ ਵਿਖੇ ਹੋਈ ਇੱਕ ਵਿਸ਼ੇਸ਼ ਮੁਲਾਕਾਤ ਦੌਰਾਨ ਸਨਮਾਨਿਤ ਕੀਤਾ।ਭਾਈ ਹਰਜਿੰਦਰ ਸਿੰਘ, ਜਿਨ੍ਹਾਂ ਨੂੰ ਹਾਲ ਹੀ ਵਿੱਚ ਭਾਰਤ ਦੇ ਮਾਣਯੋਗ ਰਾਸ਼ਟਰਪਤੀ ਵੱਲੋਂ ਗੁਰਬਾਣੀ ਕੀਰਤਨ ਦੀ ਅਧਿਆਤਮਿਕ ਅਤੇ ਸੰਗੀਤਕ ਪਰੰਪਰਾ ਵਿੱਚ ਸ਼ਾਨਦਾਰ ਯੋਗਦਾਨ ਲਈ ਵੱਕਾਰੀ ਪਦਮਸ੍ਰੀ ਨਾਲ ਸਨਮਾਨਿਤ ਕੀਤਾ ਗਿਆ ਹੈ, ਨੂੰ ਰਾਜਪਾਲ ਕਟਾਰੀਆ ਨੇ ਨਿੱਘੀ ਵਧਾਈ ਦਿੱਤੀ। ਰਾਜਪਾਲ ਨੇ ਭਾਈ ਸਾਹਿਬ ਦੇ ਪਵਿੱਤਰ ਗੁਰਬਾਣੀ ਕੀਰਤਨ ਪ੍ਰਤੀ ਅਟੁੱਟ ਸਮਰਪਣ ਦੀ ਪ੍ਰਸ਼ੰਸਾ ਕੀਤੀ ਅਤੇ ਇਸ ਪੁਰਸਕਾਰ ਨੂੰ ਸਿੱਖ ਭਗਤੀ ਸੰਗੀਤ ਪ੍ਰਤੀ ਉਨ੍ਹਾਂ ਦੀ ਜੀਵਨ ਭਰ ਦੀ ਸੇਵਾ ਦੀ ਅਸਲ ਮਾਨਤਾ ਦੱਸਿਆ।ਰਾਜਪਾਲ ਨੇ ਅੱਗੇ ਕਿਹਾ, 'ਉਨ੍ਹਾਂ ਦੀ ਮਾਨਤਾ ਨਾ ਸਿਰਫ਼ ਪੰਜਾਬ ਲਈ ਮਾਣ ਵਾਲਾ ਪਲ ਹੈ, ਸਗੋਂ ਸਮੁੱਚੇ ਭਾਰਤੀ ਅਧਿਆਤਮਿਕ ਸੰਗੀਤ ਭਾਈਚਾਰੇ ਲਈ ਇੱਕ ਜਸ਼ਨ ਵੀ ਹੈ।' ਇਸ ਮੌਕੇ, ਰਾਜਪਾਲ ਨੇ ਪੰਜਾਬ ਰਾਜ ਸੂਚਨਾ ਕਮਿਸ਼ਨਰ ਹਰਪ੍ਰੀਤ ਸੰਧੂ ਵੱਲੋਂ ਲਿਖੀ 'ਗੁਰੂ ਤੇਗ ਬਹਾਦਰ ਸਾਹਿਬ ਦੀ ਅਧਿਆਤਮਿਕ ਯਾਤਰਾ' ਸਿਰਲੇਖ ਵਾਲਾ ਇੱਕ ਚਿੱਤਰਕਾਰੀ ਬਰੋਸ਼ਰ ਵੀ ਜਾਰੀ ਕੀਤਾ। ਇਹ ਬਰੋਸ਼ਰ ਨੌਵੇਂ ਸਿੱਖ ਗੁਰੂ ਸਾਹਿਬ ਦੀਆਂ ਅਧਿਆਤਮਿਕ ਸਿੱਖਿਆਵਾਂ ਅਤੇ ਵਿਰਾਸਤ ਨੂੰ ਪੇਸ਼ ਕਰਦਾ ਹੈ।

ਕਰਨਲ ਵੀ ਆਰ ਮੋਹਨ ਡੀ ਏ ਵੀ ਪਬਲਿਕ ਸਕੂਲ ਨੇ ਲਗਾਏ ਰੁੱਖ, ਵੰਡੀ ਛਬੀਲ

ਡੇਰਾ ਬੱਸੀ (ਵਿਨੈ ਕੁਮਾਰ ਜੈਨ)- ਕਰਨਲ ਵੀ. ਆਰ. ਮੋਹਨ ਡੀ.ਏ.ਵੀ. ਪਬਲਿਕ ਸਕੂਲ, ਡੇਰਾਬੱਸੀ ਨੇ 10 ਜੂਨ ਨੂੰ ਸਕੂਲ ਕੈਂਪਸ ਵਿੱਚ ਵਾਤਾਵਰਣ ਦਿਵਸ ਮਨਾਉਣ ਦਾ ਆਯੋਜਨ ਕੀਤਾ। ਸਕੂਲ ਦੀ ਪ੍ਰਿੰਸੀਪਲ ਸ ਸਰਿਤਾ ਯਾਦਵ ਅਤੇ ਹੋਰ ਫੈਕਲਟੀ ਮੈਂਬਰਾਂ ਨੇ ਇਸ ਪ੍ਰੋਗਰਾਮ ਵਿੱਚ ਪੂਰੀ ਭਾਵਨਾ ਨਾਲ ਹਿੱਸਾ ਲਿਆ। ਵਾਤਾਵਰਣ ਦਿਵਸ ਦੇ ਆਯੋਜਨ ਦਾ ਉਦੇਸ਼ ਲੋਕਾਂ ਵਿੱਚ ਵਾਤਾਵਰਣ ਨੂੰ ਸਾਫ ਅਤੇ ਹਰਾ ਭਰਾ ਰੱਖਣ ਦੇ ਨਾਲ-ਨਾਲ ਇਸ ਨੂੰ ਬਚਾਉਣ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨਾ ਸੀ। ਇਸ ਮੌਕੇ ਸਕੂਲ ਸਟਾਫ ਦੁਆਰਾ ਛਬੀਲ ਦਾ ਆਯੋਜਨ ਕੀਤਾ ਗਿਆ। ਸਕੂਲ ਪ੍ਰਿੰਸੀਪਲ ਸਰਿਤਾ ਯਾਦਵ ਨੇ ਸਟਾਫ ਦੇ ਨਾਲ ਸਕੂਲ ਦੇ ਆਲੇ-ਦੁਆਲੇ ਸਾਲ, ਮਹੋਗਨੀ ਅਤੇ ਯੂਕੇਲਿਪਟਸ ਸਮੇਤ ਵੱਖ-ਵੱਖ ਰੁੱਖ ਲਗਾਏ ਅਤੇ ਸਟਾਫ, ਵਿਦਿਆਰਥੀਆਂ ਅਤੇ ਜਨਤਾ ਨੂੰ ਉਨ੍ਹਾਂ ਦੇ ਸਥਾਨਾਂ ਦੇ ਨੇੜੇ ਉਗਾਉਣ ਲਈ ਲਗਭਗ 150 ਪੌਦੇ ਦਾਨ ਕੀਤੇ।

ਸਿਟੀ ਮੰਡਲ ਦੇ ਪੈਨਸ਼ਨਰਾਂ ਨੇ ਸਰਕਾਰ ਵਿਰੁੱਧ ਕੀਤਾ ਰੋਸ ਪ੍ਰਗਟ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਸਿਟੀ ਮੰਡਲ ਪੈਨਸ਼ਨਰ ਐਸੋਸੀਏਸ਼ਨ ਹੁਸ਼ਿਆਰਪੁਰ ਦੀ ਮਹੀਨਾ ਵਾਰ ਮੀਟਿੰਗ ਖੁਸ਼ੀ ਰਾਮ ਧੀਮਾਨ ਪ੍ਰਧਾਨ ਸ਼ਹਿਰੀ ਮੰਡਲ ਹੁਸ਼ਿਆਰਪੁਰ ਦੀ ਪ੍ਰਧਾਨਗੀ ਵਿੱਚ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਦੋਸ਼ ਲਾਇਆ ਕਿ ਪੰਜਾਬ ਸਰਕਾਰ ਮੁਲਾਜ਼ਮ / ਪੈਨਸ਼ਨਰ ਯੂਨੀਅਨ ਦੀਆਂ ਮੰਨੀਆਂ ਹੋਈਆਂ ਮੰਗਾਂ ਲਾਗੂ ਨਹੀਂ ਕਰ ਰਹੀ। ਮੀਟਿੰਗ ਵਿੱਚ ਸ਼ਾਮਲ ਠਾਕੁਰ ਅਵਤਾਰ ਸਿੰਘ, ਅਸ਼ਨੀ ਕੁਮਾਰ, ਸੰਤੋਸ਼ ਕੁਮਾਰ, ਮਨਧੀਰ ਸਿੰਘ, ਗੀਤ ਪਾਲ ਸਿੰਘ, ਰਾਮ ਗੋਪਾਲ ਸ਼ਰਮਾ, ਨਿਰਮਲ ਸਿੰਘ, ਜੈਦੇਵ ਮਹਿਤਾ, ਰੋਸ਼ਨ ਲਾਲ, ਸਤਪਾਲ ਸਿੰਘ, ਗੁਰ ਭੀਤਰ ਪਾਲ ਸਿੰਘ, ਮੰਗਲ ਸਿੰਘ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਅਤੇ ਬਿਜਲੀ ਵਿਭਾਗ ਮੁਲਾਜ਼ਮ ਯੂਨੀਅਨ ਅਤੇ ਪੈਨਸ਼ਨਰ ਐਸੋਸੀਏਸ਼ਨਾਂ ਨੂੰ ਮੀਟਿੰਗ ਨਹੀਂ ਦੇ ਰਹੀ ਮੁਲਾਜ਼ਮ ਨੇਤਾਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਮੰਨੀਆਂ ਹੋਈਆਂ ਮੰਗਾਂ ਨੂੰ ਜਲਦੀ ਲਾਗੂ ਕਰੇ ਨਹੀਂ ਤਾਂ ਸੰਘਰਸ਼ ਦਾ ਸਾਹਮਣਾ ਕਰਨ ਲਈ ਤਿਆਰ ਰਹੇ।

ਹਰਚੰਦ ਸਿੰਘ ਬਰਸਟ ਨੇ ਸੰਜੀਵ ਅਰੋੜਾ ਦੇ ਹੱਕ 'ਚ ਕੀਤਾ ਪ੍ਰਚਾਰ

ਚੰਡੀਗੜ੍ਹ/ਲੁਧਿਆਣਾ (ਰੈਕਟਰ ਕਥੂਰੀਆ)- ਆਮ ਆਦਮੀ ਪਾਰਟੀ (ਆਪ), ਪੰਜਾਬ ਦੇ ਸੂਬਾ ਜਨਰਲ ਸਕੱਤਰ ਅਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਆਮ ਆਦਮੀ ਪਾਰਟੀ ਪ੍ਰਤੀ ਲੋਕਾਂ ਦੇ ਪਿਆਰ ਨੂੰ ਦੇਖਦਿਆਂ ਇਹ ਯਕੀਨ ਹੋ ਗਿਆ ਹੈ ਕਿ ਵਿਧਾਨ ਸਭਾ ਹਲਕਾ ਲੁਧਿਆਣਾ ਪੱਛਮੀ ਦੀ ਜ਼ਿਮਨੀ ਚੋਣ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਸੰਜੀਵ ਅਰੋੜਾ ਦੀ ਜਿੱਤ ਪੱਕੀ ਹੈ। ਬਰਸਟ ਵੱਲੋਂ ਵਿਧਾਨ ਸਭਾ ਹਲਕਾ ਲੁਧਿਆਣਾ ਪੱਛਮੀ ਦੀ ਜ਼ਿਮਨੀ ਚੋਣ ਤਹਿਤ ਆਪ ਦੇ ਉਮੀਦਵਾਰ ਸੰਜੀਵ ਅਰੋੜਾ ਦੇ ਹੱਕ ਵਿੱਚ ਪੀ.ਏ.ਯੂ. ਕੈਂਪਸ ਰਿਹਾਇਸ਼ੀ ਕੰਪਲੈਕਸ ਵਿੱਚ ਡੋਰ ਟੂ ਡੋਰ ਪ੍ਰਚਾਰ ਕੀਤਾ ਗਿਆ ਅਤੇ ਲੋਕਾਂ ਨੂੰ ਮਿਲ ਕੇ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕੀਤੇ ਜਾ ਰਹੇ ਕਾਰਜਾਂ ਤੋਂ ਜਾਣੂ ਕਰਵਾਇਆ ਗਿਆ। ਇਸ ਮੌਕੇ ਡਾ. ਰਵਜੋਤ ਸਿੰਘ ਮੰਤਰੀ ਸਥਾਨਕ ਸਰਕਾਰਾਂ ਅਤੇ ਇੰਦਰਜੀਤ ਕੌਰ ਮਾਨ ਐਮਐਲਏ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਇਸ ਦੌਰਾਨ ਬਰਸਟ ਨੇ ਕਿਹਾ ਕਿ 'ਆਪ' ਉਮੀਦਵਾਰ ਸੰਜੀਵ ਅਰੋੜਾ ਰਾਜ ਸਭਾ ਮੈਂਬਰ ਰਹਿੰਦਿਆਂ ਹੋਇਆਂ ਲੁਧਿਆਣਾ ਦੇ ਚਹੁੰਪਾਖੀ ਵਿਕਾਸ ਲਈ ਲਗਾਤਾਰ ਕਾਰਜ ਕਰਦੇ ਆਏ ਹਨ ਅਤੇ ਲੁਧਿਆਣਾ ਅਤੇ ਪੰਜਾਬ ਵਾਸੀਆਂ ਦੇ ਪੱਖ ਵਿੱਚ ਆਵਾਜ਼ ਚੁੱਕਦੇ ਆ ਰਹੇ ਹਨ। ਉਨ੍ਹਾਂ ਕਿਹਾ ਕਿ ਸੰਜੀਵ ਅਰੋੜਾ ਪ੍ਰਤੀ ਲੋਕਾਂ ਦੇ ਪਿਆਰ ਅਤੇ ਵਿਸ਼ਵਾਸ ਨੂੰ ਦੇਖਦਿਆਂ ਇਹ ਯਕੀਨ ਹੋ ਗਿਆ ਹੈ ਕਿ ਲੁਧਿਆਣਾ ਪੱਛਮੀ ਦੀ ਜ਼ਿਮਨੀ ਚੋਣ ਵਿੱਚ ਆਮ ਆਦਮੀ ਪਾਰਟੀ ਵੱਡੇ ਅੰਤਰ ਨਾਲ ਜਿੱਤ ਹਾਸਲ ਕਰੇਗੀ। ਉਨ੍ਹਾਂ ਲੋਕਾਂ ਨੂੰ ਆਮ ਆਦਮੀ ਪਾਰਟੀ ਨੂੰ ਵੋਟਾਂ ਪਾ ਕੇ ਵੱਡੇ ਅੰਤਰ ਨਾਲ ਜਿਤਾਉਣ ਦੀ ਅਪੀਲ ਕੀਤੀ।

ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਵੱਲੋਂ ਨੰਗਲ ਦਾ ਦੌਰਾ

● ਕਿਹਾ, ਡਾ. ਅੰਬੇਡਕਰ ਦੇ ਬੁੱਤ ਦੀ ਬੇਅਦਬੀ ਕਰਨ ਵਾਲਿਆਂ ਨੂੰ ਜਲਦ ਜੇਲ੍ਹ ਭੇਜਿਆ ਜਾਵੇਗਾ

ਫਿਲੌਰ (ਨਿਰਮਲ)- ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਅੱਜ ਸਬ ਡਵੀਜ਼ਨ ਦੇ ਪਿੰਡ ਨੰਗਲ ਪਹੁੰਚ ਕੇ ਬੀਤੇ ਦਿਨੀਂ ਪਿੰਡ 'ਚ ਭਾਰਤੀ ਸੰਵਿਧਾਨ ਦੇ ਨਿਰਮਾਤਾ ਭਾਰਤ ਰਤਨ ਬਾਬਾ ਸਾਹਿਬ ਡਾ. ਬੀ.ਆਰ.ਅੰਬੇਡਕਰ ਦੇ ਬੁੱਤ ਨਾਲ ਵਾਪਰੀ ਛੇੜਛਾੜ ਦੀ ਘਟਨਾ ਵਾਲੇ ਸਥਾਨ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਨਾਲ ਹਲਕਾ ਇੰਚਾਰਜ ਪ੍ਰਿੰ. ਪ੍ਰੇਮ ਕੁਮਾਰ ਵੀ ਮੌਜੂਦ ਸਨ। ਉਨ੍ਹਾਂ ਮੌਕੇ 'ਤੇ ਪਿੰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਬਾਬਾ ਸਾਹਿਬ ਦਾ ਸਨਮਾਨ ਹਰ ਹਾਲ ਵਿੱਚ ਬਹਾਲ ਰੱਖਿਆ ਜਾਵੇਗਾ ਅਤੇ ਬੁੱਤ ਦਾ ਅਪਮਾਨ ਕਰਨ ਵਾਲਿਆਂ ਨੂੰ ਜਲਦ ਜੇਲ੍ਹ ਦੀਆਂ ਸਲਾਖਾਂ ਪਿੱਛੇ ਭੇਜਿਆ ਜਾਵੇਗਾ। ਕਮਿਸ਼ਨ ਦੇ ਚੇਅਰਮੈਨ ਨੇ ਘਟਨਾ ਸਬੰਧੀ ਪ੍ਰਸ਼ਾਸਨਿਕ ਰਿਪੋਰਟ ਦਾ ਜਾਇਜ਼ਾ ਲੈ

12 Jun Page-9.qxd 6/11/2025 10:59 PM Page 1

ਕੰਢੀ ਦੇ ਵਸਨੀਕ ਪਾਣੀ ਦੀ ਬੂੰਦ-ਬੂੰਦ ਨੂੰ ਤਰਸੇ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)— ਅੱਤ ਦੀ ਗਰਮੀ 'ਚ ਕੰਢੀ ਦੇ ਲੋਕ ਪੀਣ ਵਾਲੇ ਪਾਣੀ ਦੀ ਬੂੰਦ ਬੂੰਦ ਨੂੰ ਤਰਸ ਰਹੇ ਹਨ। ਨੀਮ ਪਹਾੜੀ ਪਿੰਡਾਂ 'ਚ ਪੀਣ

ਵਾਲੇ ਪਾਣੀ ਦੀ ਨਾਕਸ ਸਪਲਾਈ ਤੋਂ ਲੋਕ ਡਾਹਢੇ ਦੁਖੀ ਹਨ। ਪਿੰਡ ਬਾੜੀ, ਬਲਾਂਬ, ਨੌਰੌਗਪੁਰ, ਚੱਕ, ਕੋਠੀ ਲਠੌਲੀ ਆਦਿ ਇੱਕ ਦਰਜਨ ਤੋਂ ਵਧ ਪਿੰਡਾਂ 'ਚ ਪੀਣ ਵਾਲੇ ਪਾਣੀ ਦੀ ਸਪਲਾਈ ਠੱਪ ਹੈ ਜਾਂ ਫਿਰ ਨਾਕਸ ਹੈ। ਨੌਜਵਾਨ ਆਗੂ ਅਤੇ ਪਿੰਡ ਬਹਿ ਨੰਗਲ ਦੇ ਵਸਨੀਕ ਅਕਸ਼ਤ ਸ਼ਰਮਾ ਨੇ ਦਸਿਆ ਕਿ ਨੀਮ ਪਹਾੜੀ ਕਸਬਾ ਕਮਾਹੀ ਦੇਵੀ ਅਧੀਨ ਆਉਂਦੇ ਜ਼ਿਆਦਾਤਰ ਪਿੰਡਾਂ 'ਚ ਪੀਣ ਵਾਲੇ ਪਾਣੀ ਦੀ ਸਪਲਾਈ ਨਾ ਮਾਤਰ ਹੈ। ਪਰ ਪਿਛਲੇ 75 ਸਾਲਾਂ ਤੋਂ ਇਨ੍ਹਾਂ ਪਿੰਡਾਂ ਦੇ ਲੋਕਾਂ ਲਈ ਪਾਣੀ ਵਰਗੀ ਬੁਨਿਆਦੀ ਸਹੂਲਤ ਅਜੇ ਦੂਰ ਦੀ ਕੌਡੀ ਹੈ। ਅੱਤ ਦੀ ਪੈ ਰਹੀ ਗਰਮੀ 'ਚ ਲੋਕ ਪੱਲਿਓਂ ਪੈਸੇ ਖਰਚ ਕੇ ਪੀਣ ਵਾਲੇ ਪਾਣੀ ਦਾ ਪ੍ਰਬੰਧ ਕਰ ਰਹੇ ਹਨ। ਪਸ਼ੂ ਪਾਲਕਾਂ ਲਈ ਇਹ ਦਿਨ ਡਾਹਢੇ ਔਖੇ ਹਨ। ਸੱਤਾਧਾਰੀ ਧਿਰ ਦੇ ਆਗੂ ਸੱਤਾ ਦੇ ਨਸ਼ੇ 'ਚ ਚੂਰ ਹਨ। ਵਿਰੋਧੀ ਧਿਰ ਦੇ ਨੁੰਮਾਇਦੇ ਲੋਕ ਮਸਲੇ ਉਭਾਰਨ ਦੀ ਬਜਾਇ ਧਾਰਮਿਕ ਸਮਾਗਮਾਂ 'ਚ ਹਾਜ਼ਰੀਆਂ ਭਰ ਕੇ ਡੰਗ ਟਪਾ ਰਹੇ ਹਨ। ਬਿਮਲਾ ਦੇਵੀ, ਨੀਤਾ ਰਾਣੀ, ਪ੍ਰਵਨੀ ਕੁਮਾਰੀ, ਗੀਟਾ ਰਾਣੀ, ਸੁਮਨ ਕੁਮਾਰੀ ਆਦਿ ਨੇ ਦਸਿਆ ਕਿ ਅੱਤ ਦੀ ਗਰਮੀ 'ਚ ਉਹ ਪਾਣੀ ਦੀ ਬੂੰਦ ਬੂੰਦ ਲਈ ਵਿਲ਼ਕ ਰਹੇ ਹਨ। ਸਿਆਸੀ ਆਗੂਆਂ ਤੋਂ ਪਾਣੀ ਦੇ ਯੋਗ ਪ੍ਰਬੰਧ ਦੇ ਦਾਅਵੇ ਸੁਣ ਸੁਣ ਕੇ ਉਹ ਅੱਕ ਗਏ ਹਨ। ਸਰਕਾਰਾਂ ਆਈਆਂ ਅਤੇ ਗਈਆਂ ਪਰ ਕਿਸੇ ਨੇ ਉਨ੍ਹਾਂ ਦੀ ਸਾਰ ਨਹੀਂ ਲਈ। ਨਾ ਹੀ ਵੋਟਾਂ ਉਪਰੰਤ ਕਿਸੇ ਨੇ ਉਨ੍ਹਾਂ ਦੀ ਕੋਈ ਬਾਤ ਪੁੱਛੀ ਹੈ। ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਐਕਸਿਅਨ ਅਨੁਜ ਸ਼ਰਮਾ ਨੇ ਦਸਿਆ ਕਿ ਇਨ੍ਹਾਂ ਪਿੰਡਾਂ ਨੂੰ ਸਪਲਾਈ ਦੇਣ ਵਾਲਾ ਟਿਊਬਵੈੱਲ ਬੈਠ ਗਿਆ ਹੈ। ਜਿਸ ਨੂੰ ਠੀਕ ਕਰਨ 'ਚ ਮਹਿਕਮਾ ਲੱਗਾ ਹੋਇਆ ਹੈ।

ਸਮਰ ਕੈਂਪ ਬੱਚਿਆਂ ਨੂੰ ਸਿੱਖਣ, ਵਧਣ-ਫੁੱਲਣ ਦਾ ਕਰਦੇ ਹਨ ਵਾਤਾਵਰਣ ਪ੍ਰਦਾਨ

ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ) ਸਮਰ ਕੈਂਪ ਜੇ ਐਸ ਐਫ ਐਚ ਖਾਲਸਾ ਸੀ ਸੈ ਸਕੂਲ, ਸ. ਭ ਸ ਨਗਰ ਦੇ ਪ੍ਰਿੰਸੀਪਲ ਦਲਜੀਤ ਸਿੰਘ ਬੋਲਾ ਨੇ ਪ੍ਰੈਸ ਨੂੰ ਦੱਸਿਆ ਇਹ ਸਮਰ ਕੈਂਪ ਬੱਚਿਆਂ ਨੂੰ ਸਿੱਖਣ, ਵਧਣ ਅਤੇ ਵਧਣ-ਫੁੱਲਣ ਲਈ ਇੱਕ ਮਜ਼ੇਦਾਰ ਅਤੇ ਸਹਾਇਕ ਵਾਤਾਵਰਣ ਪ੍ਰਦਾਨ ਕਰਦੇ ਹਨ! ਇਹ ਇੱਕ ਵਿਲੱਖਣ ਅਤੇ ਆਨੰਦਦਾਇਕ ਅਨੁਭਵ ਪ੍ਰਦਾਨ ਕਰਦੇ ਹਨ ਜੋ ਜੀਵਨ ਭਰ ਦੀਆਂ ਯਾਦਾਂ ਅਤੇ ਦੋਸਤੀਆਂ ਬਣਾ ਸਕਦੇ ਹਨ। ਇਹ ਬੱਚਿਆਂ ਨੂੰ ਭਾਵਨਾਵਾਂ ਨੂੰ ਪ੍ਰਗਟ ਕਰਨ, ਤਣਾਅ ਦਾ ਪ੍ਰਬੰਧਨ ਕਰਨ ਅਤੇ ਭਾਵਨਾਤਮਕ ਬੁੱਧੀ ਨੂੰ ਵਿਕਸਤ ਕਰਨ ਲਈ ਇੱਕ ਸਹਾਇਕ ਵਾਤਾਵਰਣ ਵੀ ਪ੍ਰਦਾਨ ਕਰਦੇ ਹਨ।ਸਮਰ ਕੈਂਪ ਦੀਆਂ ਸਹਿਯੋਗੀ ਗਤੀਵਿਧੀਆਂ ਅਤੇ ਖੇਡਾਂ ਬੱਚਿਆਂ ਨੂੰ ਟੀਮ ਵਰਕ, ਸਹਿਯੋਗ ਅਤੇ ਆਪਸੀ ਸਤਿਕਾਰ ਦੀ ਕੀਮਤ ਸਿਖਾਉਂਦੀਆਂ ਹਨ।ਵਿਦਿਆਰਥੀ ਵੱਧ ਚੜ੍ਹ ਕੇ ਖੇਡਾਂ ਵਿੱਚੋਂ ਹਿੱਸਾ ਲੈ ਰਹੇ ਸਨ।ਸਕੂਲ ਦੇ ਮੈਦਾਨ ਦੇ ਬਾਹਰ ਫੁੱਟਬਾਲ, ਵਾਲੀਬਾਲ, ਬਾਸਕਟਬਾਲ, ਕ੍ਰਿਕਟ, ਬੈਡਮਿੰਟਨ ਅਤੇ ਟੇਬਲ ਟੈਨਿਸ , ਖੋ -ਖੋ ਨਾਲ ਸਬੰਧਤ ਖੇਡਾਂ ਪੂਰੇ ਜੋਸ਼ ਵਿੱਚ ਸਨ।ਇਸ ਸਮਰ ਕੈਂਪ ਦੀ ਡਿਊਟੀ ਵਿਚ ਸਕੂਲ ਦਾ ਪੂਰਾ ਸਟਾਫ ਭਾਗੀਦਾਰ ਹੈ ਤੇ ਆਪਣੀਆਂ ਡਿਊਟੀਆਂ ਨੂੰ ਨਿਭਾਅ ਰਹੇ ਹਨ।

ਸਮਰ ਕੈਂਪ ਵਿੱਚ ਪ੍ਰੇਮ ਸਿੰਘ, ਮਨਜੀਤ ਸਿੰਘ, ਇੰਦਰਜੀਤ ਮਾਹੀ, ਰੋਹਿਤ ਚੌਹਾਨ, ਬਲਜਿੰਦਰ ਸਿੰਘ, ਸ੍ਰੀਮਤੀ ਗੁਰਦੀਪ ਕੌਰ ਭੁੱਲਰ, ਸ੍ਰੀਮਤੀ ਬਲਵੀਰ ਕੌਰ, ਸ੍ਰੀਮਤੀ ਪੂਜਾ ਸ਼ਰਮਾ, ਸ਼੍ਰੀਮਤੀ ਪੂਜਾ ਰਾਣੀ, ਮਿਸ ਕੰਚਨ ਸੋਨੀ, ਸ੍ਰੀਮਤੀ ਸੰਦੀਪ ਕੌਰ ਸ਼ਾਮਲ ਸਨ।

ਪੈਨਸ਼ਨ ਮਹਾਂਸੰਘ ਵੱਲੋਂ ਹੋਣਹਾਰ ਵਿਦਿਆਰਥੀਆਂ ਦਾ ਸਨਮਾਨ

ਚਮਕੌਰ ਸਾਹਿਬ (ਗੁਰਵਿੰਦਰ ਸਿੰਘ ਬੌਬੀ)- ਪੰਜਾਬ ਰਾਜ ਪੈਨਸ਼ਨਰ ਮਹਾਂਸੰਘ ਦੇ ਮੈਂਬਰਾਂ ਦੀ ਮੀਟਿੰਗ ਸੰਘ ਦੇ ਪ੍ਰਧਾਨ ਧਰਮਪਾਲ ਸੋਖਲ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸਭ ਤੋਂ ਪਹਿਲਾਂ ਜਿਨ੍ਹਾਂ ਸਾਥੀਆਂ ਦਾ ਜਨਮ ਦਿਨ ਇਸ ਮਹੀਨੇ ਵਿੱਚ ਆਉਂਦਾ ਹੈ, ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ । ਸੰਘ ਦੇ ਜਨਰਲ ਸਕੱਤਰ ਲਛਮਣ ਸਿੰਘ ਅਤੇ ਪਵਨ ਕੁਮਾਰ ਨੇ ਦੱਸਿਆ ਕਿ ਮੀਟਿੰਗ ਦੌਰਾਨ ਮੈਂਬਰਾਂ ਵੱਲੋਂ ਪੈਨਸ਼ਨਰਾਂ ਦੀਆਂ ਲਟਕਦੀਆਂ ਜਾਇਜ਼ ਅਤੇ ਹੱਕੀ ਮੰਗਾਂ ਸਰਕਾਰ ਵੱਲੋਂ ਲਾਗੂ ਨਾ ਕਰਨ ਦੀ ਨਿਖੇਧੀ ਕੀਤੀ ਗਈ । ਇਸ ਤੋਂ ਬਾਅਦ ਸਾਬਕਾ ਜ਼ਿਲ੍ਹਾ ਸਿੱਖਿਆ ਅਫਸਰ ਭਾਗ ਸਿੰਘ ਮਕੜੌਨਾ, ਹਰਚੰਦ ਸਿੰਘ, ਬਾਰਾ ਸਿੰਘ ਕੰਗ, ਸੁਰਿੰਦਰਜੀਤ ਵਰਮਾ, ਪਰਮਜੀਤ ਕੌਰ ਅਤੇ ਸੁਰਿੰਦਰਪਾਲ ਸਿੰਘ ਨੇ ਸਰਕਾਰ ਤੋਂ ਮੰਗ ਕੀਤੀ ਕਿ 18 ਫਰਵਰੀ 2025 ਦੇ ਨੋਟੀਫਿਕੇਸ਼ਨ ਅਨੁਸਾਰ 1 ਜਨਵਰੀ 2016 ਤੋਂ 30 ਜੂਨ 2021 ਤੱਕ

ਸੇਵਾਮੁਕਤ ਹੋਏ ਮੁਲਾਜ਼ਮਾਂ ਨੂੰ ਲੀਵ ਇਨਕੈਸ਼ਮੈਂਟ ਦੀ ਪਹਿਲੀ ਕਿਸ਼ਤ ਜੋ ਅਪਰੈਲ 2025 ਵਿੱਚ ਦੇਣੀ ਬਣਦੀ ਸੀ ਤੁਰੰਤ ਦਿੱਤੀ ਜਾਵੇ ਅਤੇ ਸਵਰਗ ਸਿਧਾਰ ਗਏ ਪੈਨਸ਼ਨਰਾਂ ਦਾ ਬਕਾਇਆ ਉਨ੍ਹਾਂ ਦੇ ਵਾਰਸਾਂ ਨੂੰ ਤੁਰੰਤ ਦਿੱਤਾ ਜਾਵੇ । ਪੈਨਸ਼ਨਰਾਂ ਨੇ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਉਹ ਮੰਗਾਂ ਲਾਗੂ ਨਾ ਕਰਨ ਸਬੰਧੀ ਲੁਧਿਆਣਾ ਵਿਖੇ ਹੋ ਰਹੀ ਜ਼ਿਮਨੀ ਚੋਣ ਵਿੱਚ ਸਰਕਾਰ ਦਾ ਡਟ ਕੇ ਵਿਰੋਧ ਕੀਤਾ ਜਾਵੇਗਾ। ਮੀਟਿੰਗ ਤੋਂ ਬਾਅਦ ਇਲਾਕੇ ਦੇ ਸਰਕਾਰੀ ਸਕੂਲਾਂ ਦੇ ਬੋਰਡ ਦੀ ਪ੍ਰੀਖਿਆ ਵਿੱਚੋਂ ਬਲਾਕ ਪੱਧਰ 'ਤੇ ਪੰਜਵੀਂ, ਅੱਠਵੀਂ, ਦਸਵੀਂ ਅਤੇ 12ਵੀ ਜਮਾਤਾਂ ਦੇ ਪਹਿਲੇ, ਦੂਜੇ ਅਤੇ ਤੀਜੇ ਸਥਾਨ 'ਤੇ ਰਹੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਸਾਬਕਾ ਸੁਪਰਡੈਂਟ ਇੰਜੀਨੀਅਰ ਗੁਰਨਾਮ ਸਿੰਘ ਨੇ ਸੰਘ ਦੀ 2100 ਰੁਪਏ ਅਤੇ ਸਾਬਕਾ ਡਿਪਟੀ ਡਾਇਰੈਕਟਰ ਸੰਗਤ ਸਿੰਘ ਲੌਗੀਆ ਨੇ 5 ਹਜ਼ਾਰ ਰੁਪਏ ਦੀ ਮਦਦ ਕੀਤੀ । ਇਸ ਮੌਕੇ ਨੌਹਰੀਆ ਸਿੰਘ, ਗੁਰਦੇਵ ਸਿੰਘ, ਡਾ. ਬੁੱਧ ਸਿੰਘ, ਮੋਹਨ ਸਿੰਘ, ਗੁਰਦਿਆਲ ਸਿੰਘ, ਸੁਰਜੀਤ ਸਿੰਘ ਸ਼ਾਮ ਲਾਲ, ਪ੍ਰਕਾਸ਼ ਸਿੰਘ, ਗੁਰਨਾਮ ਸਿੰਘ , ਮਦਨਜੀਤ ਕੌਰ ਅਤੇ ਜਰਨੈਲ ਸਿੰਘ ਆਦਿ ਹਾਜ਼ਰ ਸਨ।

ਧੱਕਾ ਦੇ ਕੇ ਚੋਰ ਭੱਜਣ 'ਚ ਸਫਲ

ਮਾਹਿਲਪੁਰ (ਸ.ਫ਼ਰੀ)- ਮਾਹਿਲਪੁਰ-ਫਗਵਾੜਾ ਰੋਡ 'ਤੇ ਚੋਰਾਂ ਨੇ ਤਿੰਨ ਦੁਕਾਨਾਂ ਨੂੰ ਨਿਸ਼ਾਨਾ ਬਣਾਇਆ, ਮੌਕੇ 'ਤੇ ਪਹੁੰਚੀ ਪੁਲਸ ਨੂੰ ਧੱਕਾ ਦੇ ਕੇ ਦੋਵੇਂ ਚੋਰ ਭੱਜਣ ਵਿਚ ਸਫਲ ਹੋ ਗਏ। ਦੁਕਾਨਦਾਰਾਂ ਦੇ ਦੱਸਣ ਮੁਤਾਬਿਕ ਸੀ ਸੀ ਟੀਵੀ ਦੇ ਟਾਈਮ ਰਾਤ ਦੇ ਕੋਈ ਡੇੜ੍ਹ ਵਜੇ ਦੋ ਮੋਟਰਸਾਈਕਲ ਸਵਾਰਾਂ ਨੇ ਰਾਜ ਮੈਡੀਕਲ ਸਟੋਰ,ਹਰੀ ਕਰਿਆਨਾ ਸਟੋਰ ਅਤੇ ਗੌਤਮ ਮੈਡੀਕਲ ਸਟੋਰ ਨੂੰ ਨਿਸ਼ਾਨਾ ਬਣਾਇਆ। ਰਾਜ ਮੈਡੀਕਲ ਸਟੋਰ ਦਾ ਜੰਦਰਾ ਭੰਨਣ ਵਿੱਚ ਸਫ਼ਲ ਨਹੀਂ ਹੋ ਸਕੇ ,ਪਰ ਬਾਕੀ ਦੋ ਦੁਕਾਨਾਂ ਵਿਚੋਂ ਨਕਦੀ ਲਿਜਾਣ ਵਿਚ ਸਫ਼ਲ ਹੋ ਗਏ। ਜਦੋਂ ਚੋਰ ਚੋਰੀ ਕਰ ਰਹੇ ਸਨ,ਉਸੇ ਸਮੇਂ ਰਾਤ ਦੀ ਗਸ਼ਤ ਕਰਨ ਵਾਲੇ ਪੁਲਸ ਕਰਮਚਾਰੀ ਪਹੁੰਚ ਗਏ। ਦੋਵੇਂ ਚੋਰ ਪੁਲਸ ਕਰਮਚਾਰੀਆਂ ਨਾਲ ਹੱਥੋਪਾਈ ਕਰਨ ਲੱਗ ਪਏ।ਇਕ ਚੋਰ ਨੇ ਪੁਲਸ ਕਰਮਚਾਰੀ ਨੂੰ ਧੱਕਾ ਦੇ ਕੇ ਸੁੱਟ ਦਿੱਤਾ ਤੇ ਦੋਵੇਂ ਚੋਰ ਦੌੜਨ ਵਿੱਚ ਸਫ਼ਲ ਹੋ ਗਏ।

ਜ਼ਿਲ੍ਹਾ ਸਿਹਤ ਵਿਭਾਗ ਵੱਲੋਂ ਲੂ ਤੋਂ ਬਚਾਅ ਲਈ ਸਾਵਧਾਨੀਆਂ ਵਰਤਣ ਦੀ ਅਪੀਲ

ਮੋਹਾਲੀ (ਗੁਰਜੀਤ ਬਿੱਲਾ)- ਗਰਮ ਹਵਾਵਾਂ ਦੇ ਚਾਲੂ ਮੌਸਮ 'ਚ ਜ਼ਿਲ੍ਹਾ ਸਿਹਤ ਵਿਭਾਗ ਨੇ ਇਕ ਵਾਰ ਫਿਰ ਲੋਕਾਂ ਨੂੰ ਲੂ ਤੋਂ ਬਚਣ ਦੀ ਸਲਾਹ ਦਿਤੀ ਹੈ। ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਦੱਸਿਆ ਕਿ ਜ਼ਿਲ੍ਹਾ ਸਿਹਤ ਵਿਭਾਗ ਨੇ ਗਰਮੀ ਅਤੇ ਲੂ ਦੇ ਮੌਸਮ ਵਿਚ ਸੰਭਾਵੀ ਸਿਹਤ ਖ਼ਤਰਿਆਂ ਨਾਲ ਨਜਿੱਠਣ ਲਈ ਢੁਕਵੇਂ ਪ੍ਰਬੰਧ ਪਹਿਲਾਂ ਹੀ ਕਰ ਲਏ ਸਨ ਤਾਂ ਕਿ ਪ੍ਰਭਾਵਤ ਲੋਕਾਂ ਲਈ ਤੁਰੰਤ ਡਾਕਟਰੀ ਸਹਾਇਤਾ ਯਕੀਨੀ ਬਣਾਈ ਜਾ ਸਕੇ। ਉਨ੍ਹਾਂ ਕਿਹਾ ਕਿ ਅੱਜਕਲ੍ਹ ਲੂ ਚੱਲ ਰਹੀ ਹੈ ਅਤੇ ਮੌਸਮ ਵਿਭਾਗ ਨੇ ਆਉਣ ਵਾਲੇ ਦਿਨਾਂ ਵਿਚ ਵੀ ਲੂ ਚੱਲਣ ਦੀ ਭਵਿੱਖਬਾਣੀ ਕੀਤੀ ਹੈ, ਇਸ ਲਈ ਸਾਰਿਆਂ ਨੂੰ ਜ਼ਰੂਰੀ ਸਾਵਧਾਨੀਆਂ ਵਰਤਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਸਰੀਰ ਦਾ ਤਾਪਮਾਨ ਸਹੀ ਰੱਖਣ ਲਈ ਤਰਲ ਪਦਾਰਥਾਂ ਦਾ ਸੇਵਨ ਬਹੁਤ ਜ਼ਰੂਰੀ ਹੈ। ਵੱਧ ਤੋਂ ਵੱਧ ਤਰਲ ਪਦਾਰਥਾਂ ਦਾ ਸੇਵਨ ਕੀਤਾ ਜਾਵੇ, ਜਿਨ੍ਹਾਂ 'ਚ ਸਾਦਾ ਪਾਣੀ, ਲੱਸੀ, ਨਿੰਬੂ ਪਾਣੀ, ਜੂਸ, ਨਾਰੀਅਲ ਦਾ ਪਾਣੀ, ਓ.ਆਰ.ਐਸ. ਦਾ ਘੋਲ ਆਦਿ ਸ਼ਾਮਲ ਹਨ। ਉਨ੍ਹਾਂ ਲੋਕਾਂ ਨੂੰ ਸਲਾਹ ਦਿਤੀ ਕਿ ਦੁਪਹਿਰ 12 ਵਜੇ ਤੋਂ 3 ਵਜੇ ਤੱਕ ਜਾਂ ਸਿਖਰ ਦੁਪਹਿਰੇ ਬਾਹਰ ਨਿਕਲਣ ਤੋਂ ਪ੍ਰਹੇਜ਼ ਕੀਤਾ ਜਾਵੇ ਕਿਉਂਕਿ ਇਸ ਸਮੇਂ ਦੌਰਾਨ ਸੂਰਜੀ ਤਪਸ਼ ਬਹੁਤ ਜ਼ਿਆਦਾ ਹੁੰਦੀ ਹੈ। ਇਸ ਤੋਂ ਇਲਾਵਾ, ਬੱਚਿਆਂ ਅਤੇ ਬਜ਼ੁਰਗਾਂ ਦਾ ਖ਼ਾਸ ਖ਼ਿਆਲ ਰੱਖਿਆ ਜਾਵੇ।ਡਾ. ਜੈਨ ਨੇ ਅੱਗੇ ਕਿਹਾ ਕਿ ਗਰਮੀ ਅਤੇ ਲੂ ਦਾ ਅਸਰ ਨਵਜਨਮੇ ਬੱਚਿਆਂ, ਗਰਭਵਤੀ ਔਰਤਾਂ, ਖੁੱਲ੍ਹੇ ਆਸਮਾਨ ਹੇਠ ਕੰਮ ਕਰਨ ਵਾਲੇ ਮਜ਼ਦੂਰਾਂ, ਕਿਸਾਨਾਂ, ਬੇਘਰੇ ਲੋਕਾਂ, ਸੜਕਾਂ-ਫੁੱਟਪਾਥ ਉਤੇ ਰਹਿਣ ਵਾਲੇ ਲੋਕਾਂ, ਮਾਨਸਿਕ ਜਾਂ ਸਰੀਰਕ ਬਿਮਾਰੀਆਂ ਤੋਂ ਪੀੜਤ ਲੋਕਾਂ ਖ਼ਾਸਕਰ ਦਿਲ ਦੀ ਬਿਮਾਰੀ ਅਤੇ ਹਾਈ ਬਲੱਡ ਪ੍ਰੈਸ਼ਰ ਦੇ ਮਰੀਜ਼ਾਂ, ਮੋਟਾਪੇ ਤੋਂ ਪੀੜਤ ਲੋਕਾਂ, ਖੁੱਲ੍ਹੇ ਵਿਚ ਸਖ਼ਤ ਕਸਰਤ ਕਰਨ ਵਾਲੇ ਖਿਡਾਰੀਆਂ ਆਦਿ 'ਤੇ ਜ਼ਿਆਦਾ ਹੋ ਸਕਦਾ ਹੈ। ਇਸ ਲਈ ਇਨ੍ਹਾਂ ਨੂੰ ਵਧੇਰੇ ਚੌਕਸ ਰਹਿਣ ਦੀ ਲੋੜ ਹੈ। ਜੇ ਗਰਮੀ ਕਾਰਨ ਕੋਈ ਸਿਹਤ ਸਮੱਸਿਆ ਹੁੰਦੀ ਹੈ ਤਾਂ ਸਿਹਤ ਵਿਭਾਗ ਦੇ ਹੈਲਪਲਾਈਨ ਨੰਬਰ 104 'ਤੇ ਸੰਪਰਕ ਕੀਤਾ ਜਾ ਸਕਦਾ ਹੈ ਜਾਂ ਨੇੜਲੇ ਸਰਕਾਰੀ ਸਿਹਤ ਕੇਂਦਰ ਵਿਚ ਜਾ ਕੇ ਡਾਕਟਰ ਦੀ ਸਲਾਹ ਲਈ ਜਾ ਸਕਦੀ ਹੈ।ਆਪਣੇ ਘਰ ਨੂੰ ਠੰਢਾ ਰੱਖੋ। ਦਿਨ ਵੇਲੇ ਤਾਕੀਆਂ ਅਤੇ ਦਰਵਾਜ਼ੇ ਬੰਦ ਰੱਖੋ। ਸਰੀਰ ਨੂੰ ਠੰਢਾ ਰੱਖੋ। ਹਲਕੇ ਰੰਗ ਦੇ ਕੱਪੜੇ ਪਾਉ। ਬਾਹਰ ਜਾਣ 'ਤੇ ਐਨਕ ਲਾਉ ਤੇ ਸਿਰ ਢਕ ਕੇ ਰੱਖੋ। ਜੇਕਰ ਬਾਹਰ ਹੋ ਤਾਂ ਬੈਠਣ ਲਈ ਠੰਢੀ ਥਾਂ ਲੱਭੋ ਜਿਵੇਂ ਰੁੱਖ ਜਾਂ ਹੋਰ ਛਾਂਦਾਰ ਥਾਂ। ਨੰਗੇ ਪੈਰ ਬਾਹਰ ਨਾ ਜਾਉ। ਹਰ ਅੱਧੇ ਘੰਟੇ ਬਾਅਦ ਪਾਣੀ ਪੀਉ। ਧੁੱਪ ਵਿਚ ਜਾਣ ਵੇਲੇ ਪਾਣੀ ਨਾਲ ਲੈ ਕੇ ਜਾਉ। ਤਲੇ, ਬਾਹਰਲੇ ਅਤੇ ਬਾਸੀ ਖਾਣੇ ਤੋਂ ਪ੍ਰਹੇਜ਼ ਕੀਤਾ ਜਾਵੇ।ਗਰਮੀ ਦੇ ਸਿਖਰ ਦੇ ਸਮੇਂ ਖਾਣਾ ਬਣਾਉਣ ਤੋਂ ਬਚੋ। ਰਸੋਈ ਦੇ ਖੇਤਰ ਨੂੰ ਹਵਾਦਾਰ ਰੱਖੋ। ਬੱਚਿਆਂ ਤੇ ਜਾਨਵਰਾਂ ਨੂੰ ਪਾਰਕ ਕੀਤੇ ਵਾਹਨ ਵਿਚ ਨਾ ਛੱਡੋ। ਤਿੱਖੀ ਧੁੱਪ ਵਿਚ ਨਾ ਜਾਉ। ਸ਼ਰਾਬ, ਚਾਹ, ਕੌਫ਼ੀ ਆਦਿ ਤੋਂ ਪਰਹੇਜ਼ ਕਰੋ। ਬਾਸੀ ਖਾਣਾ ਨਾ ਖਾਉ। ਜਿੰਨਾ ਹੋ ਸਕੇ, ਸਖ਼ਤ ਸਰੀਰਕ ਸਰਗਰਮੀ ਤੋਂ ਬਚੋ।

ਨੌਜਵਾਨਾਂ ਨੂੰ ਮਿਲੇਗਾ ਨੈੱਟਵਰਕਿੰਗ ਸੈਕਟਰ 'ਚ ਬੇਹਤਰ ਭਵਿੱਖ

ਜਲੰਧਰ (ਸੈਲੀ ਐਲਬਰਟ) - ਮਕਸੂਦਾਂ ਸਥਿਤ ਸੀਟੀ ਗਰੁੱਪ ਆਫ ਇੰਸਟੀਚਿਊਸਨਜ, ਨਾਰਥ ਕੈਂਪਸ ਨੇ ਵਿਸ਼ਵ ਪੱਧਰੀ ਟੈਕਨਾਲੋਜੀ ਦਿਗੰਟ ਸਿਸਕੋ ਨਾਲ ਇੱਕ ਮਹੱਤਵਪੂਰਨ ਭਾਈਵਾਲੀ ਕਰਕੇ ਸਿਸਕੋ ਨੈੱਟਵਰਕਿੰਗ ਅਕੈਡਮੀ ਦਾ ਅਧਿਕਾਰਿਕ ਪਾਰਟਨਰ ਬਣਨ ਦਾ ਗੌਰਵ ਹਾਸਲ ਕੀਤਾ ਹੈ। ਇਸ ਸਾਂਝੇਦਾਰੀ ਰਾਹੀਂ ਵਿਦਿਆਰਥੀਆਂ ਨੂੰ ਨੈੱਟਵਰਕਿੰਗ, ਸਾਈਬਰ ਸੁਰੱਖਿਆ ਅਤੇ ਆਈਟੀ ਖੇਤਰਾਂ ਵਿੱਚ ਵਿਸਵ-ਪੱਧਰੀ ਸਿਖਲਾਈ ਪ੍ਰਾਪਤ ਹੋਵੇਗੀ, ਜੋ ਸਿੱਧੇ ਤੌਰ 'ਤੇ ਗਲੋਬਲ ਇੰਡਸਟਰੀ ਦੀਆਂ ਲੋੜਾਂ ਨਾਲ ਮੇਲ ਖਾਂਦੀ ਹੈ। ਸਿਸਕੋ ਨੈੱਟਵਰਕਿੰਗ ਅਕੈਡਮੀ ਦੁਨੀਆ ਭਰ ਵਿੱਚ ਆਈਟੀ ਹੁਨਰਾਂ ਅਤੇ ਕਰੀਅਰ ਨਿਰਮਾਣ ਲਈ ਸਭ ਤੋਂ ਮਾਣ-ਯੁਕਤ ਪ੍ਰੋਗਰਾਮਾਂ ਵਿੱਚੋਂ ਇੱਕ ਹੈ। ਇਸ ਸਹਿਯੋਗ ਰਾਹੀਂ, ਸੀਟੀ ਗਰੁੱਪ ਦੇ ਵਿਦਿਆਰਥੀਆਂ ਨੂੰ ਹੈਂਡਸ-ਆਨ ਤਜਰਬਾ, ਇੰਡਸਟਰੀ ਮਾਨਤਾ-ਪ੍ਰਾਪਤ ਸਰਟੀਫਿਕੇਟਸ ਅਤੇ ਟੈਕ ਖੇਤਰ ਦੀਆਂ ਚੋਟੀ ਦੀਆਂ ਕੰਪਨੀਆਂ ਦੁਆਰਾ ਮਾਨਤਾ ਪ੍ਰਾਪਤ ਪਾਠਕ੍ਰਮ ਤੱਕ ਪਹੁੰਚ ਮਿਲੇਗੀ। ਕੈਂਪਸ ਡਾਇਰੈਕਟਰ ਡਾ. ਅਨੁਰਾਗ ਸ਼ਰਮਾ ਨੇ ਕਿਹਾ,"ਅਸੀਂ ਸਿਸਕੋ ਦੇ ਵਿਸਵ-ਪ੍ਰਸਿੱਧ ਸਿਖਲਾਈ ਮੋਡਿਊਲਾਂ ਨੂੰ ਆਪਣੇ ਪਾਠਕ੍ਰਮ ਵਿੱਚ ਸ਼ਾਮਲ ਕਰਨ ਲਈ ਬਹੁਤ ਉਤਸ਼ਾਹਿਤ ਹਾਂ। ਇਹ ਪਹਿਲਕਦਮੀ ਵੱਖ-ਵੱਖ ਖੇਤਰਾਂ ਦੇ ਵਿਦਿਆਰਥੀਆਂ ਲਈ ਨਵੇਂ ਅਵਸਰਾਂ ਦੇ ਦਰਵਾਜ਼ੇ ਖੋਲ੍ਹੇਗੀ ।

ਡਾ. ਰਾਜ ਕੁਮਾਰ ਚੱਬੇਵਾਲ ਨੇ ਲੁਧਿਆਣਾ ਵੈਸਟ ਦੀ ਜੇ ਬਲਾਕ ਮਾਰਕੀਟ 'ਚ ਕੀਤਾ ਚੋਣ ਪ੍ਰਚਾਰ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਹੁਸ਼ਿਆਰਪੁਰ ਤੋਂ ਮੈਂਬਰ ਪਾਰੀਲਮੈਂਟ ਡਾ. ਰਾਜ

12-JUNE-PAGE-10.qxd 6/11/2025 10:48 PM Page 1

ਸੀਨੀਅਰ ਸਿਟੀਜ਼ਨ ਵੈੱਲਫੇਅਰ ਸੁਸਾਇਟੀ ਵੱਲੋਂ ਨਸ਼ਿਆਂ ਪ੍ਰਤੀ ਜਾਗਰੂਕਤਾ ਫਲੈਕਸ ਲਾਏ

ਜਲਾਲਾਬਾਦ (ਜੀਤ ਕੁਮਾਰ)-ਪੰਜਾਬ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਚੱਲ ਰਹੀ ਮੁਹਿੰਮ ਤਹਿਤ ਨਸ਼ਿਆਂ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਸੀਨੀਅਰ ਸਿਟੀਜ਼ਨ ਵੈਲਫੇਅਰ ਸੁਸਾਇਟੀ (ਰਜਿ.) ਵੱਲੋਂ ਜਲਾਲਾਬਾਦ ਸ਼ਹਿਰ 'ਚ ਸਾਂਝੀਆਂ ਥਾਵਾਂ ਤੇ ਫਲੈਕਸ ਲਾਏ ਗਏ। ਇਸ ਮੁਹਿੰਮ ਤਹਿਤ ਸੁਸਾਇਟੀ ਦੇ ਪ੍ਰਧਾਨ ਸ਼ਗਨ ਲਾਲ ਡੂਮੜਾ ਦੀ ਅਗੁਵਾਈ ਹੇਠ ਮਾਰਕਿਟ ਕਮੇਟੀ ਦਫਤਰ ਵਿਖੇ ਮੀਟਿੰਗ ਕੀਤੀ ਗਈ, ਜਿਸ ਵਿੱਚ ਵੱਖ-ਵੱਖ ਬੁਲਾਰਿਆਂ ਨੇ ਨਸ਼ਿਆਂ ਦੇ ਖਿਲਾਫ ਆਪੋ ਆਪਣੇ ਵਿਚਾਰ ਪੇਸ਼ ਕੀਤੇ। ਇਸ ਮੌਕੇ ਮਾਰਕਿਟ ਕਮੇਟੀ ਦੇ ਚੇਅਰਮੈਨ ਸ਼੍ਰੀ ਦੇਵ ਰਾਜ ਸ਼ਰਮਾ ਨੇ ਕਿਹਾ ਕਿ ਨਸ਼ਾ ਸ਼ਬਦ ਨਾਸ਼ ਤੋਂ ਬਣਿਆ ਹੈ, ਜਿਹੜੇ ਨਸ਼ਾ ਕਰਦੇ ਹਨ। ਉਨ੍ਹਾਂ ਦਾ ਹਰ ਪੱਖੋਂ ਨਾਸ਼ ਹੋ ਜਾਂਦਾ ਹੈ। ਸਾਨੂੰ ਸਾਰਿਆਂ ਨੂੰ ਕੰਮ ਦਾ ਨਸ਼ਾ, ਭਗਤੀ ਦਾ ਨਸ਼ਾ ਤੇ ਸੇਵਾ ਦਾ ਨਸ਼ਾ ਕਰਨਾ ਚਾਹੀਦਾ ਹੈ। ਇਸ ਮੌਕੇ ਮਾਰਕਿਟ ਕਮੇਟੀ ਦੇ ਚੇਅਰਮੈਨ ਦੇਵ ਰਾਜ ਸ਼ਰਮਾ, ਪ੍ਰਧਾਨ ਸ਼ਗਨ ਲਾਲ ਡੂਮੜਾ, ਸਰਪ੍ਰਸਤ ਡਾ. ਤਿਲਕ ਰਾਜ ਕੁਮਾਰ, ਰਮੇਸ਼ ਕੁਮਾਰ ਵਧਵਾ, ਰਾਜੇਸ਼ ਕੁਮਾਰ ਛਾਬੜਾ, ਸੁਭਾਸ਼ ਕੁਮਾਰ ਕੁਮਾਰ, ਕੇ.ਜੀ. ਸ਼ਰਮਾ, ਅਵਿਨਾਸ਼ ਕੁਮਾਰ ਡੋਡਾ, ਸੁਰਿੰਦਰ ਕੁਮਾਰ ਛਾਬੜਾ, ਟ੍ਰੈਫਿਕ ਪੁਲਿਸ ਇੰਚਾਰਜ ਏ.ਐਸ.ਆਈ. ਸੂਰਜ ਭਾਨ ਥਿੰਦ, ਏ.ਐਸ.ਆਈ. ਬਲਵੰਤ ਸਿੰਘ ਆਦਿ ਮੌਜੂਦ ਸਨ।

8 ਦਿਨਾ ਆਰਟ ਤੇ ਪੇਂਟਿੰਗ ਕੈਂਪ ਦਾ ਸਫ਼ਲ ਆਯੋਜਨ

ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਬੱਚਿਆਂ ਦੀ ਰਚਨਾਤਮਕ ਸੋਚ ਨੂੰ ਉਭਾਰਨ ਤੇ ਉਨ੍ਹਾਂ ਵਿੱਚ ਕਲਾਤਮਕ ਹੁਨਰ ਵਿਕਸਤ ਕਰਨ ਦੇ ਉਦੇਸ਼ ਨਾਲ, ਆਰਟਸਪਾਇਰ ਸ਼ਿਵਾਨੀ ਵੱਲੋਂ 8 ਦਿਨਾਂ ਆਰਟ ਤੇ ਪੇਂਟਿੰਗ ਕੈਂਪ ਦਾ ਆਯੋਜਨ ਕੀਤਾ ਗਿਆ।ਇਹ ਕੈਂਪ 2 ਤੋਂ 10 ਜੂਨ ਤੱਕ ਡੈਫੋਡਿਲਜ਼ ਪਬਲਿਕ ਸਕੂਲ, ਜੁਝਾਰ ਨਗਰ, ਪਟਿਆਲਾ ਵਿੱਚ ਕਰਾਇਆ ਗਿਆ, ਜਿਸ ਵਿੱਚ ਪਟਿਆਲੇ ਦੇ ਕਈ ਇਲਾਕਿਆਂ ਤੋਂ ਬੱਚਿਆਂ ਨੇ ਭਰਪੂਰ ਉਤਸ਼ਾਹ ਨਾਲ ਭਾਗ ਲਿਆ।ਕੈਂਪ ਦੌਰਾਨ ਆਰਟਸਪਾਇਰ ਦੀ ਸੰਸਥਾਪਕ ਤੇ ਆਯੋਜਕ ਸ਼ਿਵਾਨੀ ਨੇ ਖੁਦ ਬੱਚਿਆਂ ਨੂੰ ਨਵੇਂ-ਨਵੇਂ ਆਰਟ ਰੂਪ ਸਿਖਾਏ।ਉਨ੍ਹਾਂ ਨੇ ਬੱਚਿਆਂ ਨੂੰ ਮੋਨੋਕ੍ਰੋਮ ਆਰਟ, ਬੋਹੋ ਆਰਟ, ਵਾਰਲੀ ਆਰਟ, ਆਇਲ ਪੈਸਟਲ ਨਾਲ ਚਿੱਤਰਕਾਰੀ, ਬੋਤਲ ਪੇਂਟਿਗ, ਫੋਟੋ ਫਰੇਮ ਬਣਾਉਣਾ ਤੇ ਭਾਰਤੀ ਪ੍ਰੰਪਰਾਗਤ ਦੀਵਾ ਪੇਂਟਿੰਗ ਵਰਗੀਆਂ ਕਲਾਵਾਂ ਨਾਲ ਜਾਣੂ ਕਰਾਇਆ।ਕੈਂਪ ਦੇ ਅੰਤਿਮ ਦਿਨ ਬੱਚਿਆਂ ਦੀ ਕਲਾਤਮਕ ਕਾਬਲੀਅਤ ਤੇ ਉਨ੍ਹਾਂ ਦੀ ਭਾਗੀਦਾਰੀ ਦੀ ਖੁੱਲ੍ਹੀ ਦਿਲੋਂ ਸਰੀਹਨਾ ਕੀਤੀ ਗਈ।ਆਰਟਸਪਾਇਰ ਦੀ ਸੰਸਥਾਪਕ ਸ਼ਿਵਾਨੀ ਨੇ ਡੈਫੋਡਿਲਜ਼ ਗਰੁੱਪ ਆਫ ਸਕੂਲਜ਼ ਦੇ ਮੈਨੇਜਿੰਗ ਡਾਇਰੈਕਟਰ ਹਰਪ੍ਰੀਤ ਸਿੰਘ ਸੰਧੂ ਤੇ ਉਨ੍ਹਾਂ ਦੀ ਟੀਮ ਦਾ ਤਹਿ ਦਿਲੋਂ ਧੰਨਵਾਦ ਕੀਤਾ, ਜਿਨ੍ਹਾਂ ਨੇ ਕੈਂਪ ਕਰਾਉਣ ਲਈ ਪੂਰੀ ਸਹਿਯੋਗ ਦਿੱਤਾ ਅਤੇ ਮੰਚ ਉਪਲਬਧ ਕਰਾਇਆ।

ਮਲੇਰੀਏ ਤੇ ਡੇਂਗੂ ਤੋਂ ਬਚਾਅ ਲਈ ਨਗਰ ਪੰਚਾਇਤ ਨੁਮਾਇੰਦੇ ਲਾਪ੍ਰਵਾਹ

ਭੀਖੀ (ਧਰਮਵੀਰ ਸ਼ਰਮਾ)-ਮਲੇਰੀਏ ਤੇ ਡੇਂਗੂ ਤੋਂ ਬਚਾਅ ਦੇ ਲਈ ਬੇਸ਼ੱਕ ਸਿਹਤ ਵਿਭਾਗ ਵੱਲੋਂ ਹਰ ਸ਼ੁੱਕਰਵਾਰ ਘਰਾਂ ਵਿੱਚ ਜਾ ਕੇ ਲੋਕਾਂ ਨੂੰ ਮੱਛਰ ਤੋਂ ਬਚਾਅ ਲਈ ਜਾਗਰੂਕ ਕੀਤਾ ਜਾਂਦਾ ਹੈ, ਪ੍ਰੰਤੂ ਨਗਰ ਦੀ ਮਾਣ ਸੰਸਥਾ ਨਗਰ ਪੰਚਾਇਤ ਦੇ ਨੁਮਾਇੰਦਿਆਂ ਨੇ ਜ਼ਹਿਰੀਲੇ ਮੱਛਰਾਂ ਤੋਂ ਸ਼ਹਿਰੀਆਂ ਦੇ ਬਚਾਅ ਲਈ ਲਾਪ੍ਰਵਾਹੀ ਵਰਤੀ ਹੋਈ ਹਨ। ਐਸ.ਐਮ.ਓ. ਭੀਖੀ ਡਾ. ਨਿਰਮਲ ਸਿੰਘ ਨੇ ਦੱਸਿਆ ਕਿ ਲੋਕਾਂ ਨੂੰ ਮਲੇਰੀਆ ਤੇ ਡੇਂਗੂ ਤੋਂ ਬਚਾਉਣ ਲਈ ਸਿਹਤ ਵਿਭਾਗ ਅਗਾਊਂ ਤੋਂ ਹੀ ਚੁਸਤ ਹੈ ਤੇ ਸਰਕਾਰ ਦੀਆਂ ਹਦਾਇਤਾਂ 'ਤੇ ਹਰ ਸ਼ੁੱਕਰਵਾਰ ਨੂੰ ਵੱਖ-ਵੱਖ ਵਾਰਡਾਂ ਵਿੱਚ ਲੋਕਾਂ ਦੇ ਘਰਾਂ ਵਿੱਚ ਜਾ ਕੇ ਉਨ੍ਹਾਂ ਨੂੰ ਮੱਛਰ ਤੋਂ ਬਚਾਅ ਲਈ ਘਰ ਵਿੱਚ ਕੂਲਰ, ਫਰਿੰਜਾਂ, ਗਮਲੇ ਅਤੇ ਘਰ ਵਿੱਚ ਮੌਜੂਦ ਵਾਧੂ ਸਮਾਨ ਆਦਿ ਵਿੱਚ ਪਾਣੀ ਜਮ੍ਹਾਂ ਨਾ ਹੋਣ ਦੇਣ ਪ੍ਰਤੀ ਜਾਗਰੂਕ ਕੀਤਾ ਜਾ ਰਿਹਾ ਹੈ ਤਾਂ ਜੁ ਸ਼ਹਿਰੀਆਂ ਦਾ ਇਨ੍ਹਾਂ ਬਿਮਾਰੀਆਂ ਤੋਂ ਬਚਾਅ ਹੋ ਸਕੇ। ਦੂਜੇ ਪਾਸੇ ਨਗਰ ਪੰਚਾਇਤ ਦੀ ਫੋਗਿੰਗ ਮਸ਼ੀਨ ਲੰਮੇ ਸਮੇਂ ਤੋਂ ਖਰਾਬ ਪਈ ਹੈ ਅਤੇ ਸ਼ਹਿਰ ਵਿੱਚ ਫੋਗਿੰਗ ਲਈ ਵਰਤੇ ਜਾਣ ਵਾਲੇ ਮਾਈਕਰੋ ਟਰੱਕ ਵੀ ਪੰਚਾਇਤ ਨੇ ਹੋਰ ਕਾਰਜ ਵਿੱਚ ਲਗਾ ਲਿਆ ਹੈ। ਵਿਭਾਗੀ ਸੂਤਰਾਂ ਅਨੁਸਾਰ ਲੰਬੇ ਸਮੇਂ ਤੋਂ ਫੋਗਿੰਗ ਮਸ਼ੀਨ ਖਰਾਬ ਹੈ ਤੇ ਪਿਛਲੇ ਸੀਜਨ ਦੌਰਾਨ ਵੀ ਇੱਕ-ਦੋ ਵਾਰ ਹੀ ਇਸਦੀ ਵਰਤੋਂ ਕੀਤੀ ਗਈ ਹੈ, ਪ੍ਰੰਤੂ ਨਗਰ ਪੰਚਾਇਤ ਕੋਲ ਫਰਨੀਚਰ ਆਦਿ ਖਰੀਦਣ ਨੂੰ ਫੰਡ ਤਾਂ ਹਨ, ਪ੍ਰੰਤੂ ਸ਼ਹਿਰ ਵਿੱਚ ਫੋਗਿੰਗ ਕਰਾਉਣ ਲਈ ਮਸ਼ੀਨ ਦੀ ਰਿਪੇਅਰ ਵੱਲ ਉੱਕਾ ਧਿਆਨ ਨਹੀਂ। ਉਧਰ ਇਸ ਮਾਮਲੇ ਵਿੱਚ ਵਰੁਨ ਕੁਮਾਰ ਸਹੋਤਾ ਨਾਲ ਗੱਲਬਾਤ ਕਰਨੀ ਚਾਹੀ ਤਾਂ ਉਨ੍ਹਾਂ ਫੋਨ ਚੁੱਕਣਾ ਮੁਨਾਸਿਬ ਨਹੀਂ ਸਮਝਿਆ।

ਦੰਦਰਾਲਾ ਢੀਂਡਸਾ 'ਚ ਦਸਤਾਰ ਸਿਖਲਾਈ ਕੈਂਪ ਤੇ ਦਸਤਾਰ ਮੁਕਾਬਲੇ ਕਰਾਏ

ਨਾਭਾ (ਵਰਿੰਦਰ ਵਰਮਾ)-ਦਸਤਾਰ ਖੇਤਰ ਵਿੱਚ ਸੇਵਾਵਾਂ ਨਿਭਾਅ ਰਹੀ ਸੰਸਥਾ ਵਿਰਸਾ ਸੰਭਾਲ ਸਰਦਾਰੀ ਲਹਿਰ ਪੰਜਾਬ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸ਼ਹੀਦੀ ਸ਼ਤਾਬਦੀ ਨੂੰ ਸਮਰਪਤ 'ਸਰਦਾਰੀ ਲਹਿਰ ਤਹਿਤ' ਉਪਰਾਲੇ ਲਗਾਤਾਰ ਜਾਰੀ ਰਹਿੰਦੇ ਹਨ, ਜਿਸ ਲੜੀ ਤਹਿਤ ਗੁਰਦੁਆਰਾ ਬਾਬਾ ਭਾਈ ਮੂਲ ਚੰਦ ਸਾਹਿਬ ਜੀ ਪਿੰਡ ਦੰਦਰਾਲਾ ਢੀਂਡਸਾ ਵਿਖੇ ਸੁੰਦਰ ਦਸਤਾਰ ਮੁਕਾਬਲੇ ਕਰਾਏ ਗਏ।ਵਿਰਸਾ ਸੰਭਾਲ ਸਰਦਾਰੀ ਲਹਿਰ ਪੰਜਾਬ ਦੇ ਮੁੱਖ ਸੇਵਾਦਾਰ ਡਾ. ਮਨਦੀਪ ਸਿੰਘ ਖੁਰਦ ਤੇ ਸੰਸਥਾ ਦੇ ਚੀਫ ਐਡਵਾਈਜ਼ਰ ਅਮਨਦੀਪ ਸਿੰਘ ਰਤਨ ਨੇ ਦੱਸਿਆ ਕਿ ਦਸਤਾਰ ਮੁਕਾਬਲੇ ਦੌਰਾਨ ਸੈਂਕੜੇ ਬੱਚਿਆਂ ਨੇ ਭਾਗ ਲਿਆ। ਜੇਤੂ ਬੱਚਿਆਂ ਨੂੰ ਹਜ਼ਾਰਾਂ ਦੇ ਨਕਦ ਇਨਾਮ ਯਾਦਗਾਰੀ ਸਨਮਾਨ ਚਿੰਨ੍ਹ ਤੇ ਦਸਤਾਰਾਂ ਨਾਲ ਸਨਮਾਨਤ ਕੀਤਾ ਗਿਆ, ਨਾਲ ਹੀ ਭਾਗ ਲੈਣ ਵਾਲੇ ਸਾਰੇ ਬੱਚਿਆਂ ਨੂੰ ਪ੍ਰਸ਼ੰਸਾ ਪੱਤਰ ਤੇ ਮੈਡਲਾਂ ਨਾਲ ਸਨਮਾਨਤ ਕੀਤਾ ਗਿਆ।ਵਿਰਸਾ ਸੰਭਾਲ ਸਰਦਾਰੀ ਲਹਿਰ ਪੰਜਾਬ ਦੇ ਇੰਟਰਨੈਸ਼ਨਲ ਦਸਤਾਰ ਕੋਚਾਂ ਵੱਲੋਂ ਜੱਜਮੈਂਟ ਦੀ ਭੂਮਿਕਾ ਨਿਭਾਈ ਗਈ।ਡਾ. ਮਨਦੀਪ ਸਿੰਘ ਨੇ ਕਿਹਾ ਕਿ ਬੱਚਿਆਂ ਤੇ ਨੌਜਵਾਨਾਂ ਪੀੜ੍ਹੀ ਨੂੰ ਆਪਣੇ ਵਿਰਸੇ ਤੇ ਦਸਤਾਰ ਨਾਲ ਜੋੜਨ ਲਈ ਉਪਰਾਲੇ ਲਗਾਤਾਰ ਜਾਰੀ ਰਹਿੰਦੇ ਹਨ, ਜਿਸ ਤਹਿਤ ਪਿੰਡਾਂ, ਸ਼ਹਿਰਾਂ, ਸਕੂਲਾਂ, ਕਾਲਜਾਂ ਤੇ ਯੂਨੀਵਰਸਿਟੀਆਂ ਵਿੱਚ ਦਸਤਾਰ ਸਿਖਲਾਈ ਕੈਂਪ ਤੇ ਦਸਤਾਰ ਮੁਕਾਬਲੇ ਕਰਵਾਏ ਜਾ ਰਹੇ ਹਨ।

ਪੰਜਾਬ ਨੰਬਰਦਾਰ ਯੂਨੀਅਨ ਸਮਰਾ ਦੀ ਮੀਟਿੰਗ 'ਚ ਅਹਿਮ ਵਿਚਾਰਾਂ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਪੰਜਾਬ ਨੰਬਰਦਾਰ ਯੂਨੀਅਨ ਸਮਰਾ ਦੀ ਤਹਿਸੀਲ ਪੱਧਰੀ ਮੀਟਿੰਗ ਇਤਿਹਾਸਕ ਗੁਰਦੁਆਰਾ ਸਾਹਿਬ ਛੇਵੀਂ ਪਾਤਸ਼ਾਹੀ ਮਹਿਲ ਕਲਾਂ ਵਿਖੇ ਹੋਈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਹਰਦਰਸ਼ਨ ਸਿੰਘ ਕੋਟਦੂਨਾ ਨੇ ਕਿਹਾ ਕਿ ਨੰਬਰਦਾਰਾਂ ਨੂੰ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਇਕਜੁੱਟ ਹੋ ਕੇ ਪੰਜਾਬ ਨੰਬਰਦਾਰ ਯੂਨੀਅਨ ਦੇ ਸੂਬਾ ਆਗੂਆਂ ਦੀ ਅਗਵਾਈ ਹੇਠ ਲੜ ਰਹੇ ਸੰਘਰਸ਼ ਵਿੱਚ ਸ਼ਾਮਲ ਹੋਣਾ ਚਾਹੀਦਾ ਹੈ। ਤਹਿਸੀਲ ਪ੍ਰਧਾਨ ਕਲਟਰ ਸਿੰਘ ਪੰਡੋਰੀ, ਬਲਵੀਰ ਸਿੰਘ ਮਹਿਲ ਖੁਰਦ, ਮਹਿੰਦਰ ਸਿੰਘ ਸਹੌਰ ਨੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਨੰਬਰਦਾਰਾਂ ਨੂੰ ਆਨਲਾਈਨ ਆਈ ਡੀ ਸਿਸਟਮ ਚਲਾਉਣ ਲਈ ਤਹਿਸੀਲ ਪੱਧਰ 'ਤੇ ਟ੍ਰੇਨਿੰਗ ਦਿੱਤੀ ਜਾਵੇ। ਸਰਕਾਰ ਦੀ ਨਸ਼ਾ ਵਿਰੁੱਧ ਮੁਹਿੰਮ 'ਚ ਸਮੂਹ ਨੰਬਰਦਾਰ ਭਾਈਚਾਰਾ ਡੱਟ ਕੇ ਸਾਥ ਦੇ ਰਿਹਾ ਹੈ, ਪਰ ਕੁਝ ਲੋਕਾਂ ਵੱਲੋਂ ਗ੍ਰਿਫ਼ਤਾਰ ਨਸ਼ੇੜੀਆਂ ਦੀ ਜਮਾਨਤ ਕਰਵਾਈ ਜਾਂਦੀ ਹੈ, ਜਿਸ ਨੂੰ ਰੋਕਿਆ ਜਾਵੇ। ਆਗੂਆਂ ਨੇ ਸਪੱਸ਼ਟ ਕਿਹਾ ਕਿ ਜੇਕਰ ਸਰਕਾਰ ਨੇ ਨੰਬਰਦਾਰ ਭਾਈਚਾਰੇ ਦੀਆਂ ਹੱਕੀ ਮੰਗਾਂ ਪ੍ਰਤੀ ਧਿਆਨ ਨਾ ਦਿੱਤਾ, ਤਾਂ ਜਥੇਬੰਦੀ ਵੱਲੋਂ ਸੂਬਾ ਕਮੇਟੀ ਦੀ ਅਗਵਾਈ ਹੇਠ ਤਿੱਖੇ ਸੰਘਰਸ਼ ਦਾ ਬਿਗੁਲ ਵਜਾਇਆ ਜਾਵੇਗਾ। ਇਸ ਮੌਕੇ ਸੁਖਵਿੰਦਰ ਸਿੰਘ ਠੁੱਲੀਵਾਲ, ਜਸਵੰਤ ਸਿੰਘ ਕਲਾਲ ਮਾਜਰਾ, ਹਰਜਿੰਦਰ ਸਿੰਘ ਹਮੀਦੀ, ਦਿਲਬਾਗ ਸਿੰਘ ਲੋਹਗੜ੍ਹ, ਕਰਮਜੀਤ ਸਿੰਘ, ਚਮਕੌਰ ਸਿੰਘ, ਮਨਮੋਹਨ ਸਿੰਘ ਠੁੱਲੀਵਾਲ, ਮਨਜੀਤ ਸਿੰਘ ਕੁਰੜ, ਦਰਸ਼ਨ ਸਿੰਘ ਸਹੌਰ ਨੇ ਹੱਕੀ ਮੰਗਾਂ ਦੀ ਪ੍ਰਾਪਤੀ ਲਈ ਸਮੂਹ ਨੰਬਰਦਾਰ ਭਾਈਚਾਰੇ ਨੂੰ ਆਪਣੀ ਜਥੇਬੰਦਕ ਸ਼ਕਤੀ ਹੋਰ ਮਜ਼ਬੂਤ ਬਣਾਉਣ ਦੀ ਅਪੀਲ ਕੀਤੀ।

ਸ਼੍ਰੋਮਣੀ ਅਕਾਲੀ ਦਲ ਨੇ ਹਮੇਸ਼ਾ ਪੰਜਾਬ ਤੇ ਪੰਜਾਬੀਆਂ ਦੀ ਭਲਾਈ ਲਈ ਕੰਮ ਕੀਤਾ : ਪੱਤੋ

ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)-ਸ਼੍ਰੋਮਣੀ ਅਕਾਲੀ ਦਲ ਇੱਕ ਮਾਤਰ ਪਾਰਟੀ ਹੈ, ਜਿਸ ਨੇ ਹਮੇਸ਼ਾ ਪੰਜਾਬ ਅਤੇ ਪੰਜਾਬੀਆਂ ਦੀ ਭਲਾਈ ਲਈ ਕੰਮ ਕੀਤਾ ਹੈ ਅਤੇ ਲੋਕਾਂ ਦੀਆਂ ਮੰਗਾਂ ਅਤੇ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਵਾਇਆ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਨ ਸਭਾ ਹਲਕਾ ਨਿਹਾਲ ਸਿੰਘ ਵਾਲਾ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਖਣਮੁੱਖ ਭਾਰਤੀ ਪੱਤੋ ਨੇ ਪ੍ਰੈਸ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਚੋਣਾਂ ਦੌਰਾਨ ਸੂਬੇ ਦੇ ਲੋਕਾਂ ਨਾਲ ਕੀਤੇ ਗਏ ਵਾਅਦੇ ਅਜੇ ਤੱਕ ਪੂਰੇ ਨਹੀਂ ਕੀਤੇ ਗਏ ਜਿਸ ਕਾਰਨ ਲੋਕਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਖਣਮੁੱਖ ਭਾਰਤੀ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੇ ਹਮੇਸ਼ਾ ਪੰਜਾਬ ਅਤੇ ਪੰਜਾਬੀਆਂ ਦੇ ਹੱਕਾਂ ਲਈ ਆਵਾਜ਼ ਬੁਲੰਦ ਕੀਤੀ ਹੈ ਅਤੇ ਭਵਿੱਖ 'ਚ ਵੀ ਪਾਰਟੀ ਇਸੇ ਤਰ੍ਹਾਂ ਪੰਜਾਬੀਆਂ ਦੀ ਸੇਵਾ ਕਰਦੀ ਰਹੇਗੀ। ਉਨ੍ਹਾਂ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਚ ਸ਼੍ਰੋਮਣੀ ਅਕਾਲੀ ਦਲ ਭਾਰੀ ਬਹੁਮਤ ਨਾਲ ਜਿੱਤ ਪ੍ਰਾਪਤ ਕਰੇਗਾ ਅਤੇ ਪੰਜਾਬ 'ਚ ਆਪਣੀ ਸਰਕਾਰ ਬਣਾਏਗਾ।

ਭੋੜੇ ਸਾਈਫਨ ਦੀ ਸਫਾਈ ਨਾ ਹੋਣ ਕਾਰਨ ਕਿਸਾਨਾਂ ਦੇ ਹੱਕ 'ਚ ਨਿੱਤਰੀ ਬੀ ਕੇ ਯੂ ਏਕਤਾ ਉਗਰਾਹਾਂ

ਨਾਭਾ (ਵਰਿੰਦਰ ਵਰਮਾ)

ਭੋੜ੍ਹੇ ਸਾਈਫਨ ਦੀ ਸਫਾਈ ਨਾ ਹੋਣ ਦੇ ਮਾਮਲੇ ਵਿੱਚ ਬਰਸਾਤ ਦੇ ਦਿਨਾਂ ਵਿੱਚ ਪਾਣੀ ਦੀ ਮਾਰ ਹੇਠ ਆ ਰਹੇ ਦਰਜਨਾਂ ਪਿੰਡਾਂ ਦੇ ਲੋਕਾਂ ਦੇ ਹੱਕ ਵਿੱਚ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਸੀਨੀਅਰ ਆਗੂ ਬਲਾਕ ਨਾਭਾ ਦੇ ਜਨਰਲ ਸਕੱਤਰ ਜਸਵਿੰਦਰ ਸਿੰਘ ਸਾਲੂਵਾਲ ਨੇ ਵੱਡਾ ਐਲਾਨ ਕਰਦਿਆਂ ਕਿਹਾ ਕਿ ਜੇਕਰ ਹਫਤੇ ਤੱਕ ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਵੱਲੋਂ ਭੋੜੇ ਸਾਈਫਨ ਦੀ ਸਫਾਈ ਦਾ ਕੰਮ ਸ਼ੁਰੂ ਨਾ ਕੀਤਾ ਗਿਆ ਤਾਂ ਸਾਨੂੰ ਮਜਬੂਰਨ ਪਾਣੀ ਦੀ ਮਾਰ ਝੱਲ ਰਹੇ ਇਨ੍ਹਾਂ 20-25 ਪਿੰਡਾਂ ਤੋਂ ਇਲਾਵਾ ਇਲਾਕੇ ਦੇ ਹੋਰ ਪਿੰਡਾਂ ਦੇ ਕਿਸਾਨਾਂ ਨੂੰ ਵੀ ਨਾਲ ਲੈ ਕੇ ਘਿਰਾਓ ਕਰਨ ਲਈ ਮਜਬੂਰ ਹੋਣਾ ਪਵੇਗਾ।ਮਾਮਲਾ ਦੱਸਣਯੋਗ ਹੈ ਕਿ ਨਾਭਾ ਦੇ ਨੇੜਲੇ ਦਰਜਨਾਂ ਪਿੰਡਾਂ ਨੂੰ ਹਰ ਸਾਲ ਭੋੜੇ ਸਾਈਫ਼ਨ ਤੇ ਬਰਸਾਤੀ ਸਰਹੰਦ ਚੋਆ ਦੀ ਸਫਾਈ ਨਾ ਹੋਣ ਕਾਰਨ ਬਰਸਾਤਾਂ ਦੇ ਦਿਨਾਂ ਵਿੱਚ ਪਾਣੀ ਦੀ ਵੱਡੀ ਮਾਰ ਝੱਲਣੀ ਪੈਂਦੀ ਹੈ ਅਤੇ ਜਿਸ ਨਾਲ ਹਜ਼ਾਰਾਂ ਏਕੜ ਫਸਲ ਪਾਣੀ ਦੀ ਮਾਰ ਹੇਠ ਆਉਣ ਕਾਰਨ ਤਬਾਹ ਹੋ ਜਾਂਦੀ ਹੈ, ਜਿਸ ਦਾ ਕਿਸਾਨਾਂ ਨੂੰ ਪਿਛਲੇ ਲੰਮੇ ਸਮੇਂ ਤੋਂ ਹਰ ਸਾਲ ਫ਼ਸਲਾਂ ਦੇ ਨੁਕਸਾਨ ਦਾ ਵੱਡਾ ਖਮਿਆਜਾ ਭੁਗਤਣਾ ਪੈਂਦਾ ਹੈ। ਇਲਾਕੇ ਦੇ ਕਿਸਾਨਾਂ ਨੇ ਕਿਹਾ ਕਿ ਜਦੋਂ ਕਿਸਾਨਾਂ ਦੀਆਂ ਫਸਲਾਂ ਤਬਾਹ ਹੋ ਜਾਂਦੀਆਂ ਹਨ ਤੇ ਫਿਰ ਆ ਕੇ ਰਾਜਨੀਤਕ ਆਗੂ ਫੋਟੋ ਸੈਸ਼ਨ ਕਰਾਉਂਦੇ ਹੋਏ ਕਿਸਾਨਾਂ ਦੇ ਹਮਦਰਦ ਹੋਣ ਦੇ ਝੂਠੇ ਡਰਾਮੇ ਕਰਦੇ ਹਨ ਤੇ ਫੋਕੀ ਵਾਹ ਵਾਹ ਖੱਟਣ ਅਤੇ ਰਾਜਨੀਤਕ ਰੋਟੀਆਂ ਸੇਕਣ ਲਈ ਪੀੜਤ ਕਿਸਾਨਾਂ ਨਾਲ ਵੱਡੇ ਵੱਡੇ ਵਾਅਦੇ ਕਰਕੇ ਜਾਂਦੇ ਹਨ, ਪ੍ਰੰਤੂ ਉਹ ਵਾਅਦੇ ਕੇਵਲ ਅਖਬਾਰੀ ਬਿਆਨ ਤੇ ਇਲੈਕਟ੍ਰਾਨਿਕ ਮੀਡੀਆ ਦੀਆਂ ਬ੍ਰੇਕਿੰਗ ਨਿਊਜ਼ ਬਣ ਕੇ ਹੀ ਰਹਿ ਜਾਂਦੇ ਹਨ ਤੇ ਕਿਸਾਨ ਵਿਚਾਰੇ ਮਰੀਆਂ ਹੋਈਆਂ ਫ਼ਸਲਾਂ ਦੇ ਮੁਆਵਜ਼ੇ ਦੀ ਆਸ ਉਮੀਦਾਂ ਰੱਖਦੇ ਹੋਏ ਦਿਨੋਂ ਦਿਨ ਕਰਜ਼ਾਈ ਹੋ ਜਾਂਦੇ ਹਨ। ਆਖਰਕਾਰ ਖੁਦਕਸ਼ੀਆਂ ਦਾ ਰਾਹ ਅਪਣਾ ਲੈਂਦੇ ਹਨ।ਕਿਸਾਨਾਂ ਨੇ ਕਿਹਾ ਕਿ ਪਿਛਲੇ ਛੇ ਮ

12-June--page-11-Majha-2025-Add.qxd 6/11/2025 10:47 PM Page 1

ਮੇਅਰ ਦਾ ਸਨਮਾਨ ਨਾ ਕਰਕੇ ਸੰਵਿਧਾਨ ਦਾ ਅਪਮਾਨ ਕੀਤਾ: ਤਲਵਾੜ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)–ਭਾਰਤੀ ਸੰਵਿਧਾਨ ਵਿੱਚ, ਦੇਸ਼ ਦੇ ਪਹਿਲੇ ਨਾਗਰਿਕ ਦਾ ਸਨਮਾਨ ਉਸ ਦੇਸ਼ ਦੇ ਰਾਸ਼ਟਰਪਤੀ ਨੂੰ ਦਿੱਤਾ ਜਾਂਦਾ ਹੈ ਅਤੇ ਉਸੇ ਤਰ੍ਹਾਂ ਕਿਸੇ ਵੀ ਸ਼ਹਿਰ ਦੇ ਮੇਅਰ ਜਾ ਨਗਰਪਾਲਿਕਾ ਦੇ ਪ੍ਰਧਾਨ ਨੂੰ ਪਹਿਲੇ ਸ਼ਹਿਰੀ ਦੇ ਸਨਮਾਨ ਨਾਲ ਨਿਵਾਜਿਆ ਗਿਆ ਹੈ ਅਤੇ ਜਦੋਂ ਵੀ ਕੋਈ ਸਰਕਾਰੀ ਪ੍ਰੋਗਰਾਮ ਹੁੰਦਾ ਹੈ ਤਾਂ ਪ੍ਰੋਟੋਕੋਲ ਦੇ ਅਨੁਸਾਰ ਜੇਕਰ ਮਾਨਯੋਗ ਰਾਸ਼ਟਰਪਤੀ ਵੀ ਸ਼ਹਿਰ ਵਿੱਚ ਆਉਣ ਤਾਂ ਮੇਹਰ ਦੀ ਕੁਰਸੀ ਉਨ੍ਹਾਂ ਦੇ ਨਾਲ ਲਗਾਈ ਜਾਂਦੀ ਹੈ ਪਰ ਬੀਤੇ ਦਿਨੀਂ ਮਾਣਯੋਗ ਰਾਜਪਾਲ ਦੇ ਹੁਸ਼ਿਆਰਪੁਰ ਆਉਣ 'ਤੇ ਮੌਜੂਦਾ ਵਿਧਾਇਕ ਦੀ ਹਾਜ਼ਰੀ ਵਿੱਚ ਜਿਸ ਕਦਰ ਸ਼ਹਿਰ ਦੇ ਪਹਿਲੇ ਨਾਗਰਿਕ ਨਗਰ ਨਿਗਮ ਦੇ ਮੇਅਰ ਸੁਰਿੰਦਰ ਕੁਮਾਰ ਨੂੰ ਕੁਰਸੀ ਨਾ ਦੇ ਕੇ ਉਨ੍ਹਾਂ ਨੂੰ ਪਿੱਛੇ ਖੜਾ ਹੋਣ ਦੇ ਲਈ ਬੇਵਸ ਕੀਤਾ ਗਿਆ ਇਸ ਤੋਂ ਪਤਾ ਚਲਦਾ ਹੈ ਕਿ ਪੰਜਾਬ ਵਿੱਚ ਗੈਰ-ਜ਼ਿੰਮੇਵਾਰਾਨਾ ਸਰਕਾਰ ਚੱਲ ਰਹੀ ਹੈ।ਤਲਵਾੜ ਨੇ ਕਿਹਾ ਕਿ ਹੈਰਾਨੀ ਤਾਂ ਇਸ ਗੱਲ ਦੀ ਹੈ ਕਿ ਇਹ ਸਾਰੇ ਪ੍ਰੋਟੋਕੋਲ ਦੀ ਜ਼ਿੰਮੇਵਾਰੀ ਵਿਸ਼ੇਸ਼ ਪ੍ਰਸ਼ਾਸਨਿਕ ਅਧਿਕਾਰੀ ਦੀ ਹੁੰਦੀ ਹੈ ਅਤੇ ਉਸ ਨੇ ਵੀ ਇਸ ਵੱਲ ਕੋਈ ਧਿਆਨ ਨਹੀਂ ਦਿੱਤਾ ਅਤੇ ਖੁਦ ਪ੍ਰੋਗਰਾਮ ਵਿੱਚ ਕੁਰਸੀ 'ਤੇ ਬੈਠੇ ਸਨ।ਉਨ੍ਹਾਂ ਨੇ ਕਿਹਾ ਕਿ ਪੰਜਾਬ ਵਿੱਚ ਪਹਿਲੇ ਸੱਤਾ 'ਤੇ ਕਾਬਜ਼ ਨੇਤਾਵਾਂ ਵੱਲੋਂ ਵਿਰੋਧੀਆਂ ਨੂੰ ਜ਼ਲੀਲ ਕਰਨ ਦੀਆਂ ਘਟਨਾਵਾਂ ਆਮ ਦੇਖਣ ਨੂੰ ਮਿਲ ਰਹੀਆਂ ਹਨ ਪਰ ਹੁਣ ਤਾਂ ਸੰਵਿਧਾਨਿਕ ਪੋਸਟ ਅਤੇ ਆਪਣੀ ਹੀ ਪਾਰਟੀ ਦੇ ਮੇਹਰ ਨੂੰ ਜਿਸ ਤਰ੍ਹਾਂ ਜ਼ਲੀਲ ਕੀਤਾ ਗਿਆ ਹੈ ਉਸ ਨਾਲ ਇਹ ਗੱਲ ਸਪਸ਼ਟ ਹੋ ਗਈ ਹੈ ਕਿ ਪੰਜਾਬ ਦੀ ਜਨਤਾ ਨੇ ਜਿਨ੍ਹਾਂ ਲੋਕਾਂ ਨੂੰ ਪੰਜਾਬ ਦੀ ਵਾਗਡੋਰ ਸੰਭਾਲੀ ਸੀ ਉਹ ਇਸ ਕਾਬਲ ਨਹੀਂ ਸਨ।ਤਲਵਾੜ ਨੇ ਦੱਸਿਆ ਕਿ ਉਨ੍ਹਾਂ ਨੇ ਇੱਕ ਪੱਤਰ ਦੇ ਰਾਹੀਂ ਇਹ ਸਾਰੀ ਘਟਨਾ ਮਾਨਯੋਗ ਰਾਜਪਾਲ ਦੇ ਧਿਆਨ ਵਿੱਚ ਲਿਆ ਕੇ ਚੁਣੇ ਨੁਮਾਇੰਦਿਆਂ ਦਾ ਬਣਦਾ ਸਤਿਕਾਰ ਦੇਣ ਦੀ ਮੰਗ ਕੀਤੀ ਹੈ।

ਬਿਜਲੀ ਕਾਮੇ ਤੇ ਪੈਨਸ਼ਨਰ 15 ਜੂਨ ਨੂੰ ਲੁਧਿਆਣੇ ਕਰਨਗੇ ਵਿਸ਼ਾਲ ਰੋਸ ਰੈਲੀ

* ਭਲਕ ਤੋਂ ਵਰਕ ਟੂ ਰੂਲ ਲਾਗੂ ਕਰਕੇ ਸੰਘਰਸ਼ ਨੂੰ ਕਰਾਂਗੇ ਹੋਰ ਤਿੱਖਾ: ਆਗੂ

ਤਰਨਤਾਰਨ (ਪ੍ਰਿਤਪਾਲ ਸਿੰਘ)–ਬਿਜਲੀ ਕਾਮਿਆਂ ਦੀਆਂ ਇਕ ਦਰਜਨ ਤੋਂ ਵੱਧ ਮੁਲਾਜ਼ਮ ਜਥੇਬੰਦੀਆਂ ਦੇ ਆਧਾਰਿਤ ਬਣੇ ਪੀਐੱਸਈਬੀ ਇੰਪਲਾਈਜ਼ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ, ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰਜ਼, ਗਰਿੱਡ ਸਬ ਸਟੇਸ਼ਨ ਇੰਪਲਾਈਜ਼ ਯੂਨੀਅਨ (ਰਜਿ ਨੰ 24) ਅਤੇ ਪੈਨਸ਼ਨਰ ਜਥੇਬੰਦੀਆਂ ਪਾਵਰਕਾਮ ਅਤੇ ਟ੍ਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ ਏਟਕ, ਪੈਨਸ਼ਨਰ ਵੈੱਲਫੇਅਰ ਫੈਡਰੇਸ਼ਨ ਪਾਵਰਕਾਮ ਅਤੇ ਟ੍ਰਾਂਸਕੋ ਦੇ ਆਗੂਆਂ ਦੀ ਹੰਗਾਮੀ ਵਰਚੂਅਲ ਮੀਟਿੰਗ ਸਾਥੀ ਰਤਨ ਸਿੰਘ ਮਜਾਰੀ ਅਤੇ ਗੁਰਪ੍ਰੀਤ ਸਿੰਘ ਗੰਡੀਵਿੰਡ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਹਿੱਸਾ ਲੈਣ ਵਾਲੇ ਆਗੂਆਂ ਨੇ 02 ਜੂਨ ਨੂੰ ਮਾਣਯੋਗ ਬਿਜਲੀ ਮੰਤਰੀ ਹਰਭਜਨ ਸਿੰਘ ਈਟੀਓ ਦੀ ਪ੍ਰਧਾਨਗੀ ਹੇਠ ਪਾਵਰ ਮੈਨੇਜਮੈਂਟ ਨਾਲ ਮੁਹਾਲੀ ਵਿਖੇ ਹੋਈ ਮੀਟਿੰਗ ਸਬੰਧੀ ਬੀਤੇ ਕੱਲ੍ਹ ਜਾਰੀ ਹੋਏ ਮਿੰਟਸ ਆਫ ਮੀਟਿੰਗ ਅਤੇ ਅਗਲੇ ਸੰਘਰਸ਼ੀ ਪ੍ਰੋਗਰਾਮ ਬਾਰੇ ਵਿਚਾਰ ਚਰਚਾ ਕੀਤੀ। ਆਗੂਆਂ ਨੇ ਦੱਸਿਆ ਕਿ ਬੇਸ਼ੱਕ 2 ਜੂਨ ਨੂੰ ਮਾਣਯੋਗ ਬਿਜਲੀ ਮੰਤਰੀ ਵੱਲੋਂ ਮੁਲਾਜ਼ਮਾਂ ਦੀਆਂ ਮੰਗਾਂ ਜਲਦੀ ਹੱਲ ਕਰਨ ਦਾ ਜਥੇਬੰਦੀਆਂ ਨੂੰ ਭਰੋਸਾ ਦਿੱਤਾ ਗਿਆ ਸੀ ਪ੍ਰੰਤੂ ਹਾਲੇ ਤੱਕ ਇਸ ਸੰਬੰਧੀ ਕੋਈ ਵੀ ਕਾਰਵਾਈ ਬਿਜਲੀ ਨਿਗਮ ਦੀ ਮੈਨੇਜਮੈਂਟ ਵੱਲੋਂ ਸ਼ੁਰੂ ਨਹੀਂ ਕੀਤੀ ਗਈ ਜਿਸ ਨੂੰ ਲੈ ਕੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ ਕਿਉਂਕਿ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਪ੍ਰਮੁੱਖ ਮੰਗਾਂ ਜਿਵੇਂ ਕਿ ਅਦਾਰੇ ਅੰਦਰ ਨਿੱਜੀਕਰਨ ਦੀ ਪ੍ਰਕ੍ਰਿਆ ਨੂੰ ਵਾਪਿਸ ਲੈਣ ਅਤੇ ਰੈਗੂਲਰ ਭਰਤੀ ਰਾਹੀਂ ਹਜ਼ਾਰਾਂ ਦੀ ਗਿਣਤੀ ਵਿੱਚ ਖ਼ਾਲੀ ਪਈਆਂ ਅਸਾਮੀਆਂ ਨੂੰ ਭਰਨ, ਪਿਛਲੇ ਪੈਡੀ ਸੀਜ਼ਨ ਦੌਰਾਨ ਡਿਊਟੀ ਤੇ ਘਾਤਕ ਹਾਦਸੇ ਦਾ ਸ਼ਿਕਾਰ ਹੋਏ ਬਿਜਲੀ ਕਾਮਿਆਂ ਦੇ ਪਰਿਵਾਰਾਂ ਨੂੰ ਵਧੇ ਮੁਆਵਜ਼ੇ ਦੀ ਅਦਾਇਗੀ ਅਤੇ ਜ਼ਖਮੀ ਕਾਮਿਆਂ ਦਾ ਕੈਸ਼ਲੈਸ ਇਲਾਜ, 17 ਜੁਲਾਈ 2020 ਤੋਂ ਬਾਅਦ ਭਰਤੀ ਕਰਮਚਾਰੀਆਂ ਉੱਪਰ ਬਿਜਲੀ ਨਿਗਮ ਦੇ ਤਨਖਾਹ ਸਕੇਲ ਲਾਗੂ ਕਰਨ, ਸੋਧੇ ਸਕੇਲ ਲਾਗੂ ਹੋਣ ਤੋਂ ਬਾਅਦ ਤਰੱਕੀ ਪਾਉਣ ਵਾਲੇ ਕਰਮਚਾਰੀਆਂ ਨੂੰ ਪੇ ਬੈਂਡ ਦਾ ਲਾਭ ਦੇ ਕੇ ਮੁੱਢਲਾ ਸਕੇਲ ਲਾਗੂ ਕਰਨ, ਹਰ ਰੋਜ਼ ਵਾਪਰ ਰਹੇ ਹਾਦਸਿਆਂ ਨਾਲ ਕਾਮਿਆਂ ਦੀਆਂ ਹੋ ਰਹੀਆਂ ਮੌਤਾਂ ਤੇ ਗੰਭੀਰਤਾ ਨਾਲ ਵਿਚਾਰ ਕਰਨ, ਸੋਲੇਸ਼ੀਅਮ ਪਾਲਿਸੀ ਰਾਹੀਂ ਭਰਤੀ ਕਰਮਚਾਰੀਆਂ ਤੋਂ ਮੋੜਨਯੋਗ ਰਕਮ ਉਪਰ 12% ਵਿਆਜ ਦੀ ਜਬਰੀ ਵਸੂਲੀ ਰੋਕਣ ਅਤੇ ਪਾਲਿਸੀ ਵਿੱਚ ਬਣਦੀ ਸੋਧ ਕਰਨ, ਇਨ ਹਾਊਸ ਕੰਨਟ੍ਰੈਕਟ ਕਰਮਚਾਰੀਆਂ ਨੂੰ ਰੈਗੂਲਰ ਕਰਨ, ਜੇਈ ਕੇਡਰ ਅਤੇ ਫੀਲਡ ਸਟਾਫ ਦੀਆਂ ਮੁਸ਼ਕਿਲਾਂ ਦਾ ਹੱਲ ਕਰਨ, ਸਿਆਸੀ ਆਧਾਰ ਤੇ ਕਰਮਚਾਰੀਆਂ ਦੀਆਂ ਨਜਾਇਜ਼ ਕੀਤੀਆਂ ਬਦਲੀਆਂ ਰੱਦ ਕਰਨ, ਵੱਖ-ਵੱਖ ਸੀਆਰਏ ਰਾਹੀਂ ਭਰਤੀ ਲਾਇਨਮੈਨ/ਐੱਸਐੱਸਏ ਕਰਮਚਾਰੀਆਂ ਦੇ ਕੰਟਰੈਕਟ ਸਮੇਂ ਦਾ ਲਾਭ ਦੇਣ, ਪੈਨਸ਼ਨਰਾਂ ਦੀ ਵਿਕਾਸ ਟੈਕਸ ਦੇ ਨਾਂ 'ਤੇ ਹਰੇਕ ਮਹੀਨੇ ਧੱਕੇ ਨਾਲ 200 ਰੁਪਏ ਦੀ ਕੀਤੀ ਜਾ ਰਹੀ ਕਟੌਤੀ ਬੰਦ ਕਰਨ, ਏਈ ਦੀ ਡਿਗਰੀ ਹੋਲਡਰ ਕੋਟੇ ਵਿੱਚ ਵਾਧੇ ਦੀ ਮੰਗ, ਭੱਤਿਆਂ ਵਿੱਚ ਵਾਧਾ, ਪਾਵਰਕਾਮ ਅਤੇ ਟ੍ਰਾਂਸਕੋ ਦੀਆਂ ਮਹਿਕਮਾਨਾ ਇਮਾਰਤਾਂ ਦੀ ਤਰਸਯੋਗ ਹਾਲਤ ਵਿੱਚ ਸੁਧਾਰ ਕਰਨ, ਦਫਤਰੀ ਕਰਮਚਾਰੀਆਂ ਲਈ ਵਾਤਾਵਰਨ ਦੇ ਅਨਕੂਲ ਦਫਤਰਾਂ ਵਿੱਚ ਬੈਠਣ ਦਾ, ਪੀਣ ਵਾਲੇ ਪਾਣੀ ਦਾ ਅਤੇ ਮਹਿਲਾ ਕਰਮਚਾਰੀਆਂ ਲਈ ਵੱਖਰੇ ਵਾਸ਼ਰੂਮਾਂ ਦਾ ਢੁਕਵਾਂ ਪ੍ਰਬੰਧ ਕਰਨ ਆਦਿ ਮੰਗਾਂ ਤੇ ਬਣੀਆਂ ਸਹਿਮਤੀਆਂ ਲਾਗੂ ਕਰਨ ਸਬੰਧੀ ਪੰਜਾਬ ਸਰਕਾਰ ਅਤੇ ਮੈਨੇਜਮੈਂਟ ਵੱਲੋਂ ਕੋਈ ਠੋਸ ਕਦਮ ਨਹੀਂ ਚੁੱਕੇ ਜਾ ਰਹੇ। ਇਸ ਲਈ ਜਥੇਬੰਦੀਆਂ ਨੇ ਫੈਸਲਾ ਕੀਤਾ ਹੈ ਕਿ 12 ਜੂਨ ਨੂੰ ਬਿਜਲੀ ਨਿਗਮ ਦੀ ਮੈਨੇਜਮੈਂਟ ਨੂੰ ਮਿਲ ਕੇ ਨੋਟਿਸ ਦਿੱਤਾ ਜਾਵੇਗਾ ਅਤੇ 2 ਜੂਨ ਦੀ ਮੀਟਿੰਗ ਉਪਰੰਤ ਮੁਲਤਵੀ ਕੀਤਾ ਵਰਕ ਟੂ ਰੂਲ ਦਾ ਪ੍ਰੋਗਰਾਮ ਮਿਤੀ 13 ਜੂਨ 2025 ਤੋਂ ਮੁੜ ਸ਼ੁਰੂ ਕਰਕੇ 15 ਜੂਨ ਨੂੰ ਲੁਧਿਆਣਾ ਪੱਛਮੀ ਹਲਕੇ ਵਿੱਚ ਸੂਬਾ ਸਰਕਾਰ ਖਿਲਾਫ ਵਿਸ਼ਾਲ ਸੂਬਾ ਪੱਧਰੀ ਰੈਲੀ ਕਰਕੇ ਰੋਸ ਮਾਰਚ ਕੀਤਾ ਜਾਵੇਗਾ। ਮੀਟਿੰਗ ਵਿੱਚ ਮੁਹਾਲੀ ਸਰਕਲ ਅੰਦਰ ਬਿਨਾਂ ਕਾਰਨ ਤੋਂ ਨਜਾਇਜ਼ ਤੌਰ ਤੇ ਮੁਅੱਤਲ ਕੀਤੇ ਜੇਈ ਹਰਦੀਪ ਸਿੰਘ ਦੀ ਮੁਅੱਤਲੀ ਰੱਦ ਕਰਵਾਉਣ ਦਾ ਵੀ ਫੈਸਲਾ ਕੀਤਾ ਗਿਆ। ਜੇਕਰ ਪੰਜਾਬ ਸਰਕਾਰ ਅਤੇ ਮੈਨੇਜਮੈਂਟ ਵੱਲੋਂ ਜਲਦੀ ਇਨਾਂ ਮੰਗਾਂ ਦਾ ਹੱਲ ਨਹੀਂ ਕੀਤਾ ਜਾਂਦਾ ਤਾਂ 15 ਜੂਨ ਨੂੰ ਰੋਸ ਰੈਲੀ ਵਿੱਚ ਅਗਲੇ ਤਿੱਖੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ। ਮੀਟਿੰਗ ਵਿੱਚ ਮੁਲਾਜ਼ਮ ਆਗੂ ਹਰਪਾਲ ਸਿੰਘ, ਗੁਰਵੇਲ ਸਿੰਘ ਬੱਲਪੁਰੀਆ, ਬਲਦੇਵ ਸਿੰਘ ਮੰਢਾਲੀ, ਰਣਜੀਤ ਸਿੰਘ ਢਿੱਲੋਂ, ਜਸਵੀਰ ਸਿੰਘ ਆਂਡਲੂ, ਸੁਰਿੰਦਰਪਾਲ ਲਾਹੌਰੀਆ, ਰਵੇਲ ਸਿੰਘ ਸਹਾਏਪੁਰ, ਦੇਵਿੰਦਰ ਸਿੰਘ ਪਿਸ਼ੌਰ, ਪਵਨਪ੍ਰੀਤ ਸਿੰਘ, ਕੁਲਵਿੰਦਰ ਸਿੰਘ, ਦਲੀਪ ਕੁਮਾਰ, ਇੰਜੀ: ਹਰਮਨਦੀਪ, ਹਥਬੀਰ ਸਿੰਘ, ਜਸਵਿੰਦਰ ਸਿੰਘ, ਰਛਪਾਲ ਸਿੰਘ ਪਾਲੀ, ਕੌਰ ਸਿੰਘ ਸੋਹੀ, ਬਲਜੀਤ ਸਿੰਘ ਮੋਦਲਾ, ਅਮਰੀਕ ਸਿੰਘ ਮਸੀਤਾਂ, ਬੀ ਐੱਸ ਸੋਖੋਂ ਆਦਿ ਆਗੂਆਂ ਨੇ ਹਿੱਸਾ ਲਿਆ ਅਤੇ ਅਹਿਦ ਕੀਤਾ ਕਿ ਪਾਵਰ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਦੇ ਮੁਲਾਜ਼ਮ ਅਤੇ ਪੈਨਸ਼ਨਰ ਵਿਰੋਧੀ ਵਤੀਰੇ ਦਾ ਸੰਘਰਸ਼ਾਂ ਰਾਹੀਂ ਮੂੰਹਤੋੜ ਜਵਾਬ ਦਿੱਤਾ ਜਾਵੇਗਾ।

ਤੇਜ਼ ਰਫਤਾਰ ਬਲੈਰੋ ਗੱਡੀ ਵੱਜਣ ਨਾਲ ਸਾਈਕਲ ਸਵਾਰ ਬੱਚੇ ਦੀ ਮੌਤ

ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)–ਤੇਜ਼ ਰਫਤਾਰੀ ਨੇ ਇੱਕ ਵਾਰ ਫੇਰ ਇੱਕ ਘਰ ਦੇ ਚਿਰਾਗ ਨੂੰ ਬੁਝਾ ਦਿੱਤਾ। ਸਵੇਰੇ ਇੱਕ 13-14 ਸਾਲ ਦਾ ਬੱਚਾ ਆਪਣੇ ਘਰ ਦਾ ਸਾਮਾਨ ਲੈਣ ਲਈ ਜਦੋਂ ਘਰੋਂ ਨਿਕਲ ਕੇ ਸੜਕ 'ਤੇ ਚੜ੍ਹਿਆ ਤਾਂ ਅੰਮ੍ਰਿਤਸਰ ਵੱਲੋਂ ਆ ਰਹੀ ਤੇਜ਼ ਰਫਤਾਰ ਬਲੈਰੋ (ਕੈਂਪਰ) ਗੱਡੀ ਜੋ ਕਿ ਅਕਸਰ ਟੈਕਸੀਆਂ ਦੇ ਰੂਪ ਵਿੱਚ ਅਤੇ ਮਾਲ ਦੀ ਢੋਆ-ਢੁਆਈ ਦੇ ਰੂਪ ਵਿੱਚ ਜਾਣੀਆਂ ਜਾਂਦੀਆਂ ਹਨ, ਵੱਲੋਂ ਬੱਚੇ ਨੂੰ ਟੱਕਰ ਮਾਰੀ ਗਈ ਤੇ ਗੱਡੀ ਬੱਚੇ ਦੇ ਸਿਰ ਦੇ ਉਤੋਂ ਨਿਕਲ ਗਈ ਜਿਸ ਦੇ ਨਾਲ ਬੱਚੇ ਦੀ ਮੌਕੇ 'ਤੇ ਹੀ ਮੌਤ ਹੋ ਗਈ। ਪੁਲਸ ਵੱਲੋਂ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਮ੍ਰਿਤਕ ਦੇ ਦਾਦਾ ਨੇ ਦੱਸਿਆ ਕਿ ਉਨ੍ਹਾਂ ਦਾ ਪੋਤਰਾ ਘਰੋਂ ਘਰੇਲੂ ਸਾਮਾਨ ਲੈਣ ਲਈ ਬਾਜ਼ਾਰ ਆਇਆ ਸੀ। ਜਦ ਉਹ ਅਜਨਾਲਾ-ਅੰਮ੍ਰਿਤਸਰ ਸੜਕ 'ਤੇ ਚੜਨ ਲੱਗਾ ਤਾਂ ਅੰਮ੍ਰਿਤਸਰ ਵਾਲੇ ਪਾਸਿਓਂ ਆ ਰਹੀ ਤੇਜ਼ ਰਫਤਾਰ ਬਲੈਰੋ ਕੈਂਪਰ ਗੱਡੀ ਨੇ ਉਸ ਨੂੰ ਜ਼ੋਰ ਦੀ ਟੱਕਰ ਮਾਰੀ ਜਿਸ ਨਾਲ ਗੱਡੀ ਦਾ ਪਿਛਲਾ ਟਾਇਰ ਉਹਦੇ ਸਿਰ ਤੋਂ ਨਿਕਲ ਗਿਆ ਜਿਸ ਨਾਲ ਉਸਦੀ ਮੌਕੇ ਤੇ ਹੀ ਮੌਤ ਹੋ ਗਈ। ਹੁਣ ਪੀੜਿਤ ਪਰਿਵਾਰ ਦੋਸ਼ੀਆਂ ਵਿਰੁੱਧ ਬਣਦੀ ਕਾਨੂੰਨੀ ਕਾਰਵਾਈ ਦੀ ਮੰਗ ਕਰ ਰਿਹਾ ਹੈ।ਇਸ ਸਬੰਧੀ ਪੁਲਸ ਥਾਣਾ ਅਜਨਾਲਾ ਦੇ ਇੰਚਾਰਜ ਨੇ ਦੱਸਿਆ ਕਿ ਤੇਜ਼ ਰਫਤਾਰ ਗੱਡੀ ਵੱਲੋਂ ਇੱਕ ਬੱਚੇ ਦੀ ਟੱਕਰ ਮਾਰਨ ਨਾਲ ਮੌਕੇ 'ਤੇ ਹੀ ਮੌਤ ਹੋ ਗਈ ਹੈ।ਉਨ੍ਹਾਂ ਦੱਸਿਆ ਕਿ ਗੱਡੀ ਨੂੰ ਕਬਜ਼ੇ ਵਿੱਚ ਲੈ ਲਿਆ ਹੈ ਤੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

ਹਲਕਾ ਮਜੀਠਾ ਦੇ ਲੋਕਾਂ ਤੇ ਪਾਰਟੀ ਵਰਕਰਾਂ ਦੇ ਕੰਮ ਤਰਜੀਹੀ ਪੱਧਰ 'ਤੇ ਕੀਤੇ ਜਾਣਗੇ:ਤਲਬੀਰ ਗਿੱਲ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)–ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪਾਰਟੀ ਹਾਈ ਕਮਾਨ ਵੱਲੋਂ ਵਿਧਾਨ ਸਭਾ ਹਲਕਾ ਮਜੀਠਾ ਦੀ ਜੋ ਮੈਨੂੰ ਅਹਿਮ ਜ਼ਿੰਮੇਵਾਰੀ ਸੌਂਪੀ ਗਈ ਹੈ ਉਹ ਉਸ 'ਤੇ ਪੂਰੀ ਤਰ੍ਹਾਂ ਨਾਲ ਖਰਾ ਉਤਰਨ ਦਾ ਯਤਨ ਕਰਨਗੇ। ਹਲਕਾ ਮਜੀਠਾ ਦੇ ਨਿਵਾਸੀਆਂ ਅਤੇ ਆਪ ਵਰਕਰਾਂ ਨੂੰ ਕਿਸੇ ਕਿਸਮ ਦੀ ਕੋਈ ਮੁਸ਼ਕਿਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਦੇ ਸਾਰੇ ਕੰਮ ਪਹਿਲ ਦੇ ਅਧਾਰ 'ਤੇ ਕਰਵਾਏ ਜਾਣਗੇ। ਇਹ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤਲਬੀਰ ਸਿੰਘ ਗਿੱਲ ਨੇ ਵਿਸ਼ੇਸ਼ ਤੌਰ 'ਤੇ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਨੇ ਕਿਹਾ ਕਿ ਮਾਨ ਸਰਕਾਰ ਵਲੋਂ ਯੁੱਧ ਨਸ਼ਿਆਂ ਵਿਰੁੱਧ ਸ਼ੁਰੂ ਕੀਤੀ ਗਈ ਮੁਹਿੰਮ ਤੋਂ ਅੱਜ ਲੋਕ ਪੂਰੀ ਤਰ੍ਹਾਂ ਨਾਲ ਖੁਸ਼ ਹਨ ਤੇ ਪਿੰਡਾਂ ਵਿੱਚੋਂ ਨਸ਼ੇ ਅਤੇ ਨਸ਼ਾ ਤਸਕਰਾਂ ਦਾ ਸਫਾਇਆ ਹੋ ਗਿਆ ਹੈ। ਹਲਕੇ ਦੇ ਵੱਖ-ਵੱਖ ਪਿੰਡਾਂ 'ਚੋਂ ਆਮ ਲੋਕਾਂ ਤੋਂ ਮਿਲੀਆਂ ਰਿਪੋਰਟਾਂ ਅਨੁਸਾਰ ਨਸ਼ਾ ਤਸਕਰਾਂ 'ਚ ਇਸ ਸਮੇਂ ਖੌਫ ਪਾਇਆ ਜਾ ਰਿਹਾ ਤੇ ਵੱਡੀ ਗਿਣਤੀ 'ਚ ਨਸ਼ਾ ਤਸਕਰ ਸਰਕਾਰ ਦੀ ਸਖਤੀ ਤੋਂ ਬਾਅਦ ਪਿੰਡ ਹੀ ਛੱਡ ਗਏ ਹਨ। ਦੂਜੇ ਪਾਸੇ ਜਿਹੜੇ ਨਸ਼ਾ ਤਸਕਰ ਅਜੇ ਵੀ ਆਪਣੀਆਂ ਹਰਕਤਾਂ ਤੋਂ ਬਾਜ਼ ਨਹੀਂ ਆ ਰਹੇ ਸਨ ਉਨ੍ਹਾਂ ਨੂੰ ਪੁਲਸ ਪ੍ਰਸ਼ਾਸਨ ਵੱਲੋਂ ਨਸ਼ਿਆਂ ਸਮੇਤ ਰੰਗੇ ਹੱਥੀਂ ਕਾਬੂ ਕਰਕੇ ਜੇਲ੍ਹ ਦੀਆਂ ਸਲਾਖਾਂ ਪਿੱਛੇ ਸੁੱਟਿਆ ਗਿਆ ਹੈ। ਆਪ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦਾ ਅਸਰ ਅੱਜ ਪਿੰਡਾ ਵਿੱਚ ਦਿਸਣਾ ਸ਼ੁਰੂ ਹੋ ਗਿਆ ਹੈ। ਇਸ ਮੌਕੇ ਸਾਬਕਾ ਸਰਪੰਚ ਸਵਰਨਜੀਤ, ਕੁਰਾਲੀਆ ਸਿੰਘ, ਸਰਪੰਚ ਜਤਿੰਦਰ ਸਿੰਘ ਤਲਵੰਡੀ, ਸਾਬਕਾ ਸਰਪੰਚ ਬਲਦੇਵ ਸਿੰਘ ਡੱਡੀਆਂ, ਪਰਮਜੀਤ ਸਿੰਘ ਮੱਤੇਵਾਲ, ਗੁਰਸੇਵਕ ਸਿੰਘ ਮੱਤੇਵਾਲ, ਹਰਿੰਦਰ ਸਿੰਘ ਮੱਤੇਵਾਲ, ਦਲਬਾਗ ਵਡਾਲੀ, ਸਨਪ੍ਰੀਤ ਸਿੰਘ ਸੰਧੂ, ਰਵਿੰਦਰ ਸਿੰਘ ਚਾਟੀਵਿੰਡ ਲੇਹਲ, ਸਾਬਕਾ ਸਰਪੰਚ ਬਲਦੇਵ ਸਿੰਘ ਕੱਥੂਨੰਗਲ, ਪਵਨ ਚਾਟੀਵਿੰਡ ਲੇਹਲ, ਡਾ. ਰਾਜਪਾਲ ਸਿੰਘ ਕੱਥੂਨੰਗਲ, ਬਲਾਕ ਪ੍ਰਧਾਨ ਰੇਸ਼ਮ ਸਿੰਘ ਬੰਗੇਵਾਲ, ਰਿੰਕੂ, ਰਣਜੀਤ ਸਿੰਘ ਬਾਠ ਵੀ ਹਾਜ਼ਰ ਸਨ।

* ਮਾਮਲਾ ਫਿਰੌਤੀ ਮੰਗਣ ਦੀ ਝੂਠੀ ਕਹਾਣੀ ਘੜ ਕੇ ਪੁਲਸ ਨੂੰ ਗੁੰਮਰਾਹ ਕਰਨ ਦਾ

ਖੁਦ ਆਪਣੇ ਘਰ 'ਤੇ ਗੋਲੀਆਂ ਚਲਵਾਉਣ ਵਾਲਾ ਬਰੂਨੋ ਧਵਨ (ਐਡਵੋਕੇਟ) ਗ੍ਰਿਫ਼ਤਾਰ

ਤਰਨਤਾਰਨ (ਪ੍ਰਿਤਪਾਲ ਸਿੰਘ)–ਭੁਪਿੰਦਰ ਸਿੰਘ ਸਿੱਧੂ ਪੀਪੀਐੱਸ/ਐੱਸਐੱਸਪੀ ਤਰਨ ਤਾਰਨ ਵੱਲੋਂ ਮਾੜੇ ਅਨਸਰਾਂ ਖਿਲਾਫ ਚਲਾਈ ਗਈ ਵਿਸ਼ੇਸ਼ ਮੁਹਿੰਮ ਤਹਿਤ ਅਜੇਰਾਜ

12 Jun Page-12.qxd 6/11/2025 10:57 PM Page 1

ਸਰਕਾਰ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਲਈ ਯਤਨਸ਼ੀਲ : ਘੁੰਮਣ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)— ਪੰਜਾਬ ਸਰਕਾਰ ਧਰਤੀ ਹੇਠਲਾ ਪਾਣੀ ਬਚਾਉਣ ਅਤੇ ਸ਼ਹਿਰਾਂ ਨੂੰ ਗੰਦਗੀ ਮੁਕਤ ਕਰਨ ਲਈ ਯਤਨਸ਼ੀਲ ਹੈ। ਤਲਵਾੜਾ ਸ਼ਹਿਰ ਨੂੰ ਸਾਫ਼ ਸੁਥਰਾ ਬਣਾਉਣ ਲਈ ਸਰਕਾਰ ਵੱਲੋਂ ਸੀਵਰੇਜ ਵਿਛਾਉਣ ਤੋਂ ਇਲਾਵਾ ਹੋਰ ਵਿਕਾਸ ਕਾਰਜ ਜੰਗੀ ਪੱਧਰ 'ਤੇ ਸ਼ੁਰੂ ਕੀਤੇ ਜਾ ਰਹੇ ਹਨ। ਇਹ ਜਾਣਕਾਰੀ ਹਲਕਾ ਵਿਧਾਇਕ ਐਡ. ਕਰਮਬੀਰ ਸਿੰਘ ਘੁੰਮਣ ਨੇ ਸਥਾਨਕ ਪਬਲਿਕ ਹਾਈ ਸਕੂਲ ਦੇ ਨਜ਼ਦੀਕ ਨਿਰਮਾਣ ਅਧੀਨ ਵਾਟਰ ਟਰੀਟਮੈਂਟ ਪਲਾਂਟ ਦੇ ਸੋਧੇ ਹੋਏ ਪਾਣੀ ਨੂੰ ਖੇਤੀ ਲਈ ਵਰਤਣ ਵਾਸਤੇ ਸ਼ੁਰੂ ਕੀਤੀ ਜਾਣ ਵਾਲੀ ਯੋਜਨਾ (ਐਸਟੀਪੀ) ਦਾ ਉਦਘਾਟਨ ਕਰਨ ਉਪਰੰਤ ਲੋਕਾਂ ਨਾਲ ਸਾਂਝੀ ਕੀਤੀ। ਵਿਧਾਇਕ ਘੁੰਮਣ ਨੇ ਦਸਿਆ ਕਿ ਕਰੀਬ 1.92 ਕਰੋੜ ਰੁਪਏ ਦੀ ਲਾਗਤ ਨਾਲ ਸੋਧਿਆ ਹੋਇਆ ਪਾਣੀ ਜ਼ਮੀਨ ਦੋਜ਼ ਪਾਈਪਾਂ ਰਾਹੀਂ ਖੇਤਾਂ ਤੱਕ ਪਹੁੰਚਾਇਆ ਜਾਵੇਗਾ। ਇਸ ਪਾਣੀ ਨਾਲ 144 ਹੈਕਟੇਅਰ ਦੇ ਕਰੀਬ ਰੱਕਬੇ ਨੂੰ 24 ਘੰਟੇ ਮੁਫ਼ਤ ਪਾਣੀ ਉਪਲਬਧ ਹੋਵੇਗਾ। 200 ਕਿਸਾਨ ਪਰਵਾਰਾਂ ਨੂੰ ਇਸ ਯੋਜਨਾ ਨਾਲ ਸਿੱਧੇ ਰੂਪ 'ਚ ਲਾਭ ਮਿਲੇਗਾ। ਇਸ ਮੌਕੇ ਨਗਰ ਕੌਂਸਲ ਤਲਵਾੜਾ ਪ੍ਰਧਾਨ ਹਰਸ਼ ਕੁਮਾਰ ਉਰਫ਼ ਆਸ਼ੂ ਅਰੋੜਾ, ਕੌਂਸਲਰ ਅਮਿਤ ਗਿੱਲ ਤੇ ਜੋਗਿੰਦਰ ਪਾਲ ਛਿੰਦਾ, ਸ਼ਹਿਰੀ ਪ੍ਰਧਾਨ ਸ਼ਿਵਮ ਤਲੂਜਾ, ਰਾਜੇਸ਼ ਸ਼ਰਮਾ ਮੰਡਲ ਭੂਮੀ ਰੱਖਿਆ ਅਫ਼ਸਰ ਹੁਸ਼ਿਆਰਪੁਰ, ਅਸ਼ਵਨੀ ਕੁਮਾਰ ਉਪ ਮੰਡਲ ਭੂਮੀ ਰੱਖਿਆ ਅਫ਼ਸਰ ਤਲਵਾੜਾ, ਅਮਰਜੀਤ ਸਿੰਘ, ਅਨਿਲ ਕੁਮਾਰ ਤੇ ਰਾਜੇਸ਼ ਕੁਮਾਰ ਭੂਮੀ ਰੱਖਿਆ ਅਫ਼ਸਰ ਤਲਵਾੜਾ, ਸਰਪੰਚ ਧਰਮਵੀਰ ਸਿੰਘ ਟੋਹਲੂ, ਸਰਪੰਚ ਮਹਿਮਾ ਸਧਾਣੀ, ਗਿਰਧਾਰੀ ਲਾਲ ਅਤੇ ਰਣਬੀਰ ਸਿੰਘ ਆਦਿ ਹਾਜ਼ਰ ਸਨ।

ਗ੍ਰੋ-ਗਰੀਨ ਸੰਸਥਾ ਵੱਲੋਂ ਵਾਤਾਵਰਣ ਸੁਰੱਖਿਆ ਲਈ ਕੀਤਾ ਜਾ ਰਿਹਾ ਉਪਰਾਲਾ ਸ਼ਲਾਘਾਯੋਗ : ਰਾਕੇਸ਼ ਬਾਂਗਾ

ਫਗਵਾੜਾ (ਜਸਵਿੰਦਰ ਢੱਡਾ, ਡਾ. ਰਮਨ) ਵਾਤਾਵਰਣ ਸੁਰੱਖਿਆ ਨੂੰ ਸਮਰਪਿਤ ਸਮਾਜ ਸੇਵੀ ਸੰਸਥਾ ਗ੍ਰੋ ਗ੍ਰੀਨ ਵੱਲੋਂ ਕਲਾਥ ਮਰਚੈਂਟ ਐਸੋਸੀਏਸ਼ਨ ਮੰਡੀ ਰੋਡ ਫਗਵਾੜਾ ਦੇ ਪ੍ਰਧਾਨ ਰਾਕੇਸ਼ ਬਾਂਗਾ ਅਤੇ ਚੇਅਰਮੈਨ ਪਰਮਜੀਤ ਪੰਮਾ ਦੀ ਪ੍ਰੇਰਣਾ ਸਦਕਾ ਬੂਟੇ ਲਗਾਉਣ ਦੀ ਲੜੀ ਨੂੰ ਅੱਗੇ ਤੋਰਦੇ ਹੋਏ ਜੀਟੀ ਰੋਡ ਦੀ ਸਰਵਿਸ ਲੇਨ 'ਤੇ 60 ਬੂਟੇ ਲਗਾਏ ਗਏ। ਬੂਟੇ ਲਗਵਾਉਣ ਦੀ ਆਰੰਭਤਾ ਸਮਾਜ ਸੇਵਕ ਪਿੰਦੂ ਜੌਹਲ ਅਤੇ ਜਗਮੋਹਨ ਮਦਾਨ ਸਲਾਹਕਾਰ ਕਲਾਥ ਮਰਚੈਂਟ ਐਸੋਸੀਏਸ਼ਨ ਨੇ ਸਾਂਝੇ ਤੌਰ 'ਤੇ ਕਰਵਾਈ। ਇਸ ਮੌਕੇ ਰਾਕੇਸ਼ ਬਾਂਗਾ ਅਤੇ ਹੋਰਨਾਂ ਨੇ ਗ੍ਰੋ ਗਰੀਨ ਵਲੋਂ ਵਾਤਾਵਰਣ ਸੁਰੱਖਿਆ ਨੂੰ ਧਿਆਨ 'ਚ ਰੱਖਦੇ ਹੋਏ ਕੀਤੇ ਜਾ ਰਹੇ ਇਸ ਉਪਰਾਲੇ ਨੂੰ ਸ਼ਲਾਘਾਯੋਗ ਦੱਸਿਆ। ਉਹਨਾਂ ਨੇ ਕਿਹਾ ਕਿ ਵੱਧਦੀ ਆਬਾਦੀ, ਨਵੀਆਂ ਸੜਕਾਂ ਤੇ ਰਿਹਾਇਸ਼ੀ ਕਲੋਨੀਆਂ ਦੀ ਉਸਾਰੀ ਦੇ ਚਲਦਿਆਂ ਰੁੱਖਾਂ ਦੀ ਅੰਨ੍ਹੇਵਾਹ ਕਟਾਈ ਨਾਲ ਵਾਤਾਵਰਣ ਚੱਕਰ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਿਹਾ ਹੈ। ਇਸ ਲਈ ਸਮੇਂ ਦੀ ਮੰਗ ਹੈ ਕਿ ਜਿੰਨੇ ਦਰਖ਼ਤ ਕੱਟੇ ਜਾ ਰਹੇ ਹਨ, ਉਸ ਤੋਂ ਵੱਧ ਨਵੇਂ ਦਰਖ਼ਤ ਲਗਾਉਣ ਦਾ ਉਪਰਾਲਾ ਲਗਾਤਾਰ ਜਾਰੀ ਰਹੇ। ਉਹਨਾਂ ਆਪਣੇ ਵਲੋਂ ਵੀ ਹਰ ਸੰਭਵ ਸਹਿਯੋਗ ਦਾ ਭਰੋਸਾ ਦਿੱਤਾ। ਗ੍ਰੋ-ਗ੍ਰੀਨ ਦੇ ਕੋਰ ਕਮੇਟੀ ਮੈਂਬਰਾਂ ਜਸਵਿੰਦਰ ਸਿੰਘ ਬੌਬੀ, ਵਿਨੋਦ ਭਾਸਕਰ ਅਤੇ ਮਦਨ ਲਾਲ ਨੇ ਦੱਸਿਆ ਕਿ ਹਫਤੇ 'ਚ ਇਕ ਦਿਨ ਸਵੇਰੇ 5 ਤੋਂ 8 ਵਜੇ ਤੱਕ ਬੂਟੇ ਲਗਾਉਣ ਦੀ ਮੁਹਿਮ ਚਲਾਈ ਜਾਂਦੀ ਹੈ। ਲਗਾਏ ਗਏ ਬੂਟਿਆਂ ਨੂੰ ਟਰੀ-ਗਾਰਡਾਂ ਨਾਲ ਕਵਰ ਕੀਤਾ ਜਾਂਦਾ ਹੈ ਅਤੇ ਲੋੜ ਅਨੁਸਾਰ ਪਾਣੀ ਅਤੇ ਖਾਦ ਦੇ ਕੇ ਪੂਰੀ ਦੇਖਭਾਲ ਵੀ ਕੀਤੀ ਜਾਂਦੀ ਹੈ। ਉਹਨਾਂ ਦੱਸਿਆ ਕਿ ਲਗਾਏ ਗਏ ਬੂਟਿਆਂ

ਦੀ ਦੇਖਭਾਲ ਅਤੇ ਪਾਣੀ ਲਗਾਉਣ ਦੀ ਜਿੰਮੇਵਾਰੀ ਭਾਟੀਆ ਫਲੈਕਸ ਵਾਲਿਆਂ ਨੇ ਲਈ ਹੈ, ਜਿਸਦੇ ਲਈ ਉਹ ਤਹਿ ਦਿਲੋਂ ਧੰਨਵਾਦ ਕਰਦੇ ਹਨ। ਇਸ ਮੌਕੇ ਸੁਖਵਿੰਦਰ ਸਿੰਘ, ਕਸ਼ਮੀਰ ਲਾਲ, ਰਵੀ ਕੌਸ਼ਲ, ਮਨਜੀਤ ਸਿੰਘ, ਹੈਪੀ ਮਾਨ, ਜਤਿੰਦਰ ਉਪਾਧਿਆਏ, ਤੇਗਵੀਰ ਸਿੰਘ, ਰਾਹੁਲ, ਯੋਗੇਸ਼ ਪੰਡਿਤ, ਨਿਰਮਲ ਸਿੰਘ, ਰਾਜੀਵ ਦੁਗੱਲ, ਮਾਨਕ ਸ਼ਾਹ ਕਪੂਰ ਆਦਿ ਹਾਜ਼ਰ ਸਨ।

ਬਿਜਲੀ ਮੰਤਰੀ ਨੇ ਨਿਰਵਿਘਨ ਬਿਜਲੀ ਸਪਲਾਈ ਦੇ ਪ੍ਰਬੰਧਾਂ ਦਾ ਲਿਆ ਜਾਇਜ਼ਾ

ਚੰਡੀਗੜ੍ਹ (ਗੁਰਜੀਤ ਬਿੱਲਾ)— ਝੋਨੇ ਦੀ ਬਿਜਾਈ ਦੇ ਮੱਦੇਨਜ਼ਰ, ਪੰਜਾਬ ਦੇ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਪੀ.ਸੀ.ਐਲ.) ਅਤੇ ਪੰਜਾਬ ਸਟੇਟ ਟ੍ਰਾਂਸਮਿਸ਼ਨ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਟੀ.ਸੀ.ਐਲ.) ਦੇ ਸੀਨੀਅਰ ਅਧਿਕਾਰੀਆਂ ਨਾਲ ਉੱਚ ਪੱਧਰੀ ਮੀਟਿੰਗ ਕੀਤੀ ਤਾਂ ਜੋ ਸੂਬੇ ਭਰ ਦੇ ਕਿਸਾਨਾਂ ਲਈ ਬਿਜਲੀ ਸਪਲਾਈ ਸਬੰਧੀ ਪ੍ਰਬੰਧਾਂ ਦੀ ਸਮੀਖਿਆ ਕੀਤੀ ਜਾ ਸਕੇ।ਮੀਟਿੰਗ ਦੌਰਾਨ ਅਧਿਕਾਰੀਆਂ ਨੇ ਬਿਜਲੀ ਮੰਤਰੀ ਨੂੰ ਸੂਬੇ ਵਿਚ ਝੋਨੇ ਦੀ ਬਿਜਾਈ ਲਈ ਅਪਣਾਈ ਗਈ ਪੜਾਅਵਾਰ ਸਮਾਂ-ਸਾਰਣੀ ਬਾਰੇ ਜਾਣੂ ਕਰਵਾਇਆ ਗਿਆ। ਇਸ ਸਮਾਂ ਸਾਰਣੀ ਵਿੱਚ ਝੋਨੇ ਦੀ ਸਿੱਧੀ ਬਿਜਾਈ (ਡੀ.ਐਸ.ਆਰ.) ਵੀ ਸ਼ਾਮਲ ਹੈ। ਸਰਕਾਰ ਦੇ ਨਿਰਦੇਸ਼ਾਂ ਅਨੁਸਾਰ, 15 ਮਈ ਤੋਂ 31 ਮਈ, 2025 ਤੱਕ ਡੀ.ਐਸ.ਆਰ. ਦੀ ਆਗਿਆ ਦਿੱਤੀ ਗਈ ਸੀ, ਇਸ ਦੇ ਨਾਲ ਹੀ ਜ਼ਿਲ੍ਹਿਆਂ ਵਿੱਚ ਪੜਾਅਵਾਰ ਢੰਗ ਨਾਲ ਬਿਜਾਈ ਸ਼ੁਰੂ ਕੀਤੀ ਗਈ।ਸਰਹੱਦੀ ਅਤੇ ਨਹਿਰੀ ਸਿੰਜਾਈ ਵਾਲੇ ਜ਼ਿਲ੍ਹਿਆਂ ਜਿਵੇਂ ਫਰੀਦਕੋਟ, ਬਠਿੰਡਾ, ਫਿਰੋਜ਼ਪੁਰ, ਸ੍ਰੀ ਮੁਕਤਸਰ ਸਾਹਿਬ ਅਤੇ ਫਾਜ਼ਿਲਕਾ ਵਿੱਚ 1 ਜੂਨ ਨੂੰ ਬਿਜਾਈ ਸ਼ੁਰੂ ਕੀਤੀ ਗਈ ਸੀ। ਇਸ ਉਪਰੰਤ 5 ਜੂਨ ਤੋਂ ਗੁਰਦਾਸਪੁਰ, ਪਠਾਨਕੋਟ, ਤਰਨ ਤਾਰਨ, ਅੰਮ੍ਰਿਤਸਰ, ਰੂਪਨਗਰ, ਐਸ.ਏ.ਐਸ ਨਗਰ (ਮੋਹਾਲੀ), ਫਤਿਹਗੜ੍ਹ ਸਾਹਿਬ ਅਤੇ ਹੁਸ਼ਿਆਰਪੁਰ ਵਿੱਚ ਸ਼ੁਰੂ ਕੀਤੀ ਗਈ ਸੀ। ਬਾਕੀ ਜ਼ਿਲ੍ਹਿਆਂ-ਲੁਧਿਆਣਾ, ਮਾਲੇਰਕੋਟਲਾ, ਮਾਨਸਾ, ਮੋਗਾ, ਪਟਿਆਲਾ, ਸੰਗਰੂਰ, ਬਰਨਾਲਾ, ਕਪੂਰਥਲਾ, ਜਲੰਧਰ ਅਤੇ ਸ਼ਹੀਦ ਭਗਤ ਸਿੰਘ ਨਗਰ ਵਿੱਚ 9 ਜੂਨ ਤੋਂ ਬਿਜਾਈ ਦਾ ਕੰਮ ਸ਼ੁਰੂ ਹੋ ਗਿਆ ਹੈ।ਪੀ.ਐਸ.ਪੀ.ਸੀ.ਐਲ. ਦੇ ਅਧਿਕਾਰੀਆਂ ਨੇ ਬਿਜਲੀ ਮੰਤਰੀ ਨੂੰ ਦੱਸਿਆ ਕਿ ਖੇਤੀਬਾੜੀ ਲਈ ਇਸ ਮਹੱਤਵਪੂਰਨ ਸਮੇਂ ਦੌਰਾਨ ਨਿਰਵਿਘਨ ਬਿਜਲੀ ਸਪਲਾਈ ਨੂੰ ਯਕੀਨੀ ਬਣਾਉਣ ਲਈ ਵਿਆਪਕ ਉਪਾਅ ਕੀਤੇ ਗਏ ਹਨ। ਡੀ.ਐਸ.ਆਰ. ਅਧੀਨ ਖੇਤਰਾਂ ਨੂੰ 15 ਮਈ ਤੋਂ ਰੋਜ਼ਾਨਾ 8 ਘੰਟੇ ਬਿਜਲੀ ਸਪਲਾਈ ਦਿੱਤੀ ਜਾ ਰਹੀ ਹੈ, ਜਦੋਂ ਕਿ ਝੋਨੇ ਦੀ ਆਮ ਬਿਜਾਈ ਦੇ ਸ਼ਡਿਊਲ ਅਨੁਸਾਰ ਯਕੀਨੀ ਸਪਲਾਈ ਮਿਲ ਰਹੀ ਹੈ। ਇਸ ਤੋਂ ਇਲਾਵਾ, ਰਿਹਾਇਸ਼ੀ ਅਤੇ ਉਦਯੋਗਿਕ ਖੇਤਰਾਂ ਨੂੰ ਨਿਰਵਿਘਨ ਬਿਜਲੀ ਪ੍ਰਦਾਨ ਕੀਤੀ ਜਾ ਰਹੀ ਹੈ।ਮੀਟਿੰਗ ਦੌਰਾਨ ਪੀ.ਐਸ.ਪੀ.ਸੀ.ਐਲ. ਦੇ ਸੀ.ਐਮ.ਡੀ. ਅਜੋਏ ਕੁਮਾਰ ਸਿਨਹਾ, ਡਾਇਰੈਕਟਰ ਜਨਰੇਸ਼ਨ ਇੰਜੀ. ਹਰਜੀਤ ਸਿੰਘ, ਡਾਇਰੈਕਟਰ ਵਿੱਤ ਸੀ.ਏ. ਐਸ.ਕੇ. ਬੇਰੀ, ਡਾਇਰੈਕਟਰ ਡਿਸਟ੍ਰੀਬਿਊਸ਼ਨ ਇੰਜੀ. ਇੰਦਰਪਾਲ ਸਿੰਘ ਅਤੇ ਡਾਇਰੈਕਟਰ ਤਕਨੀਕੀ ਇੰਜੀ. ਸੰਜੀਵ ਕੁਮਾਰ ਸੂਦ ਸ਼ਾਮਲ ਸਨ।

ਦਰਬਾਰ ਸਾਈਂ ਪ੍ਰਤਾਪੇ ਸ਼ਾਹ ਵਿਖੇ ਸਾਲਾਨਾ ਜੋੜ ਮੇਲਾ 19-20 ਨੂੰ

ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ) ਸਾਂਈ ਬਾਬਾ ਪ੍ਰਤਾਪੇ ਸ਼ਾਹ (ਕਾਦਰੀ) ਦੇ ਦਰਬਾਰ ਪਿੰਡ ਭਬਿਆਣਾ ਤਹਿਸੀਲ ਫਗਵਾੜਾ ਵਿਖੇ ਸਾਲਾਨਾ ਜੋੜ ਮੇਲਾ 19 ਤੇ 20 ਜੂਨ ਨੂੰ ਦਰਬਾਰ ਦੇ ਸੇਵਾਦਾਰ ਸਤਪਾਲ ਕੈਂਬ ਦੀ ਅਗਵਾਈ ਹੇਠ ਪ੍ਰਬੰਧਕ ਕਮੇਟੀ ਵਲੋਂ ਗ੍ਰਾਮ ਪੰਚਾਇਤ, ਐਨ.ਆਰ.ਆਈ. ਵੀਰਾਂ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਤੇ ਉਤਸ਼ਾਹ ਪੂਰਵਕ ਮਨਾਇਆ ਜਾ ਰਿਹਾ ਹੈ। ਪਹਿਲੇ ਦਿਨ ਵੀਰਵਾਰ 19 ਜੂਨ ਸ਼ਾਮ ਪੰਜ ਵਜੇ ਚਰਾਗ਼ ਅਤੇ ਮਹਿੰਦੀ ਦੀ ਰਸਮ ਤੋਂ ਬਾਅਦ ਰਾਤ 9 ਵਜੇ ਨੱਕਾਲ ਮਾਸਟਰ ਲਾਡੀ ਘੋੜਾ ਐਂਡ ਪਾਰਟੀ ਆਪਣੇ ਫਨ ਦਾ ਮੁਜਾਹਰਾ ਕਰਨਗੇ। ਦੂਸਰੇ ਦਿਨ 20 ਜੂਨ ਨੂੰ ਸਵੇਰੇ ਚਾਦਰ ਅਤੇ ਝੰਡੇ ਦੀ ਰਸਮ ਉਪਰੰਤ ਸਰਬੱਤ ਦੇ ਭਲੇ ਦੀ ਅਰਦਾਸ ਹੋਵੇਗੀ। ਜਿਸ ਤੋਂ ਬਾਅਦ ਧਾਰਮਿਕ ਤੇ ਸੱਭਿਆਚਾਰਕ ਸਟੇਜ ਸਜਾਈ ਜਾਵੇਗੀ। ਜਿਸ ਵਿਚ ਨਾਮਵਰ ਕਲਾਕਾਰ ਬਲਰਾਜ ਬਿਲਗਾ, ਦੀਪ ਘੋੜਾ, ਲਾਲ ਅਠੌਲੀ ਅਤੇ ਹੋਰ ਕਲਾਕਾਰ ਹਾਜਰੀਆਂ ਲਗਵਾਉਣਗੇ। ਚਾਹ, ਪਕੌੜੇ, ਠੰਡੇ ਮਿੱਠੇ ਜਲ ਦੀ ਛਬੀਲ ਤੇ ਪੀਰਾਂ ਦਾ ਲੰਗਰ ਅਤੁੱਟ ਵਰਤਾਇਆ ਜਾਵੇਗਾ।ਇਸ ਮੌਕੇ ਨੰਦ ਸਿੰਘ ਫੌਜੀ, ਰਾਮ ਲੁਭਾਇਆ, ਕੁਲਦੀਪ ਜੱਸਲ ਸਟੇਜ ਸਕੱਤਰ, ਬੂਟਾ ਘੋੜਾ, ਪਰਵੀਨ ਕੁਮਾਰ, ਪਰਮਜੀਤ, ਮਾਸਟਰ ਸੋਢੀ ਰਾਮ, ਸੋਨੂੰ ਬੈਂਸ, ਸਰਪੰਚ ਵਿਜੇ ਕੁਮਾਰ, ਮਹਿੰਦਰ ਸਿੰਘ, ਕਰਨਜੀਤ ਸਿੰਘ, ਕਸ਼ਮੀਰੀ ਲਾਲ, ਸੋਢੀ ਕੈਂਬ, ਇਲੀ ਕੈਂਬ, ਤਰਲੋਕ ਸਿੰਘ ਸਾਬਕਾ ਸਰਪੰਚ, ਜੱਥੇਦਾਰ ਹਰਵਿੰਦਰ ਸਿੰਘ, ਸੁਖਦੇਵ ਸਿੰਘ ਰਿਐਤ, ਇੰਦਰਜੀਤ ਸਿੰਘ ਰਿਐਤ, ਸੁਰਿੰਦਰ ਪਾਲ, ਮੇਜਰ ਸਿੰਘ, ਜਤਿੰਦਰ ਮੋਹਨ, ਸਾਂਈ ਨ੍ਹਾਣੇ ਸ਼ਾਹ ਹੁਸ਼ਿਆਰਪੁਰ, ਜਤਿੰਦਰ ਕਲਿਆਣ ਆਦਿ ਹਾਜ਼ਰ ਸਨ।

ਜੀ ਆਰ ਡੀ ਨਰਸਿੰਗ ਕਾਲਜ 'ਚ ਨਸ਼ਾ ਵਿਰੋਧੀ ਸੈਮੀਨਾਰ

ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)- ਪੰਜਾਬ ਸਰਕਾਰ ਦੇ ਦਿਸਾ ਨਿਰਦੇਸਾਂ ਅਨੁਸਾਰ ਸ਼ੁਰੂ ਕੀਤੇ ਗਏ ਬਡੀਜ ਪ੍ਰੋਗਰਾਮ ਤਹਿਤ ਜੀ ਆਰ ਡੀ ਇੰਟਰਨੈਸ਼ਨਲ ਇੰਸਟੀਚਿਊਟ ਆਫ

ਨਰਸਿੰਗ ਵਿਖੇ ਵਿਸ਼ੇਸ਼ ਨਸ਼ਾ ਵਿਰੋਧੀ ਸੈਮੀਨਾਰ ਕੀਤਾ ਗਿਆ। ਜੀ ਆਰ ਡੀ ਵਿੱਦਿਅਕ ਸੰਸਥਾਵਾਂ ਦੇ ਚੇਅਰਪਰਸਨ ਪ੍ਰਦੀਪ ਕੌਰ ਅਤੇ ਮੈਨੇਜਿੰਗ ਡਾਇਰੈਕਟਰ ਬਿਕਰਮ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸੰਸਥਾ ਦੇ ਮੈਨੇਜਰ ਸਰਬਜੀਤ ਸਿੰਘ ਮੋਮੀ ਦੀ ਅਗਵਾਈ ਹੇਠ ਕਰਾਏ ਗਏ ਇਸ ਸੈਮੀਨਾਰ ਦੌਰਾਨ ਨਰਸਿੰਗ ਕਾਲਜ ਦੀਆਂ ਵਿਦਿਆਰਥਣਾਂ ਨੇ ਭਾਗ ਲਿਆ। ਇਸ ਮੌਕੇ ਜੀ ਆਰ ਡੀ ਇੰਟਰਨੈਸ਼ਨਲ ਇੰਸਟੀਚਿਊਟ ਆਫ ਨਰਸਿੰਗ ਦੇ ਪ੍ਰਿੰਸੀਪਲ ਰੇਨੂ ਬਾਲਾ ਤੇ ਵਾਈਸ ਪ੍ਰਿੰਸੀਪਲ ਰਾਜਵਿੰਦਰ ਕੌਰ ਤੋਂ ਇਲਾਵਾ ਬਾਕੀ ਸਟਾਫ ਵੀ ਹਾਜ਼ਰ ਸੀ। ਇਸ ਮੌਕੇ ਮੈਨੇਜਰ ਸਰਬਜੀਤ ਸਿੰਘ ਮੋਮੀ, ਪ੍ਰਿੰਸੀਪਲ ਰੇਨੂ ਬਾਲਾ ਤੇ ਵਾਈਸ ਪ੍ਰਿੰਸੀਪਲ ਰਾਜਵਿੰਦਰ ਕੌਰ ਨੇ ਸੈਮੀਨਾਰ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨਸ਼ਾ ਸਾਡੀ ਜ਼ਿੰਦਗੀ ਨੂੰ ਤਬਾਹ ਕਰ ਦਿੰਦਾ ਹੈ ਤੇ ਸਾਨੂੰ ਨਸ਼ਿਆਂ ਵਰਗੀਆਂ ਭਿਆਨਕ ਅਲਾਮਤਾਂ ਤੋਂ ਹਮੇਸ਼ਾ ਦੂਰ ਰਹਿਣਾ ਚਾਹੀਦਾ ਹੈ ਤੇ ਦੂਸਰਿਆਂ ਨੂੰ ਵੀ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਬਡੀਜ਼ ਪ੍ਰੋਗਰਾਮ ਤਹਿਤ ਜੋ ਨਸ਼ਾ ਵਿਰੋਧੀ ਸੈਮੀਨਾਰ ਕਰਾਉਣ ਦਾ ਟੀਚਾ ਪ੍ਰਾਈਵੇਟ ਨਰਸਿੰਗ ਕਾਲਜਾਂ ਨੂੰ ਦਿੱਤਾ ਹੋਇਆ ਹੈ ਉਸੇ ਤਹਿਤ ਹੀ ਅੱਜ ਦਾ ਇਹ ਵਿਸ਼ੇਸ਼ ਨਸ਼ਾ ਵਿਰੋਧੀ ਸੈਮੀਨਾਰ ਕਰਵਾਇਆ ਗਿਆ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਐਡਮਿਸ਼ਨ ਸੈਲ ਇੰਚਾਰਜ ਲਵਲੀ ਸੈਣੀ, ਮਨਪ੍ਰੀਤ ਕੌਰ , ਤਰੁਣਦੀਪ ਕੌਰ, ਰਮਨਦੀਪ ਕੌਰ, ਗਗਨਦੀਪ ਕੌਰ, ਪ੍ਰਿਅੰਕਾ, ਆਰਤੀ, ਹਰਲੀਨ ਕੌਰ, ਜਸਲੀਨ ਕੌਰ ਤੋਂ ਇਲਾਵਾ ਹੋਰ ਸਟਾਫ ਵੀ ਹਾਜ਼ਰ ਸੀ।

ਫੁੱਟ-ਪਾਊ ਤਾਕਤਾਂ ਨੂੰ ਭਾਂਜ ਦੇਣ ਲਈ 13 ਨੂੰ ਫਿਲੌਰ 'ਚ ਸਦਭਾਵਨਾ ਮਾਰਚ ਕੱਢਣ ਦਾ ਫੈਸਲਾ

ਫਿਲੌਰ (ਬੀ ਐੱਸ ਕੈਨੇਡੀ, ਨਿਰਮਲ)- ਲੋਕ ਇਨਸਾਫ ਮੰਚ ਤਹਿਸੀਲ ਫਿਲੌਰ ਦੀ ਕੋਰ ਕਮੇਟੀ ਦੀ ਮੀਟਿੰਗ ਬੀਤੇ ਦਿਨੀਂ ਪ੍ਰਧਾਨ ਜਰਨੈਲ ਫਿਲੌਰ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਡਾ. ਬੀ.ਆਰ ਅੰਬੇਡਕਰ ਦੇ ਬੁੱਤਾਂ ਦੀ ਵਾਰ-ਵਾਰ ਹੋ ਰਹੀ ਬੇਅਦਬੀ 'ਤੇ ਡੂੰਘੀ ਚਿੰਤਾ ਦਾ ਪ੍ਰਗਟਾਵਾ ਕੀਤਾ ਗਿਆ। ਇਸ ਮੌਕੇ ਲੋਕ ਇਨਸਾਫ ਮੰਚ ਦੀ ਟੀਮ ਵਲੋਂ ਸਮਾਜ ਵਿਚ ਫੁੱਟ ਪਾਊ ਤਾਕਤਾਂ ਨੂੰ ਭਾਂਜ ਦੇਣ ਲਈ 13 ਜੂਨ ਨੂੰ ਫਿਲੌਰ ਵਿੱਚ ਸਮਾਜਿਕ ਸਦਭਾਵਨਾ ਮਾਰਚ ਕੱਢਣ ਦਾ ਫੈਸਲਾ ਕੀਤਾ ਗਿਆ। ਇਸ ਮੌਕੇ ਮੰਚ ਦੇ ਜਨਰਲ ਸਕੱਤਰ ਪਰਸੋਤਮ ਫਿਲੌਰ ਅਤੇ ਮੁੱਖ ਬੁਲਾਰੇ ਐਡਵੋਕੇਟ ਸੰਜੀਵ ਭੌਰਾ ਨੇ ਕਿਹਾ ਕਿ ਕੁੱਝ ਤਾਕਤਾਂ ਸਾਡੇ ਸਮਾਜ ਅਤੇ ਭਾਈਚਾਰਕ ਸਾਂਝ ਨੂੰ ਤੋੜਨ ਲਈ ਵੱਖ-ਵੱਖ ਸਮੇਂ ਵੱਖ ਵੱਖ ਤਰੀਕੇ ਨਾਲ ਕੋਸ਼ਿਸ਼ਾਂ ਕਰ ਰਹੀਆਂ ਹਨ। ਡਾ.ਅੰਬੇਡਕਰ ਦੇ ਬੁੱਤਾਂ ਨਾਲ ਲਗਾਤਾਰ ਬੇਅਦਬੀ ਕਰਕੇ ਕੁੱਝ ਸ਼ਰਾਰਤੀ ਅਨਸਰ ਸਮਾਜਿਕ ਭਾਈਚਾਰਕ ਸਾਂਝ ਨੂੰ ਤੋੜਨਾ ਚਾਹੁੰਦੇ ਹਨ । ਸੋ, ਅਸੀਂ ਭਾਈਚਾਰਕ ਸਾਂਝ ਨੂੰ

ਮਜ਼ਬੂਤ ਰੱਖਣ ਲਈ ਇਕ ਸਮਾਜਿਕ ਸਦਭਾਵਨਾ ਮਾਰਚ ਕੱਢ ਰਹੇ ਹਾਂ। ਉਨ੍ਹਾਂ ਕਿਹਾ ਕਿ ਮਾਰਚ ਵਿੱਚ ਸਾਰੇ ਧਰਮਾਂ ਦੇ ਸਾਥੀਆਂ ਨੂੰ ਜਿਹੜੇ ਸਮਾਜਿਕ ਭਾਈਚਾਰੇ ਦੇ ਹਮਾਇਤੀ ਹਨ, ਹਰ ਉਸ ਵਿਅਕਤੀ ਨੂੰ ਜਿਹੜਾ ਭਾਈਚਾਰਕ ਸਾਂਝ ਵਿੱਚ